ਸੱਚ ਦੀ ਉਭਰਦੀ ਆਵਾਜ਼

ਰੋਜ਼ਾਨਾ ਪੰਜ ਆਬ

www.5aab.media

Rojana 5aab

Sach di ubhardi awaz

ਸੰਪਾਦਕ - ਮਨਜੀਤ ਸਿੰਘ ਭੋਗਲ | ਸਹਿ ਸੰਪਾਦਕ - ਡਾ. ਸੁਰਜੀਤ ਸਿੰਘ ਜਰਮਨੀ

• ਜਰਮਨੀ • ਭਾਰਤ • ਮੰਗਲਵਾਰ 3 ਜੂਨ 2025 • ਸਾਲ 1 • ਅੰਕ 60 • ਪੰਨੇ 8 • Daily online PANJ AAB Newspaper • Germany & India • www.5aab.media

# ਕਾਰ ਤੇ ਟਰੱਕ ਦੀ ਭਿਆਨਕ ਟੱਕਰ ’ਚ 4 ਲੋਕਾਂ ਦੀ ਮੌਕੇ ’ਤੇ ਮੌਤ

## ਕਟਰ ਨਾਲ ਕਾਰ ਵਿਚੋਂ ਕੱਢੀਆਂ ਗਈਆਂ ਲਾਸ਼ਾਂ



**ਮਹੇਂਦਰਗੜ੍ਹ** - ਹਰਿਆਣਾ ਦੇ ਮਹੇਂਦਰਗੜ੍ਹ ’ਚ ਕਾਰ ਤੇ ਇੱਕ ਟਰੱਕ ਦੀ ਭਿਆਨਕ ਟੱਕਰ ਵਿੱਚ ਕਾਰ ਸਵਾਰ 4 ਲੋਕਾਂ ਦੀ ਮੌਕੇ ’ਤੇ ਮੌਤ ਹੋਣ ਦੀ ਖ਼ਬਰ ਹੈ। ਹਾਦਸਾ ਦੇਰ ਰਾਤ 1 ਵਜੇ ਦੇ ਕਰੀਬ ਵਾਪਰਿਆ ਦੱਸਿਆ ਜਾ ਰਿਹਾ ਹੈ। ਪੁਲਿਸ ਨੇ ਮੌਕੇ ’ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਹਸਪਤਾਲ ਭਿਜਵਾ ਦਿੱਤਾ ਹੈ।

ਕਟਰ ਨਾਲ ਕੱਢੀਆਂ ਗਈਆਂ ਲਾਸ਼ਾਂ

ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਪੂਰੀ ਤਰ੍ਹਾਂ ਚਕਨਾਚੂਰ ਹੋ ਗਈ। ਦੋ ਲਾਸ਼ਾਂ ਨੂੰ ਰਾਤ ਨੂੰ ਹੀ ਬਾਹਰ ਕੱਢ ਲਿਆ ਗਿਆ, ਜਦੋਂ ਕਿ ਬਾਕੀ ਦੋ ਲਾਸ਼ਾਂ ਨੂੰ ਸੋਮਵਾਰ ਸਵੇਰੇ ਕਟਰ ਦੀ ਮਦਦ ਨਾਲ ਕਾਰ ਦੀ ਖਿੜਕੀ ਕੱਟ ਕੇ ਬਾਹਰ ਕੱਢਿਆ ਗਿਆ।

ਗੁਰੂਗ੍ਰਾਮ ਦੇ ਰਹਿਣ ਵਾਲੇ ਸਨ ਮ੍ਰਿਤਕ

ਮ੍ਰਿਤਕਾਂ ਦੀ ਪਛਾਣ ਗੌਰਵ ਪੁੱਤਰ ਦਯਾਰਾਮ ਸਿਕੋਪੁਰ ਗੁਰੂਗ੍ਰਾਮ (25 ਸਾਲ), ਸਚਿਨ ਪੁੱਤਰ ਮਨੋਜ ਸਿਕੋਪੁਰ ਗੁਰੂਗ੍ਰਾਮ (26 ਸਾਲ), ਅੰਕਿਤ ਪੁੱਤਰ ਰਕਮ ਸਿੰਘ, ਸਹਾਰਨਪੁਰ, ਉੱਤਰ ਪ੍ਰਦੇਸ਼ (30 ਸਾਲ) ਅਤੇ ਕੰਵਰ ਪਾਲ ਪੁੱਤਰ ਉਦੈ ਭਾਨ, ਫਾਰੂਖਨਗਰ ਗੁਰੂਗ੍ਰਾਮ ਵਜੋਂ ਹੋਈ ਹੈ। ਸਿਟੀ ਪੁਲਿਸ ਸਟੇਸ਼ਨ ਦੇ ਪੁਲਿਸ ਅਧਿਕਾਰੀ ਰਾਕੇਸ਼ ਨੇ ਦੱਸਿਆ ਕਿ ਗੌਰਵ ਮਹਿੰਦਰਗੜ੍ਹ ਜ਼ਿਲ੍ਹੇ ਦੇ ਪਿੰਡ ਨਿੰਭੇੜਾ ਵਿੱਚ ਆਪਣੀ ਮਾਸੀ ਦੀ ਧੀ ਦੇ ਖੂਹ ਪੂਜਾ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਆਇਆ ਸੀ। ਪ੍ਰੋਗਰਾਮ ਵਿੱਚ ਸ਼ਾਮਲ ਹੋਣ ਤੋਂ ਬਾਅਦ, ਸਾਰੇ ਗੁਰੂਗ੍ਰਾਮ ਵਾਪਸ ਆ ਰਹੇ ਸਨ ਜਦੋਂ ਇਹ ਹਾਦਸਾ ਵਾਪਰਿਆ।


# ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਵੱਲੋਂ ਸੂਬੇ ਲਈ ਪ੍ਰਗਤੀਸ਼ੀਲ ਲੈਂਡ ਪੂਲਿੰਗ ਨੀਤੀ ਲਿਆਉਣ ਲਈ ਮਨਜ਼ੂਰੀ

## ਕਿਸਾਨਾਂ ਨੂੰ ਵੱਧ ਅਖ਼ਤਿਆਰ: ਜ਼ੋਰ-ਜ਼ਬਰਦਸਤੀ ਤੋਂ ਛੁਟਕਾਰੇ ਦੇ ਨਾਲ-ਨਾਲ ਪੂਰੀ ਆਜ਼ਾਦੀ ਤੇ 400 ਫੀਸਦੀ ਲਾਭ

**ਚੰਡੀਗੜ੍ਹ** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਕੈਬਨਿਟ ਨੇ ਯੋਜਨਾਬੱਧ ਤੇ ਚਿਰ ਸਥਾਈ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਵਿੱਚ ਨਵੀਂ ਤੇ ਪ੍ਰਗਤੀਸ਼ੀਲ ਲੈਂਡ ਪੂਲਿੰਗ ਨੀਤੀ ਲਿਆਉਣ ਨੂੰ ਪ੍ਰਵਾਨਗੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਅੱਜ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਨਵੀਂ ਨੀਤੀ ਦਾ ਮੰਤਵ ਜ਼ਮੀਨ ਮਾਲਕਾਂ, ਪ੍ਰੋਮੋਟਰਾਂ ਅਤੇ ਕੰਪਨੀਆਂ ਨੂੰ ਵਿਕਾਸ ਪ੍ਰਕਿਰਿਆ ਵਿੱਚ ਭਾਈਵਾਲਾਂ ਵਜੋਂ ਸ਼ਾਮਲ ਕਰਨਾ ਅਤੇ ਜ਼ਮੀਨ ਮਾਲਕਾਂ ਦੀ ਲੈਂਡ ਪੂਲਿੰਗ ਵਿੱਚ ਦਿਲਚਸਪੀ ਵਧਾਉਣਾ ਹੈ। ਇਸ ਸੋਧੀ ਸਕੀਮ ਨੂੰ ਜ਼ਮੀਨ ਮਾਲਕਾਂ ਨੂੰ ਵਧੇਰੇ ਬਦਲ ਮੁਹੱਈਆ ਕਰ ਕੇ ਛੋਟੇ ਅਤੇ ਹਾਸ਼ੀਏ ਉੱਤੇ ਧੱਕੇ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਤਰਕਸੰਗਤ ਬਣਾਇਆ ਗਿਆ ਹੈ, ਜਿਸ ਨਾਲ ਸੂਬੇ ਵਿੱਚ ਗਰੁੱਪ ਹਾਊਸਿੰਗ ਅਤੇ



ਯੋਜਨਾਬੱਧ ਵਿਕਾਸ ਨੂੰ ਹੋਰ ਹੁਲਾਰਾ ਮਿਲੇਗਾ ਤਾਂ ਜੋ ਆਖ਼ਰਕਾਰ ਆਮ ਆਦਮੀ ਨੂੰ ਲਾਭ ਪਹੁੰਚ ਸਕੇ। ਇਸ ਨੀਤੀ ਨੂੰ ਸਮੁੱਚੀ ਪ੍ਰਕਿਰਿਆ ਵਿੱਚ ਹਰੇਕ ਭਾਈਵਾਲ ਨੂੰ ਜੋੜ ਦੇ ਸਰਬਪੱਖੀ ਵਿਕਾਸ ਯਕੀਨੀ ਬਣਾਉਣ ਲਈ ਘੜਿਆ ਗਿਆ ਹੈ।

ਇਹ ਨਵੀਂ ਨੀਤੀ ਸੂਬੇ ਵਿੱਚ ਵੱਡੀ ਤਬਦੀਲੀ ਦਾ ਸਬੱਬ ਬਣੇਗੀ ਕਿਉਂਕਿ ਇਹ ਕਿਸਾਨਾਂ ਨੂੰ ਵੱਡੇ ਲਾਭ ਪ੍ਰਦਾਨ ਕਰੇਗੀ। ਕਿਸਾਨਾਂ ਦਾ ਹੋਰ ਸ਼ੋਸ਼ਣ ਨਹੀਂ ਹੋਵੇਗਾ ਅਤੇ ਇਸ ਨੀਤੀ ਤਹਿਤ ਕਿਸਾਨਾਂ ਨੂੰ ਸਿੱਧੇ ਤੌਰ ’ਤੇ ਕਰੋੜਾਂ ਰੁਪਏ ਦਾ ਲਾਭ ਹੋਵੇਗਾ। ਕੋਈ ਵੀ ਨਿੱਜੀ ਡਿਵੈਲਪਰ ਜਾਂ ਭੂ-ਮਾਫੀਆ ਕਿਸਾਨਾਂ ਦਾ ਸ਼ੋਸ਼ਣ ਨਹੀਂ ਕਰ ਸਕਦਾ ਕਿਉਂਕਿ ਨੀਤੀ ਇਹ ਯਕੀਨੀ ਬਣਾਉਂਦੀ ਹੈ ਕਿ ਕਿਸਾਨਾਂ ਨੂੰ ਪ੍ਰਾਈਵੇਟ ਡਿਵੈਲਪਰਾਂ ਦੁਆਰਾ ਕੀਤੇ ਜਾਣ ਵਾਲੇ ਸ਼ੋਸ਼ਣ ਤੋਂ ਸੁਰੱਖਿਅਤ ਰੱਖਿਆ ਜਾਵੇ।

ਇਸ ਨੀਤੀ ਤਹਿਤ ਪੂਰਾ ਅਧਿਕਾਰ ਕਿਸਾਨ ਕੋਲ ਹੈ ਅਤੇ ਇਹ 100 ਫੀਸਦੀ ਕਿਸਾਨ ਦਾ ਫੈਸਲਾ ਹੋਵੇਗਾ ਕਿ ਸਰਕਾਰ ਨੂੰ ਜ਼ਮੀਨ ਦੇਣੀ ਹੈ ਜਾਂ ਨਹੀਂ। ਕਿਸਾਨ ਜਾਂ ਤਾਂ ਆਪਣੀ ਜ਼ਮੀਨ ਰੱਖ ਸਕਦੇ ਹਨ ਅਤੇ ਖੇਤੀ ਜਾਰੀ ਰੱਖ ਸਕਦੇ ਹਨ ਜਾਂ ਇਸ ਨੂੰ ਵੇਚਣ ਦੀ ਚੋਣ ਕਰ ਸਕਦੇ ਹਨ। ਪਹਿਲਾਂ ਵਾਂਗ ਜ਼ਬਰਦਸਤੀ ਕੋਈ ਜ਼ਮੀਨ ਐਕੁਆਇਰ ਨਹੀਂ ਹੋਵੇਗੀ।

ਕਿਸਾਨ ਦੀ ਲਿਖਤੀ ਸਹਿਮਤੀ (ਐਨ.ਓ.ਸੀ.) ਤੋਂ ਬਿਨਾਂ ਕੋਈ ਕਾਰਵਾਈ ਨਹੀਂ ਹੋਵੇਗੀ ਅਤੇ ਜ਼ਮੀਨ ਸਿੱਧੇ ਤੌਰ ਤੇ ਸਰਕਾਰ ਨੂੰ ਦਿੱਤੀ ਜਾਵੇਗੀ, ਪ੍ਰਾਈਵੇਟ ਡਿਵੈਲਪਰਾਂ ਨੂੰ ਨਹੀਂ। ਸਰਕਾਰ ਜ਼ਮੀਨ ਦਾ ਪੂਰੀ ਤਰ੍ਹਾਂ ਵਿਕਾਸ ਕਰੇਗੀ ਅਤੇ ਕਿਸਾਨਾਂ ਨੂੰ ਪਲਾਟ ਵਾਪਸ ਕਰੇਗੀ ਅਤੇ ਇਨ੍ਹਾਂ ਪਲਾਟਾਂ ਵਿੱਚ ਸੜਕਾਂ, ਬਿਜਲੀ ਅਤੇ ਪਾਣੀ ਦੇ ਕੁਨੈਕਸ਼ਨ, ਸੀਵਰੇਜ ਪਾਈਪ, ਸਟਰੀਟ ਲਾਈਟਾਂ ਅਤੇ ਪਾਰਕ ਵਰਗੀਆਂ ਸਾਰੀਆਂ ਸਹੂਲਤਾਂ ਸ਼ਾਮਲ ਹੋਣਗੀਆਂ।

ਇਨ੍ਹਾਂ ਪਲਾਟਾਂ ਦੀ ਕੀਮਤ ਮਾਰਕੀਟ ਭਾਅ ਤੋਂ ਚਾਰ ਗੁਣਾ ਵੱਧ ਹੋਵੇਗੀ। ਹਰੇਕ ਕਿਸਾਨ ਨੂੰ ਸਰਕਾਰ ਤੋਂ ਇਕ ਲਿਖਤੀ ਦਸਤਾਵੇਜ਼ ਪ੍ਰਾਪਤ ਹੋਵੇਗਾ ਅਤੇ ਇਸ ਪੱਤਰ ਵਿੱਚ ਕਿਸਾਨ ਦੇ ਪੂਰੇ ਹੱਕ ਦਾ ਸਪੱਸ਼ਟ ਤੌਰ ’ਤੇ ਜ਼ਿਕਰ ਹੋਵੇਗਾ। ਕਿਸਾਨ 500 ਵਰਗ ਗਜ਼ ਦੇ ਦੋ ਪਲਾਟ ਪ੍ਰਾਪਤ ਕਰਨ ਦੀ ਚੋਣ ਕਰ ਸਕਦੇ ਹਨ ਅਤੇ ਕਿਸਾਨਾਂ ਨੂੰ ਉਹ ਪਲਾਟ ਰੱਖਣ ਜਾਂ ਵੇਚਣ ਦੀ ਪੂਰੀ ਆਜ਼ਾਦੀ ਹੋਵੇਗੀ। ਲਾਭ ਸਿਰਫ਼ ਇਕ ਏਕੜ ਤੱਕ ਸੀਮਿਤ ਨਹੀਂ ਹੈ ਅਤੇ ਕਿਸਾਨ ਜਿੰਨੀ ਜ਼ਿਆਦਾ ਦਾ ਯੋਗਦਾਨ ਪਾਉਂਦਾ ਹੈ, ਉਨਾ ਹੀ ਜ਼ਿਆਦਾ ਮੁਨਾਫ਼ਾ ਹੋਵੇਗਾ।

ਇਸ ਤੋਂ ਇਲਾਵਾ ਭਾਈਵਾਲੀ ਰਾਹੀਂ ਵਾਧੂ ਲਾਭ ਹੋਣਗੇ ਕਿਉਂਕਿ ਜੇ ਕੋਈ ਕਿਸਾਨ ਨੌਂ ਏਕੜ ਦਾ ਯੋਗਦਾਨ ਪਾਉਂਦਾ ਹੈ ਤਾਂ ਉਸ ਨੂੰ ਤਿੰਨ ਏਕੜ ਵਿਕਸਤ ਗਰੁੱਪ ਹਾਊਸਿੰਗ ਜ਼ਮੀਨ ਮਿਲੇਗੀ। ਜੇ ਕਈ ਕਿਸਾਨ (ਬਾਕੀ 2 ਤੇ)

# ਭੂ-ਮਾਫੀਆ ਲਈ ਝਟਕਾ ਅਤੇ ਕਿਸਾਨਾਂ ਲਈ ਗੇਮ-ਚੇਂਜਰ ਹੈ ‘ਲੈਂਡ ਪੂਲਿੰਗ ਸਕੀਮ’- ‘ਆਪ’ ਕਿਸਾਨ ਵਿੰਗ ਪ੍ਰਧਾਨ

## ਲੈਂਡ ਪੂਲਿੰਗ ਸਕੀਮ ਕਿਸਾਨ-ਕੇਂਦ੍ਰਿਤ ਅਤੇ ਪਾਰਦਰਸ਼ੀ, ਇਹ ਸਿਰਫ਼ ਭੂ-ਮਾਫੀਆ ਅਤੇ ਭ੍ਰਿਸ਼ਟ ਸਿਆਸਤਦਾਨਾਂ ਨੂੰ ਕਰੇਗੀ ਪ੍ਰਭਾਵਿਤ- ਆਪ ਨੇਤਾ

**ਚੰਡੀਗੜ੍ਹ** - ਪੰਜਾਬ ਦੇ ਕਿਸਾਨਾਂ ਨੂੰ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਇੱਕ ਇਤਿਹਾਸਕ ਕਦਮ ਚੁੱਕਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਉਨ੍ਹਾਂ ਲਈ ਕ੍ਰਾਂਤੀਕਾਰੀ ਲੈਂਡ ਪੂਲਿੰਗ ਸਕੀਮ ਲੈ ਕੇ ਆਈ ਹੈ। ‘ਆਪ’ ਕਿਸਾਨ ਵਿੰਗ ਦੇ ਪ੍ਰਧਾਨ ਅਤੇ ਵਿਧਾਇਕ ਜਗਤਾਰ ਸਿੰਘ ਦੁਆਰਾ ਪੇਸ਼ ਕੀਤੀ ਗਈ ਇਹ ਸਕੀਮ ਕਿਸਾਨਾਂ ਦੇ ਜੀਵਨ ਨੂੰ ਸਿੱਧੇ ਅਤੇ ਮਹੱਤਵਪੂਰਨ ਵਿੱਤੀ ਲਾਭਾਂ ਨੂੰ ਯਕੀਨੀ ਬਣਾ ਕੇ ਬਦਲਣ ਦਾ ਵਾਅਦਾ ਕਰਦੀ ਹੈ, ਨਾਲ ਹੀ ਪਿਛਲੀਆਂ ਸਰਕਾਰਾਂ ਦੌਰਾਨ ਰਾਜ ਵਿੱਚ ਭੂ-ਮਾਫੀਆ ਗਤੀਵਿਧੀਆਂ ਨੂੰ ਰੋਕ ਲਗਾਉਂਦੀ ਹੈ।



‘ਆਪ’ ਨੇਤਾ ਨੇ ਕਿਹਾ ਕਿ ਇਸ ਸਕੀਮ ਦੇ ਤਹਿਤ, ਜੇਕਰ ਕੋਈ ਕਿਸਾਨ ਸਰਕਾਰ ਨੂੰ ਇੱਕ ਏਕੜ ਜ਼ਮੀਨ ਦਿੰਦਾ ਹੈ, ਤਾਂ ਉਸਨੂੰ ਬਦਲੇ ਵਿੱਚ ਲਗਭਗ 1,000 ਵਰਗ ਗਜ਼ ਦਾ ਰਿਹਾਇਸ਼ੀ ਪਲਾਟ ਅਤੇ 200 ਵਰਗ ਗਜ਼ ਦਾ ਕਮਰਸ਼ੀਅਲ ਪਲਾਟ ਮਿਲੇਗਾ। ਸਰਕਾਰ ਇਸ ਜ਼ਮੀਨ ’ਤੇ ਆਧੁਨਿਕ ਬੁਨਿਆਦੀ ਢਾਂਚਾ ਵਿਕਸਤ ਕਰੇਗੀ, ਜਿਸ ਵਿੱਚ ਸੜਕਾਂ, ਬਿਜਲੀ, ਪਾਣੀ ਦੇ ਕੁਨੈਕਸ਼ਨ, ਸੀਵਰੇਜ ਸਿਸਟਮ, ਸਟਰੀਟ ਲਾਈਟਾਂ ਅਤੇ ਪਾਰਕ ਸ਼ਾਮਲ ਹਨ।

ਜਗਤਾਰ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਵਿਲੱਖਣ ਵਿੱਤੀ ਲਾਭ ਮਿਲਣਗੇ। ਖੇਤੀਬਾੜੀ ਵਾਲੀ ਜ਼ਮੀਨ ਲਈ ਮੌਜੂਦਾ ਕੁਲੈਕਟਰ ਰੇਟ 30 ਲੱਖ ਰੁਪਏ ਪ੍ਰਤੀ ਏਕੜ ਹੈ, ਜਿਸ ਦੀ ਬਾਜ਼ਾਰ ਕੀਮਤ 1 ਕਰੋੜ ਰੁਪਏ ਤੋਂ 1.25 ਕਰੋੜ ਰੁਪਏ ਪ੍ਰਤੀ ਏਕੜ ਹੈ। ਹਾਲਾਂਕਿ, ਵਿਕਾਸ ਤੋਂ ਬਾਅਦ, ਕਿਸਾਨਾਂ ਨੂੰ ਦਿੱਤੇ ਗਏ ਰਿਹਾਇਸ਼ੀ ਪਲਾਟਾਂ ਦੀ ਕੀਮਤ ਲਗਭਗ 3 ਕਰੋੜ ਰੁਪਏ (30,000 ਰੁਪਏ ਪ੍ਰਤੀ ਵਰਗ ਗਜ਼) ਅਤੇ ਵਪਾਰਕ ਪਲਾਟਾਂ ਦੀ ਕੀਮਤ 1.2 ਕਰੋੜ ਰੁਪਏ (200 ਵਰਗ ਗਜ਼ ਲਈ 60,000 ਰੁਪਏ ਪ੍ਰਤੀ ਵਰਗ ਗਜ਼) ਹੋਵੇਗੀ। ਇਸ ਦਾ ਮਤਲਬ ਹੈ ਕਿ ਪ੍ਰਤੀ ਏਕੜ ਕੁੱਲ ਕੀਮਤ 4.2 ਕਰੋੜ ਰੁਪਏ ਹੈ, ਜੋ ਕਿ ਮੌਜੂਦਾ ਬਾਜ਼ਾਰ ਦਰ ਤੋਂ ਤਿੰਨ ਤੋਂ ਚਾਰ ਗੁਣਾ ਜ਼ਿਆਦਾ ਹੈ, ਜੋ ਕਿਸਾਨਾਂ ਲਈ ਮਹੱਤਵਪੂਰਨ ਅਤੇ ਸਿੱਧੇ ਵਿੱਤੀ ਲਾਭ ਨੂੰ ਯਕੀਨੀ ਬਣਾਉਂਦਾ ਹੈ।

ਵਿੱਤੀ ਲਾਭਾਂ ਤੋਂ ਇਲਾਵਾ, ਲੈਂਡ ਪੂਲਿੰਗ ਸਕੀਮ ਕਿਸਾਨਾਂ ਲਈ ਕਈ ਮੁੱਖ ਫ਼ਾਇਦੇ ਯਕੀਨੀ ਬਣਾਉਂਦੀ ਹੈ। ਇਹ ਮਾਲਕੀ ਦੀ ਗਰੰਟੀ ਦਿੰਦੀ ਹੈ, ਕਿਸਾਨਾਂ ਨੂੰ ਆਪਣੇ ਵਿਕਸਤ ਪਲਾਟਾਂ ਨੂੰ ਆਪਣੀ ਮਰਜ਼ੀ ਅਨੁਸਾਰ ਵੇਚਣ, ਲੀਜ਼ ’ਤੇ ਲੈਣ ਜਾਂ ਵਰਤਣ ਦੀ ਪੂਰੀ ਖ਼ੁਦਮੁਖ਼ਤਿਆਰੀ ਦਿੰਦਾ ਹੈ। ਅਨੁਪਾਤੀ ਲਾਭ ਵੱਡੇ ਯੋਗਦਾਨਾਂ ਲਈ ਇੱਕ ਉਚਿੱਤ ਰਿਟਰਨ ਯਕੀਨੀ ਬਣਾਉਂਦੇ ਹਨ; ਉਦਾਹਰਨ ਵਜੋਂ, ਨੌਂ ਏਕੜ ਦਾ ਯੋਗਦਾਨ ਪਾਉਣ ਵਾਲੇ ਕਿਸਾਨਾਂ ਨੂੰ ਤਿੰਨ ਏਕੜ ਵਿਕਸਤ ਜ਼ਮੀਨ ਮਿਲੇਗੀ, ਜਦੋਂ ਕਿ 50 ਏਕੜ ਦਾ ਯੋਗਦਾਨ ਪਾਉਣ ਵਾਲੇ ਸਮੂਹਾਂ ਨੂੰ ਸਮੂਹਿਕ ਤੌਰ ’ਤੇ 30 ਏਕੜ ਮਿਲੇਗੀ, ਜਿਸ ਨੂੰ ਅਨੁਪਾਤਕ ਤੌਰ ’ਤੇ ਵੰਡਿਆ ਜਾਵੇਗਾ। ਇਸ ਤੋਂ ਇਲਾਵਾ, ਸਕੀਮ ਵਿੱਚ ਤਿੰਨ ਸਾਲਾਂ ਦੇ ਵਿਕਾਸ ਪੜਾਅ ਦੌਰਾਨ ਪ੍ਰਤੀ ਏਕੜ 30,000 ਰੁਪਏ ਦੇ ਅਨੁਸਾਰ ਸਮੇਂ ਸਿਰ ਮੁਆਵਜ਼ੇ ਦੀ ਵਿਵਸਥਾ ਵੀ ਹੈ, ਜਿਸ ਵਿੱਚ ਸਰਕਾਰ ਦਾ ਟੀਚਾ ਜਿੱਥੇ ਵੀ ਸੰਭਵ ਹੋਵੇ 1 ਤੋਂ 1.5 ਸਾਲਾਂ ਦੇ ਅੰਦਰ ਇਸ ਪ੍ਰਕਿਰਿਆ ਨੂੰ ਪੂਰਾ ਕਰਨਾ ਹੈ।

ਜਗਤਾਰ ਸਿੰਘ ਨੇ ਦੱਸਿਆ ਕਿ ਇਹ ਸਕੀਮ ਸਿੱਧੇ ਤੌਰ ’ਤੇ ਭੂ-ਮਾਫੀਆ ਅਤੇ ਭ੍ਰਿਸ਼ਟ ਰਾਜਨੀਤਿਕ ਨੇਤਾਵਾਂ ਦੁਆਰਾ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਸ਼ੋਸ਼ਣ ਨੂੰ (ਬਾਕੀ 2 ਤੇ)

### ਲੁਧਿਆਣਾ ਪੱਛਮੀ ਜ਼ਿਮਨੀ ਚੋਣ - ਨਾਮਜ਼ਦਗੀਆਂ ਦੇ ਆਖਰੀ ਦਿਨ 8 ਨਾਮਜ਼ਦਗੀ ਪੱਤਰ ਦਾਖ਼ਲ : ਸਿਬਿਨ ਸੀ

**ਚੰਡੀਗੜ੍ਹ** - ਪੰਜਾਬ ਵਿਧਾਨ ਸਭਾ ਦੀ 64-ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀਆਂ ਦੇ ਆਖਰੀ ਦਿਨ 8 ਨਾਮਜ਼ਦਗੀ ਪੱਤਰ ਦਾਖਲ ਹੋਏ ਹਨ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ 64-ਲੁਧਿਆਣਾ ਪੱਛਮੀ ਸੀਟ ਲਈ ਅੱਜ ਭਾਰਤੀ ਜਨਤਾ ਪਾਰਟੀ ਤੋਂ ਉਮੀਦਵਾਰ ਜੀਵਨ ਗੁਪਤਾ ਅਤੇ ਸੁਨੀਤਾ ਰਾਨੀ (ਕਵਰਿੰਗ ਉਮੀਦਵਾਰ) ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸ਼ ?ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਨਵਨੀਤ ਕੁਮਾਰ ਨੇ ਨਾਮਜ਼ਦਗੀ ਦਾਖ਼ਲ ਕੀਤੀ ਹੈ। ਉੱਥੇ ਹੀ 5 ਆਜ਼ਾਦ ਉਮੀਦਵਾਰਾਂ ਹਰਮਿੰਦਰ ਅਰੋੜਾ, ਭੋਲਾ ਸਿੰਘ, ਰੇਨੂੰ, ਪਵਨਦੀਪ ਸਿੰਘ ਅਤੇ ਗੁਰਦੀਪ ਸਿੰਘ ਕਾਹਲੋਂ ਵੱਲੋਂ ਨਾਮਜ਼ਦਗੀ ਭਰੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀ ਭਰਨ ਵਾਲੇ ਕੁੱਲ ਉਮੀਦਵਾਰਾਂ ਦੀ ਗਿਣਤੀ 22 ਹੋ ਗਈ ਹੈ। (ਬਾਕੀ 2 ਤੇ)

# ਕੁਲਦੀਪ ਸਿੰਘ ਗੜਗੱਜ 6 ਜੂਨ ਨੂੰ ਕੌਮ ਨੂੰ ਸੰਦੇਸ਼ ਦੇਣਗੇ ਤਾਂ ਹੋਵੇਗਾ ਟਕਰਾਅ, ਦਮਦਮੀ ਟਕਸਾਲ ਦੇ ਮੁਖੀ ਦਾ ਬਿਆਨ

**ਚੰਡੀਗੜ।** ਜੂਨ 1984 ਦੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਮੌਕੇ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਣ ਵਾਲੇ ਸ਼ਹੀਦੀ ਸਮਾਗਮ ਵਿੱਚ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਿੱਖ ਕੌਮ ਦੇ ਨਾਂ ਸੰਦੇਸ਼ ਜਾਰੀ ਕਰਨ ਤੇ ਦਮਦਮੀ ਟਕਸਾਲ ਦੇ ਮੁਖੀ ਦਾ ਬਿਆਨ ਆਇਆ ਹੈ।



ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਉਨ੍ਹਾਂ ਦਾ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ ਸੀ ਅਤੇ ਉਸ ਨੂੰ ਅਟਲ ਰੱਖਿਆ ਹੈ। ਇਸ ਮਗਰੋਂ ਪੈਦਾ ਹੋਈ ਸੰਕਟ ਦੀ ਸਥਿਤੀ ਨੂੰ ਹੱਲ ਕਰਨ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇੱਕ ਵਫ਼ਦ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਚ ਉਨ੍ਹਾਂ ਨਾਲ ਮੁਲਾਕਾਤ ਕੀਤੀ।

ਕਰੀਬ 2 ਘੰਟੇ ਤੱਕ ਚਲੀ ਮੀਟਿੰਗ ਤੋਂ ਬਾਅਦ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਨੇ ਕਿਹਾ ਸ਼੍ਰੀ ਅਕਾਲ ਤਖਤ ਸਾਹਿਬ ਤੇ ਜਥੇਦਾਰ ਦੀ ਨਿਯੁਕਤੀ ਅਤੇ ਉਹਨਾਂ ਨੂੰ ਸੇਵਾ ਮੁਕਤ ਕਰਨਾ ਸ਼੍ਰੋਮਣੀ ਕਮੇਟੀ ਦਾ ਅਧਿਕਾਰ ਹੈ। ਜਿਸ ਤਰੀਕੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਗਾਇਆ ਗਿਆ ਤੇ ਰਾਤ ਦੇ ਸਮੇਂ ਉਹਨਾਂ ਨੂੰ ਅਹੁਦੇ ਤੇ ਬਿਠਾਇਆ ਗਿਆ ਉਹ ਮਰਿਆਦਾ ਦਾ ਘਾਣ ਹੈ। ਕਿਉਂਕਿ ਜਦੋਂ ਕਿਸੇ ਜਥੇਦਾਰ ਦੀ ਨਿਯੁਕਤੀ ਹੁੰਦੀ ਹੈ ਤਾਂ ਸਾਰੀਆਂ ਸੰਪਰਦਾਵਾਂ ਸਿੱਖ ਜਥੇਬੰਦੀਆਂ ਤੇ ਟਕਸਾਲ ਜਾ ਕੇ ਉਹਨਾਂ ਦੀ ਦਸਤਾਰ ਬੰਦੀ ਕਰਦੀਆਂ ਹਨ। ਰਾਤ ਦੇ ਸਮੇਂ ਉਹਨਾਂ ਦੀ ਇਸ ਤਰੀਕੇ ਦਸਤਾਰਬੰਦੀ ਕਰਨੀ ਮਰਿਆਦਾ ਦੀ ਉਲੰਘਣਾ ਹੈ।

ਹਰਨਾਮ ਸਿੰਘ ਖਾਲਸਾ ਨੇ ਕਿਹਾ ਹੈ ਕਿ ਅਗਰ ਗਿਆਨੀ ਕੁਲਦੀਪ ਸਿੰਘ ਗੜਗੱਜ 6 ਜੂਨ ਨੂੰ ਅਕਾਲ ਤਖਤ ਸਾਹਿਬ ਤੋਂ ਕੌਮ ਦੇ ਨਾਮ ਸੰਦੇਸ਼ ਪੜ੍ਹਦੇ ਹੈ ਤਾਂ ਟਕਰਾਵ ਦੀ ਸਥਿਤੀ ਪੈਦਾ ਹੋ ਸਕਦੀ ਹੈ ਉਹਨਾਂ ਕਿਹਾ ਕਿ ਜਿਸ ਨੂੰ ਕੌਮ ਸਰਬ ਪ੍ਰਵਾਣ ਕਰੇਗੀ ਉਸਨੂੰ ਹੀ ਜਥੇਦਾਰ ਲਗਾਇਆ ਜਾਵੇ ਅਤੇ ਉਹੀ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਸੰਦੇਸ਼ ਦੇਵੇ। ਨਹੀਂ ਤਾਂ ਟਕਰਾਵ ਹੋ ਸਕਦਾ ਹੈ। ਦੂਜੇ ਪਾਸੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੇ ਵਿੱਚ ਟਕਸਾਲ ਦੀ ਇੱਕ ਬਹੁਤ ਮਹੱਤਤਾ ਹੈ ਅਤੇ ਅਸੀਂ ਟਕਸਾਲ ਦਾ ਸਤਿਕਾਰ ਕਰਦੇ ਹਾਂ ਉਹਨਾਂ ਕਿਹਾ ਕਿ ਅੱਜ ਬਹੁਤ ਹੀ ਵਧੀਆ ਮਾਹੌਲ ਦੇ ਵਿੱਚ ਬਾਬਾ ਹਰਨਾਮ ਸਿੰਘ ਖਾਲਸਾ ਜੀ ਨਾਲ ਮੀਟਿੰਗ ਹੋਈ ਹੈ। ਅਤੇ ਇੱਕ ਦੋ ਦਿਨ ਦੇ ਵਿੱਚ ਇਸ ਮਸਲੇ ਦਾ ਹੱਲ ਕੱਢ ਲਿੱਤਾ ਜਾਵੇਗਾ।

# ਦਵਿੰਦਰ ਕੌਰ ਫਾਊਂਡੇਸ਼ਨ ਵੱਲੋਂ "ਕੌਮ ਦੇ ਵਾਰਿਸ" ਨਾਮਕ ਇਕ ਵਿਸ਼ੇਸ਼ ਸਨਮਾਨ ਸਮਾਰੋਹ

**ਦਿੱਲੀ /ਸਿਮਰਨਜੀਤ ਸਿੰਘ ਮੱਕੜ**

ਦਵਿੰਦਰ ਕੌਰ ਫਾਊਂਡੇਸ਼ਨ ਵੱਲੋਂ "ਕੌਮ ਦੇ ਵਾਰਿਸ" ਨਾਮਕ ਇਕ ਵਿਸ਼ੇਸ਼ ਸਨਮਾਨ ਸਮਾਰੋਹ 25 ਮਈ 2025 ਨੂੰ ਓਮੈਕਸ ਚੌਕ, ਚਾਨਣੀ ਚੌਕ (ਦਾਵਤਪੁਰ), ਦਿੱਲੀ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ CBSE 2025 ਦੀਆਂ ਕਲਾਸ ਦਸਵੀਂ ਤੇ ਬਾਰਵੀਂ ਦੀਆਂ ਪਰੀਖਿਆਵਾਂ ਵਿੱਚ ਪੰਜਾਬੀ ਭਾਸ਼ਾ ਵਿੱਚ 90% ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਦਿੱਲੀ ਦੇ ਵੱਖ-ਵੱਖ ਸਕੂਲਾਂ ਤੋਂ 350 ਤੋਂ ਵੱਧ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਭਾਗ ਲਿਆ। ਹਰ ਵਿਦਿਆਰਥੀ ਨੂੰ ਮੈਡਲ, ਸਰਟੀਫਿਕੇਟ ਅਤੇ ਗਿਫਟ ਹੈਮਪਰ ਦੇ ਕੇ ਉਨ੍ਹਾਂ ਦੀ ਅਕਾਦਮਿਕ ਉਪਲਬਧੀ ਅਤੇ ਮਾਂ-ਬੋਲੀ ਨਾਲ ਪਿਆਰ ਨੂੰ ਸਨਮਾਨਿਤ ਕੀਤਾ ਗਿਆ।

ਇਹ ਸਿਰਫ਼ ਅਕਾਦਮਿਕ ਕਾਮਯਾਬੀ ਦਾ ਸਨਮਾਨ ਨਹੀਂ ਸੀ, ਸਗੋਂ ਪੰਜਾਬੀ ਭਾਸ਼ਾ ਅਤੇ ਸੱਭਿਆਚਾਰਕ ਪਛਾਣ ਨਾਲ ? ਜੁੜੇ ਜਜ਼ਬੇ ਦੀ ਕਦਰ ਸੀ। ਪੰਜਾਬੀ ਸਿਰਫ਼ ਮਾਂ-ਬੋਲੀ ਨਹੀਂ, ਸਗੋਂ ਆਤਮ-ਸਨਮਾਨ , ਪਛਾਣ ਅਤੇ ਸਭਿਆਚਾਰਕ ਕਦਰਾਂ ਕੀਮਤਾਂ ਦੀ ਪਰਤ ਦਰ ਪਰਤ ਵਿਆਖਿਆ ਹੈ। ਜੇ ਜਨਰੇਸ਼ਨ ➢ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਿਆ ਜਾਵੇ, ਤਾਂ ਉਹ ਨਾ ਸਿਰਫ਼ ਭਾਸ਼ਾ ਨੂੰ ਬਚਾ ਸਕਦੇ ਹਨ, ਸਗੋਂ ਉਸਦੇ ਪਸਾਰੇ ਨੂੰ ਹੋਰ ਉੱਚਾਈਆਂ ਤੱਕ ਲੈ ਜਾ ਸਕਦੇ ਹਨ।

ਇਸ ਸਮਾਗਮ ਵਿੱਚ ਮਾਪੇ, ਅਧਿਆਪਕ ਅਤੇ ਸਮਾਜ ਸੇਵਕ ਵੀ ਹਾਜ਼ਰ ਹੋਏ, ਜਿਨ੍ਹਾਂ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ।

ਡਾ. ਅਵਨੀਤ ਕੌਰ ਭਾਟੀਆ, ਜੋ ਇਸ ਸਮਾਰੋਹ ਦੀ ਆਯੋਜਕ ਰਹੀ, ਉਹਨਾਂ ਨੇ ਕਿਹਾ:“ਇਹ ਸਮਾਰੋਹ ਸਿਰਫ਼ ਇਨਾਮਾਂ ਦੀ ਵੰਡ ਨਹੀਂ ਸੀ, ਇਹ ਮਾਂ-ਬੋਲੀ ਪੰਜਾਬੀ ਲਈ ਇੱਕ ਅਹਿਸਾਸ, ਇੱਕ ਜ਼ਿੰਮੇਵਾਰੀ ਸੀ। ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਸਾਡੀ ਪਹਿਚਾਣ ਹੈ। ਜਦ ਤੱਕ ਅਸੀਂ ਆਪਣੇ ਬੱਚਿਆਂ ਨੂੰ ਆਪਣੀ ਮੂਲ ਭਾਸ਼ਾ ਨਾਲ ਜੋੜਦੇ ਰਹਾਂਗੇ, ਸਾਡੀ ਸਭਿਆਚਾਰਕ ਵਿਰਾਸਤ ਮਜਬੂਤ ਰਹੇਗੀ।"




ਉਨ੍ਹਾਂ ਅੱਗੇ ਕਿਹਾ ਕਿ ਪੰਜਾਬੀ ਲਈ ਜੋਸ਼ ਅਤੇ ਰੁਝਾਨ ਦੇਖ ਕੇ ਉਨ੍ਹਾਂ ਨੂੰ ਉਮੀਦ ਹੈ ਕਿ ਭਵਿੱਖ ਵਿੱਚ ਪੰਜਾਬੀ ਨਵੀਆਂ ਉੱਚਾਈਆਂ ਤੱਕ ਪਹੁੰਚੇਗੀ। ਇਸ ਪ੍ਰੋਗਰਾਮ ਦੇ ਸਹਿਯੋਗੀ ਗਿਫਟਿੰਗ ਪਾਰਟਨਰ ਸਨ: Rosa Herbalcare ਅਤੇ Cornitos ਇਹ ਸਮਾਰੋਹ ਸਿਰਫ਼ ਇੱਕ ਇਵੈਂਟ ਨਹੀਂ ਸੀ — ਇਹ ਇੱਕ ਜਜ਼ਬਾ ਸੀ, ਇੱਕ ਅੰਦੋਲਨ ਸੀ — ਪੰਜਾਬੀ ਭਾਸ਼ਾ, ਸਿੱਖਿਆ ਅਤੇ ਨਵੀਂ ਪੀੜ੍ਹੀ ਨੂੰ ਇਕੱਠੇ ਲਿਆਉਂਦਾ ਇੱਕ ਉਮੀਦ ਭਰਿਆ ਪਲ ਸੀ ।

# ‘ਯੁੱਧ ਨਸ਼ਿਆਂ ਵਿਰੁਧ’ ਦਾ 93ਵਾਂ ਦਿਨ: 1.5 ਕਿਲੋ ਹੈਰੋਇਨ ਸਮੇਤ 98 ਨਸ਼ਾ ਤਸਕਰ ਗ੍ਰਿਫ਼ਤਾਰ

**ਚੰਡੀਗੜ੍ਹ** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸੂਬੇ ਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਸ਼ੁਰੂ ਕੀਤੀ ਨਸ਼ਿਆਂ ਵਿਰੁੱਧ ਮੁਹਿੰਮ “ਯੁੱਧ ਨਸ਼ਿਆਂ ਵਿਰੁਧ”ਦੇ 93ਵੇਂ ਦਿਨ , ਪੰਜਾਬ ਪੁਲਿਸ ਨੇ ਸੋਮਵਾਰ ਨੂੰ 98 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.5 ਕਿਲੋ ਹੈਰੋਇਨ, 2508 ਨਸ਼ੀਲੀਆਂ ਗੋਲੀਆਂ ਅਤੇ 3900 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਦੇ ਨਾਲ, ਮਹਿਜ਼ 93 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 15,117 ਹੋ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲਿਹਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ-ਕਮੇਟੀ ਦਾ ਗਠਨ ਵੀ ਕੀਤਾ ਹੈ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 93 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1400 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 510 ਥਾਵਾਂ ’ਤੇ ਛਾਪੇਮਾਰੀ ਕੀਤੀ ਹੈ, ਜਿਸ ਦੌਰਾਨ ਸੂਬੇ ਭਰ ਵਿੱਚ 77 ਐਫਆਈਆਰਜ਼ ਦਰਜ ਕੀਤੀਆਂ ਗਈਆਂ । ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ (ਬਾਕੀ 2 ਤੇ)

# ਪਾਵਰਲਿਫਟਰ ਪਰਦੀਪ ਘਈ ਵੱਲੋਂ ਖਿਡਾਰੀਆਂ ਨੂੰ ਕ੍ਰਿਕਟ ਕਿਟਾਂ ਲਈ ਰਾਸ਼ੀ ਭੇਟ

**ਨਡਾਲਾ /ਡਾਕਟਰ ਧਰਮਪਾਲ ਸ਼ਾਰਦਾ**



ਕੌਮਾਂਤਰੀ ਪਾਵਰਲਿਫਟਰ ਤੇ ਕਾਂਗਰਸ ਯੂਥ ਵਿੰਗ ਦੇ ਜ਼ਿਲਾ ਜਨਰਲ ਸਕੱਤਰ ਪਰਦੀਪ ਘਈ ਨੇ ਨਡਾਲਾ ਕਾਲਜ ਦੀ ਗਰਾਂਊਡ ਵਿੱਚ ਖੇਡਦੇ ਕ੍ਰਿਕਟ ਖਿਡਾਰੀਆਂ ਨੂੰ ਹੋਰ ਉਤਸ਼ਾਹਿਤ ਕਰਦਿਆਂ ,ਕ੍ਰਿਕਟ ਕਿਟਾਂ ਲਈ ਆਰਥਿਕ ਰਾਸ਼ੀ ਭੇਂਟ ਕੀਤੀ ਗਈ। ਰਾਸ਼ੀ ਭੇਂਟ ਕਰਦਿਆਂ ਪਰਦੀਪ ਘਈ ਨੇ ਆਖਿਆ ਕਿ ਅਜੋਕੇ ਸਮੇਂ ਦੀ ਨੌਜਵਾਨ ਪੀੜੀ ਵੱਲੋਂ ਖੇਡ ਗਤੀਵਿਧੀਆਸ਼ ਵਿੱਚ ਭਾਗ ਲੈਣਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ , ਖੇਡਾਂ ਖੇਡਣ ਨਾਲ ਜਿੱਥੇ ਸਰੀਰ ਫਿੱਟ ਰਹਿੰਦਾ ਹੈ ਉਥੇ ਇਹ ਨਸ਼ਿਆਂ ਵਰਗੀ ਭੈੜੀ ਅਲਾਮਤ ਤੋ ਵੀ ਬਚੇ ਰਹਿੰਦੇ ਹਨ ਉਨਾ ਹੋਰਨਾ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜੁੜਣ ਲਈ ਪ੍ਰੇਰਿਤ ਕਰਨ ਤਾਂ ਜੋ ਬੱਚਿਆਂ ਦਾ ਭੱਵਿਖ ਉਜਵਲ ਹੋ ਸਕੇ ।ਪਰਦੀਪ ਘਈ ਨੇ ਆਖਿਆ ਕਿ ਉਹ ਅੱਗੇ ਤੋ ਵੀ ਨੋਜਵਾਨ ਖਿਡਾਰੀਆਂ ਨੂੰ ਉਤਸ਼ਾਹਿਤ ਕਰਦੇ ਰਹਿਣਗੇ।

# ਸ੍ਰ: ਸਵਿੰਦਰ ਸਿੰਘ ਭੱਟੀ, ਲੈਬਾਰਟਰੀ ਟੈਕਨੀਸ਼ੀਅਨ ਗ੍ਰੇਡ -1 ਹੋਏ ਸੇਵਾ ਮੁਕਤ

**ਅੰਮ੍ਰਿਤਸਰ**



ਸਿਵਲ ਹਸਪਤਾਲ ਵਿਖੇ ਮਲੇਰੀਆ ਲੈਬਾਰਟਰੀ ਵਿੱਚ ਕੰਮ ਕਰ ਰਹੇ ਸ੍ਰ: ਸਵਿੰਦਰ ਸਿੰਘ ਭੱਟੀ, ਐਮ ਐਲ ਟੀ ਗ੍ਰੇਡ 1, ਆਪਣੀ 58 ਵਰ੍ਹੇ ਉਮਰ ਪੂਰੀ ਹੋਣ ਤੇ ਸਰਕਾਰੀ ਸੇਵਾਵਾਂ ਤੋਂ ਸੇਵਾ ਮੁਕਤ ਹੋ ਗਏ=ਇਸ ਮੌਕੇ ਤੇ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾਕਟਰ ਸਵਰਨਜੀਤ ਧਵਨ, ਐਸ ਐਮ ਓ ਡਾਕਟਰ ਰਸ਼ਮੀ ਵਿੱਜ, ਡਾਕਟਰ ਪ੍ਰੀਤਵੀਨ ਕੌਰ ਮੁਖੀ ਬੇਹੋਸ਼ੀ ਵਿਭਾਗ ਅਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ (ਸਿਹਤ ਵਿਭਾਗ) ਦੇ ਸਟੇਟ ਪ੍ਰਧਾਨ ਆਚਾਰੀਆ ਗੁਰੂ ਮੀਤ, ਸੁਪਰਟੈਂਡੰਟ ਸਿਵਲ ਹਸਪਤਾਲ ਨੇ ਹਸਪਤਾਲ ਦੇ ਬਾਕੀ ਮੈਡੀਕਲ ਤੇ ਪੈਰਾ ਮੈਡੀਕਲ ਸਟਾਫ਼ ਸਹਿਤ ਸ੍ਰ: ਸਵਿੰਦਰ ਸਿੰਘ ਭੱਟੀ ਨੂੰ ਨਿੱਘੀ ਵਿਦਾਇਗੀ ਦਿੱਤੀ। ਇਸ ਮੌਕੇ ਤੇ ਮਲੇਰੀਆ ਲੈਬਾਰਟਰੀ ਦੇ ਟੈਕਨੀਸ਼ੀਅਨ ਸ੍ਰੀਮਤੀ ਹਰਜਿੰਦਰ ਕੌਰ, ਲਖਵਿੰਦਰ ਸਿੰਘ ਅਤੇ ਹੋਰ ਟੈਕਨੀਸ਼ੀਅਨ ਸ੍ਰੀਮਤੀ ਨੀਨਾ ਰਾਮਪਾਲ, ਸ੍ਰੀਮਤੀ ਪੂਨਮ, ਸੁਮੀਰ ਸ਼ਰਮਾਂ, ਡਾਕਟਰ ਨਵਨੀਤ ਕੌਰ, ਡਾਕਟਰ ਦਲਜੀਤ ਕੌਰ, ਡਾਕਟਰ ਰਵੀ ਤੇਜਪਾਲ, ਆਈ ਡੀ ਐੱਸ ਪੀ ਤੋਂ ਸ੍ਰੀਮਤੀ ਸਿਮਰਜੀਤ ਕੌਰ , ਜੋਤੀ, ਅਤੇ ਮੇਟਰਨ ਸ੍ਰੀਮਤੀ ਰਾਜ ਕੌਰ, ਸ੍ਰੀਮਤੀ ਜਗਜੀਤ ਕੌਰ, ਸ੍ਰੀਮਤੀ ਅਮਨ ਭੋਮਾ, ਯੂਨਿਸ ਮਸੀਹ, ਵਿਨੋਦ ਕੁਮਾਰ, ਕਿਰਨਦੀਪ ਕੌਰ ਸਟਾਫ ਨਰਸ ਆਦਿ ਸਾਰਾ ਸਟਾਫ਼ ਸ਼ਾਮਿਲ ਹੋਇਆ ਅਤੇ ਸਾਰਿਆਂ ਨੇ ਸਵਿੰਦਰ ਸਿੰਘ ਭੱਟੀ ਨੂੰ ਨਿੱਘੀ ਵਿਦਾਇਗੀ ਤੇ ਸ਼ੁੱਭਕਾਮਨਾਵਾਂ ਦਿੱਤੀਆਂ।

# ਨਸ਼ਾ ਤਸਕਰਾਂ ਦੇ ਲੱਕ ਤੋੜੇਗੀ, ਸਰਕਾਰ ਦੀ "ਯੁੱਧ ਨਸ਼ਿਆ ਵਿਰੁੱਧ " ਮੁਹਿੰਮ - ਆਪ ਆਗੂ



**ਨਡਾਲਾ /ਡਾਕਟਰ ਧਰਮਪਾਲ ਸ਼ਾਰਦਾ**

ਪੰਜਾਬ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ÷ ਯੁੱਧ ਨਸ਼ਿਆਂ ਵਿਰੁੱਧ÷ ਮੁਹਿੰਮ ਪੰਜਾਬ ਦੀ ਰੰਗਲੀ ਜਵਾਨੀ ਨੂੰ ਤਬਾਹ ਕਰਨ ਵਾਲੇ ਨਸ਼ੇ ਤਸਕਰਾਂ ਦੇ ਲੱਕ ਤੋੜ ਕੇ ਰੱਖ ਦੇਵੇਗੀ ਇਨਾ ਸ਼ਬਦਾਂ ਦਾ ਪ੍ਰਗਟਾਵਾ ਐਸਸੀ ਵਿੰਗ ਦੇ ਜ਼ਿਲਾ ਪ੍ਰਧਾਨ ਤੇ ਪਰਵਾਸੀ ਭਾਰਤੀ ਦਲਵਿੰਦਰ ਸਿੰਘ ਜਰਮਨੀ , ਬਲਾਕ ਪ੍ਰਧਾਨ ਸੰਨੀ ਨਡਾਲਾ, ਤੇ ਪਰਵਾਸੀ ਭਾਰਤੀ ਬਾਦਲ ਨਡਾਲਾ ਨੇ ਕੀਤਾ। ਉਨਾ ਆਖਿਆ ਕਿ ਸਰਕਾਰ ਜਿੱਥੇ ਨਸ਼ਿਆਂ ਦੇ ਖਾਤਮੇ ਲਈ , ਇਸ ਕੰਮ ਚ ਸ਼ਾਮਲ ਤਸਕਰਾਂ ਨੂੰ ਫੜ ਕੇ ਜੇਲ ?ਾ ਅੰਦਰ ਡੱਕ ਰਹੀ ਹੈ ਉੱਥੇ ਉਨਾ ਵੱਲੋਂ ਡਰੱਗ ਮਨੀ ਤਹਿਤ ਬਣਾਈਆਂ ਜਾਇਦਾਦਾ ਤੇ ਪੀਲਾ ਪੰਜਾ ਵੀ ਚਲਾ ਰਹੀ ਹੈ ।ਆਗੂਆ ਨੇ ਆਖਿਆ ਕਿ ਆਪ ਦੇ ਹਲਕਾ ਇੰਚਾਰਜ਼ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਵੱਲੋਂ ਹਲਕੇ ਚ ਸਿੱਖਿਆ ਦੇ ਪ੍ਰਸਾਰ ਨੂੰ ਲੈ ਕੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਰੋਜ਼ਾਨਾ ਦਰਜ਼ਨਾ ਪਿੰਡਾਂ ਵਿੱਚ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਜਾ ਰਹੇ ਹਨ ਜੋ ਕਿ ਇੱਕ ਬਹੁਤ ਹੀ ਸ਼ਲਾਘਾ ਯੋਗ ਕਦਮ ਹੈ। ਆਗੂਆਂ ਨੇ ਲੋਕਾ ਨੂੰ ਅਪੀਲ ਕੀਤੀ ਕਿ ਉਹ ਵੀ ਸਰਕਾਰ ਦੀ ਇਸ ਮੁਹਿੰਮ ਨੂੰ ਸਹਿਯੋਗ ਦੇਕੇ ਕਾਮਯਾਬ ਕਰੋ

# ਖੇਤੀਬਾੜੀ ਮਸ਼ੀਨਰੀ ਸਬਸਿਡੀ 'ਤੇ ਮੁਹੱਈਆ ਕਰਵਾਉਣ ਲਈ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਕੱਢੇ ਡਰਾਅ

## ਕਿਸਾਨਾਂ ਨੂੰ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਦੀ ਕੀਤੀ ਅਪੀਲ

**ਜਲੰਧਰ**

ਜ਼ਿਲ੍ਹੇ ਵਿੱਚ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਸੀ.ਆਰ.ਐਮ. ਅਤੇ ਸਮੈਮ ਸਕੀਮ ਅਧੀਨ ਕਿਸਾਨਾਂ ਅਤੇ ਕਸਟਮ ਹਾਇਰਿੰਗ ਸੈਂਟਰਾਂ ਨੂੰ ਖੇਤੀਬਾੜੀ ਮਸ਼ੀਨਰੀ ਸਬਸਿਡੀ 'ਤੇ ਮੁਹੱਈਆ ਕਰਵਾਉਣ ਲਈ ਅੱਜ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਕਾਰਜਕਾਰਨੀ ਕਮੇਟੀ ਵੱਲੋਂ ਡਰਾਅ ਕੱਢੇ ਗਏ।



ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਸਮੇਤ ਜ਼ਿਲ੍ਹਾ ਪੱਧਰੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਵਿਚ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਮਸ਼ੀਨਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਕਰਾਪ ਰੈਜ਼ੀਡਿਊ ਮੈਨੇਜਮੈਂਟ (ਸੀ.ਆਰ.ਐਮ.) ਸਕੀਮ 2025-26 ਤਹਿਤ ਖੇਤੀਬਾੜੀ ਵਿਭਾਗ ਦੇ ਆਨਲਾਈਨ ਪੋਰਟਲ agrimachinerypb.co✡ 'ਤੇ 22 ਅਪ੍ਰੈਲ 2025 ਤੋਂ 12 ਮਈ 2025 ਤੱਕ ਅਰਜ਼ੀਆਂ ਪ੍ਰਾਪਤ ਕੀਤੀਆਂ ਗਈਆਂ ਸਨ।

ਡਾ. ਅਗਰਵਾਲ ਨੇ ਦੱਸਿਆ ਕਿ ਉਪਲਬਧ ਫੰਡਜ਼ ਅਤੇ ਟੀਚਿਆਂ ਅਨੁਸਾਰ ਸਕੀਮ ਅਧੀਨ ਵਿਅਕਤੀਗਤ ਕਿਸਾਨਾਂ ਵੱਲੋਂ ਪ੍ਰਾਪਤ ਅਰਜ਼ੀਆਂ ਦਾ ਡਰਾਅ ਕੱਢਦੇ ਹੋਏ 154 ਵੱਖ-ਵੱਖ ਮਸ਼ੀਨਾਂ ਅਤੇ 38 ਕਸਟਮ ਹਾਇਰਿੰਗ ਗਰੁੱਪਾਂ ਨੂੰ ਮਸ਼ੀਨਾਂ ਖ਼ਰੀਦਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਏ ਬਿਨਾਂ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਪਰਾਲੀ ਦਾ ਖੇਤ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ ਦੀ ਅਪੀਲ ਕੀਤੀ।

ਇਸ ਦੇ ਨਾਲ ਸਬ-ਮਿਸ਼ਨ ਆਨ ਐਗਰੀਕਲਚਰ ਮੈਕੇਨਾਈਜ਼ੇਸ਼ਨ (ਸਮੈਮ) ਸਕੀਮ ਤਹਿਤ ਵੀ ਕਿਸਾਨਾਂ ਵੱਲੋਂ ਪੋਰਟਲ 'ਤੇ ਪ੍ਰਾਪਤ ਅਰਜ਼ੀਆਂ ਦੇ ਡਰਾਅ ਕੱਢੇ ਗਏ, ਜਿਸ ਦੌਰਾਨ ਵਿਅਕਤੀਗਤ ਕਿਸਾਨਾਂ ਨੂੰ 57 ਵੱਖ-ਵੱਖ ਮਸ਼ੀਨਾਂ ਅਤੇ 12 ਕਸਟਮ ਹਾਇਰਿੰਗ ਸੈਂਟਰਾਂ ਨੂੰ ਮਸ਼ੀਨਰੀ ਖ਼ਰੀਦਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਕੀਮ ਅਧੀਨ ਜ਼ਿਲ੍ਹੇ ਵਿਚ ਝੋਨੇ ਦੀ ਬਦਲਵੀਆਂ ਫ਼ਸਲਾਂ ਜਿਵੇਂ ਮੱਕੀ ਨੂੰ ਉਤਸ਼ਾਹਿਤ ਕਰਨ ਲਈ 78 ਨਿਊਮੈਟਿਕ ਪਲਾਂਟਰਾਂ ਨੂੰ ਪਹਿਲ ਦੇ ਆਧਾਰ 'ਤੇ ਪ੍ਰਵਾਨ ਕੀਤਾ ਗਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਸਕੀਮਾਂ ਅਧੀਨ ਲਾਭਪਾਤਰੀਆਂ ਨੂੰ ਵਿਭਾਗ ਦੀਆਂ ਹਦਾਇਤਾਂ ਅਨੁਸਾਰ 14 ਦਿਨ ਦੇ ਅੰਦਰ-ਅੰਦਰ ਮਸ਼ੀਨਾਂ ਖ਼ਰੀਦਣ ਦਾ ਸਮਾਂ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਕੀਮ ਸਬੰਧੀ ਵਧੇਰੇ ਜਾਣਕਾਰੀ ਲਈ ਕਿਸਾਨ ਆਨਲਾਈਨ ਪੋਰਟਲ ਜਾਂ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ, ਦਫ਼ਤਰ ਖੇਤੀਬਾੜੀ ਇੰਜੀਨੀਅਰ (ਸੰਦ) ਜਲੰਧਰ ਜਾਂ ਖੇਤੀਬਾੜੀ ਬਲਾਕ ਦਫ਼ਤਰਾਂ ਨਾਲ ਰਾਬਤਾ ਕਰ ਸਕਦੇ ਹਨ ।

ਮੀਟਿੰਗ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਰਣਧੀਰ ਸਿੰਘ ਠਾਕੁਰ, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਵਿੰਦਰ ਜੀਤ ਸਿੰਘ, ਖੇਤੀਬਾੜੀ ਇੰਜੀਨੀਅਰ ਇੰਜ. ਹਰਚਰਨ ਸਿੰਘ, ਜਸਵੀਰ ਸਿੰਘ ਢੀਂਡਸਾ, ਲੀਡ ਬੈਂਕ ਮੈਨੇਜਰ ਮੋਹਨ ਸਿੰਘ ਮੋਤੀ, ਅਗਾਂਹਵਾਧੂ ਕਿਸਾਨ ਸੁਖਵੰਤ ਸਿੰਘ ਅਤੇ ਸੁਖਵੀਰ ਸਿੰਘ ਪਿੰਡ ਹਸਨ ਮੁੰਡਾ ਬਲਾਕ ਜਲੰਧਰ ਪੱਛਮੀ, ਜੂਨੀਅਰ ਤਕਨੀਸ਼ੀਅਨ ਰਮਨ ਕੁਮਾਰ ਅਤੇ ਸੁਖ਼ਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

# ਮੁੰਡਾ ਪਿੰਡ ਸਥਿਤ ਗੁ ਖੂਹ ਬਾਬੇ ਵਾਲਾ ਵਿਖੇ ਗੁਰਮਤਿ ਸਮਾਗਮ 4 ਜੂਨ ਬੁੱਧਵਾਰ ਨੂੰ

**ਫਤਿਆਬਾਦ/ ਹੀਰਾ ਸਿੰਘ ਸੇਠੀ**




ਦੇਸ਼ ਵਿਦੇਸ਼ ਵਿਚ ਕਥਾ ਰਾਹੀਂ ਸਿੱਖ ਸੰਗਤਾ ਨੂੰ ਗੁਰਬਾਣੀ ਨਾਲ ਜੋੜ ਰਹੇ ਬਾਬਾ ਬਿੱਧੀ ਚੰਦ ਜੀ ਦੀ ਅੰਸ ਬੰਸ ਚੋ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲਿਆ ਨੇ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੌਵੇ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਗੁਰਪੁਰਬ ਅਤੇ ਬਾਬਾ ਬਿੱਧੀ ਚੰਦ ਸੰਪ੍ਰਦਾਇ ਦੇ ਅਨਮੋਲ ਹੀਰੇ ਸੰਤ ਬਾਬਾ ਅਮਰਜੀਤ ਸਿੰਘ ਜੀ ਦੀ 16ਵੀਂ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ ਚਾਰ ਜੂਨ ਬੁਧਵਾਰ ਸਵੇਰੇ 11 ਤੋ 4 ਵਜੇ ਤੱਕ ਹੋਣਗੇ ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਸਿੰਘ ਸਾਹਿਬਾਨ ਗਿਆਨੀ ਰਘਬੀਰ ਸਿੰਘ,ਸਿੰਘ ਸਾਹਿਬਾਨ ਗਿਆਨੀ ਸੁਲਤਾਨ ਸਿੰਘ, ਸ਼ ?ੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਹਰਜਿੰਦਰ ਸਿੰਘ ਧਾਮੀ ਤੋ ਇਲਾਵਾ ਪੰਥ ਪ੍ਰਸਿਧ ਰਾਗੀ ਢਾਡੀ ਅਤੇ ਕਵੀਸ਼ਰੀ ਜਥੇ ਹਾਜਰ ਸੰਗਤਾ ਨੂੰ ਗੁਰਬਾਣੀ ਨਾਲ ਜੋੜਣਗੇ। ਸ਼ਾਮ ਨੂੰ ਪੰਜ ਵਜੇ ਕਬੱਡੀ ਦੀਆਂ ਵਰਲਡ ਫੇਮਸ ਟੀਮਾਂ ਦਾ ਮੈਚ ਹੋਵੇਗਾ।

# ਲਾਲਪੁਰਾ ਦੀ ਅਗਵਾਈ ਹੇਠ ਲਾਲਪੁਰਾ ਇਕਾਈ ਦੀ ਮਹੀਨਾ ਵਾਰੀ ਵਿਸ਼ੇਸ ਮੀਟਿੰਗ ਹੋਈ

**ਫਤਿਆਬਾਦ/ ਹੀਰਾ ਸਿੰਘ ਸੇਠੀ**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਖਡੂਰ ਸਾਹਿਬ ਦੇ ਅਧੀਨ ਆਉਂਦੇ ਇਕਾਈ ਲਾਲਪੁਰਾ ਚ ਕਿਸਾਨ ਆਗੂ ਪਾਖਰ ਸਿੰਘ ਲਾਲਪੁਰਾ ਦੀ ਅਗਵਾਈ ਵਿੱਚ ਮਹੀਨਾਵਾਰੀ ਮੀਟਿੰਗ ਕੀਤੀ ਗਈ ।ਮੀਟਿੰਗ ਵਿੱਚ ਵੱਖ ਵੱਖ ਮੁੱਦਿਆਂ ਉਪੱਰ ਵਿਚਾਰ ਚਰਚਾ ਕੀਤੀ। ਇਸ ਮੌਕੇ ਤੇ ਉਹਨਾਂ ਨੇ ਜੱਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ,ਪਿੰਡਾਂ ਵਿੱਚ ਫੰਡਾ ਦੀ ਸਥਿੱਤੀ,ਅਤੇ ਪਿੰਡ ?



# ਪੇਜ਼ ਇੱਕ ਦਾ ਬਾਕੀ

ਮੁੱਖ ਮੰਤਰੀ ...

ਸਰਕਾਰ ਲਈ 50 ਏਕੜ ਜ਼ਮੀਨ ਇਕੱਠੀ ਕਰਦੇ ਹਨ ਤਾਂ ਉਨ੍ਹਾਂ ਨੂੰ ਬਦਲੇ ਵਿੱਚ 30 ਏਕੜ ਪੂਰੀ ਤਰ੍ਹਾਂ ਵਿਕਸਤ ਜ਼ਮੀਨ ਮਿਲੇਗੀ। ਇਹ ਨੀਤੀ ਭੂਮੀ ਮਾਫ਼ੀਆ ਰਾਜ ਦੇ ਅੰਤ ਅਤੇ ਗੈਰ-ਕਾਨੂੰਨੀ ਕਲੋਨੀਆਂ ਤੇ ਪੂਰੀ ਤਰ੍ਹਾਂ ਪਾਬੰਦੀ ਲਾਉਣ ਦੀ ਵਿਵਸਥਾ ਕਰਦੀ ਹੈ।

ਕਲੋਨੀਆਂ ਨੂੰ ਜਾਰੀ ਲਾਇਸੰਸਾਂ ਦੇ ਅੰਸ਼ਕ ਸਮਰਪਣ ਅਤੇ ਅੰਸ਼ਕ ਰੱਦ ਕਰਨ ਨੂੰ ਪ੍ਰਵਾਨਗੀ

ਮੰਤਰੀ ਮੰਡਲ ਨੇ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪਾਪਰਾ), 1995 ਦੇ ਤਹਿਤ ਕਲੋਨੀਆਂ ਨੂੰ ਜਾਰੀ ਕੀਤੇ ਗਏ ਲਾਇਸੈਂਸਾਂ ਦੇ ਅੰਸ਼ਕ ਸਮਰਪਣ ਅਤੇ ਅੰਸ਼ਕ ਰੱਦ ਕਰਨ ਦੀ ਮਨਜ਼ੂਰੀ ਦੇ ਦਿੱਤਦੀ ਹੈ। ਇਸ ਦੇ ਨਾਲ ਹੀ ਵਜ਼ਾਰਤ ਨੇ ਉਦਯੋਗਿਕ ਪਾਰਕ ਪ੍ਰੋਜੈਕਟਾਂ ਨੂੰ ਜਾਰੀ ਕੀਤੀਆਂ ਗਈਆਂ ਪ੍ਰਵਾਨਗੀਆਂ ਦੇ ਅੰਸ਼ਕ ਰੱਦ ਕਰਨ ਨੂੰ ਵੀ ਆਪਣੀ ਸਹਿਮਤੀ ਦੇ ਦਿੱਤੀ ਹੈ।

ਇਸ ਬਾਰੇ ਇਕ ਨੀਤੀ 10 ਮਾਰਚ, 2025 ਨੂੰ ਨੋਟੀਫਾਈ ਕੀਤੀ ਗਈ ਸੀ ਜੋ ਪਾਪਰਾ ਐਕਟ ਅਧੀਨ ਕਲੋਨੀਆਂ ਵਿਕਸਤ ਕਰਨ ਲਈ ਲਾਇਸੈਂਸਾਂ ਦੇ ਸਮਰਪਣ ਅਤੇ ਉਦਯੋਗਿਕ ਪਾਰਕਾਂ ਲਈ ਪ੍ਰਵਾਨਗੀਆਂ ਨਾਲ ਸਬੰਧਤ ਹੈ। ਇਹ ਫੈਸਲਾ ਕੁਝ ਸ਼ਰਤਾਂ ਅਧੀਨ ਲਾਇਸੰਸਸ਼ੁਦਾ ਖੇਤਰਾਂ ਦੇ ਅੰਸ਼ਕ ਸਮਰਪਣ ਦੇ ਨਾਲ-ਨਾਲ ਅਜਿਹੇ ਪ੍ਰਾਜੈਕਟਾਂ ਲਈ ਲਾਇਸੈਂਸਾਂ ਨੂੰ ਅੰਸ਼ਕ ਮੁਅੱਤਲ ਜਾਂ ਰੱਦ ਕਰਨ ਦੀ ਆਗਿਆ ਦੇਵੇਗਾ।

ਪਲਾਟਾਂ ਦੀ ਯਕਮੁਸ਼ਤ ਅਦਾਇਗੀ ਕਰਨ ਵਾਲੇ ਅਲਾਟੀਆਂ ਲਈ ਰਿਆਇਤਾਂ ਨੂੰ ਪ੍ਰਵਾਨਗੀ

ਰਿਹਾਇਸ਼ੀ, ਵਪਾਰਕ ਅਤੇ ਹੋਰ ਜਾਇਦਾਦਾਂ ਦੇ ਪਲਾਟਾਂ ਦੇ ਅਲਾਟੀਆਂ ਅਤੇ ਬੋਲੀਕਾਰਾਂ ਨੂੰ ਕੁੱਲ ਰਕਮ ਦੀ 75 ਫੀਸਦੀ ਰਕਮ ਦੀ ਯਕਮੁਸ਼ਤ ਅਦਾਇਗੀ ਕਰਨ ਲਈ ਉਤਸ਼ਾਹਿਤ ਕਰਨ ਵਾਸਤੇ ਮੰਤਰੀ ਮੰਡਲ ਨੇ ਅਲਾਟੀਆਂ ਨੂੰ ਕਈ ਰਿਆਇਤਾਂ ਦੇਣ ਦੀ ਪ੍ਰਵਾਨਗੀ ਦੇ ਦਿੱਤੀ। ਅਲਾਟੀਆਂ ਨੂੰ ਯਕਮੁਸ਼ਤ ਅਦਾਇਗੀ ਦੇ ਬਦਲੇ ਪਲਾਟ/ਸਾਈਟ ਦੀ ਕੀਮਤ 'ਤੇ 15 ਫੀਸਦੀ ਛੋਟ ਦਿੱਤੀ ਜਾਵੇਗੀ। ਇਸ ਫੈਸਲੇ ਨਾਲ ਸੂਬਾ ਸਰਕਾਰ ਨੂੰ ਇਕੋ ਵੇਲੇ ਆਮਦਨ ਇਕੱਠੀ ਹੋਵੇਗੀ ਅਤੇ ਅਜਿਹੇ ਮਾਮਲਿਆਂ ਵਿੱਚ ਡਿਫਾਲਟਰਾਂ ਦੀ ਸੂਚੀ ਵੀ ਘਟੇਗੀ।

ਸੂਬੇ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਈ.ਡੀ.ਸੀ., ਸੀ.ਐਲ.ਯੂ. ਵਿੱਚ ਵਾਧੇ ਨੂੰ ਪ੍ਰਵਾਨਗੀ

ਮਾਲੀਆ ਪੈਦਾ ਕਰਕੇ ਸੂਬੇ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਦੇ ਮਨੋਰਥ ਨਾਲ ਮੰਤਰੀ ਮੰਡਲ ਨੇ ਰੀਅਲ ਅਸਟੇਟ ਪ੍ਰੋਮੋਟਰਾਂ 'ਤੇ ਲਾਗੂ ਹੁੰਦੀਆਂ ਬਾਹਰੀ ਵਿਕਾਸ ਦਰਾਂ (ਈ.ਡੀ.ਸੀ.), ਜ਼ਮੀਨ ਵਰਤੋਂ ਬਾਰੇ ਤਬਦੀਲੀ (ਸੀ.ਐਲ.ਯੂ.) ਦੀਆਂ ਦਰਾਂ, ਲਾਇਸੈਂਸ ਫੀਸ (ਐਲ.ਐਫ.) ਅਤੇ ਹੋਰ ਦਰਾਂ ਨੂੰ ਵਧਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ।

ਇਨ੍ਹਾਂ ਪ੍ਰਮੋਟਰਾਂ ਨੂੰ ਪਾਪਰਾ ਅਧੀਨ ਕਲੋਨੀਆਂ ਦੇ ਨਾਲ-ਨਾਲ ਪੰਜਾਬ ਸਰਕਾਰ ਦੀ ਮੈਗਾ ਪ੍ਰੋਜੈਕਟ ਨੀਤੀ ਅਧੀਨ ਮੈਗਾ ਪ੍ਰੋਜੈਕਟਾਂ ਲਈ ਬਾਹਰੀ ਵਿਕਾਸ ਚਾਰਜ (ਈ.ਡੀ.ਸੀ) ਜਮ ?ਾਂ ਕਰਨ ਦੀ ਲੋੜ ਹੁੰਦੀ ਹੈ। ਇਨ੍ਹਾਂ ਦਰਾਂ ਵਿੱਚ ਤਬਦੀਲੀ ਕਰਨ ਲਈ ਆਖਰੀ ਵਾਰ 06 ਮਈ, 2016 ਨੂੰ ਨੋਟੀਫਾਈ ਕੀਤਾ ਗਿਆ ਸੀ ਜਿਸ ਵਿੱਚ ਇਹ ਧਾਰਾ ਵੀ ਜੋੜੀ ਗਈ ਸੀ ਕਿ ਇਕ ਅਪ੍ਰੈਲ ਤੋਂ ਹਰ ਸਾਲ 10 ਫੀਸਦੀ ਦੀ ਦਰ ਨਾਲ ਇਨ੍ਹਾਂ ਦਰਾਂ ਵਿੱਚ ਵਾਧਾ ਹੋਵੇਗਾ।

ਹਾਲਾਂਕਿ, ਕੁਝ ਸਾਲਾਂ ਲਈ ਸਰਕਾਰ ਨੇ ਇਸ ਵਾਧੇ ਨੂੰ ਮੁਆਫ ਕਰ ਦਿੱਤਾ ਸੀ। ਇਨ੍ਹਾਂ ਦਰਾਂ ਵਿੱਚ ਇਕ ਅਪ੍ਰੈਲ, 2020 ਤੋਂ ਵਾਧਾ ਕੀਤਾ ਗਿਆ ਸੀ ਅਤੇ ਸਾਲ 2016 ਤੋਂ ਲਗਭਗ 77 ਫੀਸਦੀ ਦਾ ਵਾਧਾ ਹੋਇਆ ਹੈ। ਇਸ ਫੈਸਲੇ ਨਾਲ ਸੀ.ਐਲ.ਯੂ. ਦਰਾਂ, ਈ.ਡੀ.ਸੀ. ਦਰਾਂ ਅਤੇ ਲਾਇਸੰਸ ਫੀਸ ਵਿੱਚ ਇਕ ਅਪ੍ਰੈਲ, 2026 ਤੋਂ ਹਰੇਕ ਸਾਲ 10 ਫੀਸਦੀ ਦਾ ਵਾਧਾ ਹੋਵੇਗਾ।

ਭੂ ਮਾਫੀਆ ਲਈ ...

ਨਿਸ਼ਾਨਾ ਬਣਾਉਂਦੀ ਹੈ। ਸਿੰਘ ਨੇ ਕਿਹਾ, 'ਪਿਛਲੀਆਂ ਸਰਕਾਰਾਂ ਨੇ ਭੂ-ਮਾਫੀਆ ਨੂੰ ਮੁਨਾਫ਼ਾ ਕਮਾਉਣ ਦੀ ਇਜਾਜ਼ਤ ਦਿੱਤੀ ਜਦੋਂ ਕਿ ਕਿਸਾਨਾਂ ਨੂੰ ਮੂੰਗਫਲੀ ਦੇ ਬਰਾਬਰ ਲਾਭ ਵੀ ਨਹੀਂ ਮਿਲਿਆ। ਇਹ ਸਕੀਮ ਯਕੀਨੀ ਬਣਾਉਂਦੀ ਹੈ ਕਿ ਲਾਭ ਸਿੱਧੇ ਕਿਸਾਨਾਂ ਦੀਆਂ ਜੇਬਾਂ ਵਿੱਚ ਜਾਵੇ।'

ਉਨ੍ਹਾਂ ਨੇ ਸਿਆਸੀ ਵਿਰੋਧੀਆਂ, ਖ਼ਾਸ ਕਰਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਜਾ ਰਹੇ ਝੂਠੇ ਪ੍ਰਚਾਰ ਦੀ ਵੀ ਆਲੋਚਨਾ ਕੀਤੀ। ਸਰਕਾਰ ਵੱਲੋਂ ਕਿਸਾਨਾਂ ਤੋਂ ਜ਼ਮੀਨ ਖੋਹਣ ਦੀ ਯੋਜਨਾ ਦੇ ਦੋਸ਼ਾਂ ਦਾ ਹਵਾਲਾ ਦਿੰਦੇ ਹੋਏ, 'ਆਪ' ਨੇਤਾ ਨੇ ਭਰੋਸਾ ਦਿੱਤਾ ਕਿ ਇਹ ਨੀਤੀ ਪੂਰੀ ਤਰ੍ਹਾਂ ਕਿਸਾਨਾਂ ਦੀ ਸਹਿਮਤੀ 'ਤੇ ਅਧਾਰਿਤ ਹੈ। ਉਨ੍ਹਾਂ ਕਿਹਾ, ÷ਕਿਸਾਨਾਂ ਤੋਂ ਲਿਖਤੀ ਸਰਟੀਫਿਕੇਟ (ਐਨਓਸੀ) ਤੋਂ ਬਿਨਾਂ ਕੋਈ ਵੀ ਜ਼ਮੀਨ ਪ੍ਰਾਪਤ ਨਹੀਂ ਕੀਤੀ ਜਾਵੇਗੀ। ਇਹ ਪਹਿਲਾਂ ਵਾਂਗ ਜ਼ਬਰਦਸਤੀ ਨਹੀਂ ਹੈ ਸਗੋਂ ਇੱਕ ਪਾਰਦਰਸ਼ੀ ਅਤੇ ਕਿਸਾਨ-ਕੇਂਦ੍ਰਿਤ ਪਹਿਲ ਹੈ।'

ਜਗਤਾਰ ਸਿੰਘ ਨੇ ਕਿਹਾ ਕਿ ਇਸ ਨਵੀਂ ਸਕੀਮ ਵਿੱਚ ਅਣਅਧਿਕਾਰਤ ਕਲੋਨੀਆਂ ਨੂੰ ਖਤਮ ਕਰਨ ਅਤੇ ਗੈਰ-ਕਾਨੂੰਨੀ ਜ਼ਮੀਨੀ ਵਿਕਾਸ ਨੂੰ ਰੋਕਣ ਲਈ ਸਖ਼ਤ ਉਪਾਅ ਸ਼ਾਮਲ ਕੀਤੇ ਗਏ ਹਨ, ਜੋ ਕਿ ਲੰਬੇ ਸਮੇਂ ਤੋਂ ਪੰਜਾਬ ਨੂੰ ਪਰੇਸ਼ਾਨ ਕਰ ਰਹੇ ਹਨ। ਇਹ ਸਕੀਮ ਭ੍ਰਿਸ਼ਟ ਸਿਆਸਤਦਾਨਾਂ ਅਤੇ ਭੂ-ਮਾਫੀਆ ਦੁਆਰਾ ਕੀਤੇ ਜਾਣ ਵਾਲੇ ਮਨਮਾਨੇ ਜ਼ਮੀਨੀ ਸੌਦਿਆਂ ਨੂੰ ਰੋਕ ਕੇ ਜ਼ਮੀਨੀ ਲੈਣ-ਦੇਣ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਂਦੀ ਹੈ। ਇਸ ਤੋਂ ਇਲਾਵਾ, ਇਹ ਕਿਸਾਨਾਂ ਨੂੰ ਸਪੱਸ਼ਟ, ਕਾਨੂੰਨੀ ਤੌਰ 'ਤੇ ਸਮਾਂਬੱਧ ਸਮਝੌਤਿਆਂ ਨਾਲ ਸ਼ਕਤੀ ਪ੍ਰਦਾਨ ਕਰਦਾ ਹੈ, ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਦਾ ਹੈ ਅਤੇ ਉਨ੍ਹਾਂ ਦੇ ਯੋਗਦਾਨ ਲਈ ਉਚਿੱਤ ਮੁਆਵਜ਼ੇ ਦੀ ਗਰੰਟੀ ਦਿੰਦਾ ਹੈ। 'ਆਪ' ਆਗੂ ਨੇ ਕਿਹਾ, 'ਇਹ ਸਕੀਮ ਪੰਜਾਬ ਦੇ ਕਿਸਾਨਾਂ ਲਈ ਆਪਣੀ ਜ਼ਮੀਨ ਦੀ ਅਸਲ ਸਮਰੱਥਾ ਨੂੰ ਵਰਤਣ ਦਾ ਇੱਕ ਸੁਨਹਿਰੀ ਮੌਕਾ ਹੈ। ਇਹ ਦੋਵਾਂ ਪਾਰਟੀਆਂ ਨੂੰ ਲਾਭ ਪਹੁੰਚਾਏਗਾ, ਪੇਂਡੂ ਖ਼ੁਸ਼ਹਾਲੀ ਨੂੰ ਵਧਾਏਗਾ ਅਤੇ ਪੰਜਾਬ ਦੇ ਸ਼ਹਿਰੀ ਵਿਕਾਸ ਵਿੱਚ ਯੋਗਦਾਨ ਪਾਵੇਗਾ।'

ਲੁਧਿਆਣਾ ...

ਜ਼ਿਕਰਯੋਗ ਹੈ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ 3 ਜੂਨ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਅੰਤਿਮ ਮਿਤੀ 5 ਜੂਨ ਹੈ।

ਯੁੱਧ ਨਸ਼ਿਆ ...

ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 523 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 60 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਵੜਿੰਗ ਨੇ ਫਰਜ਼ੀ ਮਾਮਲਿਆਂ ਵਿੱਚ ਜ਼ਿੰਮੇਵਾਰੀ ਤੈਅ ਕਰਨ ਲਈ ਪੁਲਿਸ ਸੁਧਾਰਾਂ ਦੀ ਮੰਗ ਕੀਤੀ

**ਲੁਧਿਆਣਾ** - ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੁਲਿਸ ਦੀ ਦੁਰਵਰਤੋਂ ਅਤੇ ਇਨ੍ਹਾਂ ਵੱਲੋਂ ਆਪਣੇ ਰਾਜਨੀਤਿਕ ਆਕਾਵਾਂ ਨੂੰ ਖੁਸ਼ ਕਰਨ ਤੇ ਝੂਠੇ ਕੇਸ ਦਰਜ ਕਰਕੇ ਬੇਕਸੂਰ ਲੋਕਾਂ ਨੂੰ ਪ੍ਰਤਾੜਿਤ ਕਰਨ ਦੀ ਸੋਚ ਵਿਰੁੱਧ ਸਖ਼ਤ ਸਟੈਂਡ ਲੈਂਦੇ ਹੋਏ, ਕਿਹਾ ਹੈ ਕਿ ਇੱਕ ਵਾਰ ਕਾਂਗਰਸ ਸਰਕਾਰ ਬਣਨ 'ਤੇ ਉਹ ਅਜਿਹੇ ਮਾਮਲਿਆਂ ਦੀ ਜਾਂਚ ਲਈ ਨਿਆਂਇਕ ਕਮਿਸ਼ਨ ਸਥਾਪਤ ਕਰੇਗੀ। ਅੱਜ ਇੱਥੇ ਕੈਪਟਨ ਸੰਦੀਪ ਸਿੰਘ ਸੰਧੂ ਵੱਲੋਂ ਸ਼ਹਿਰ ਦੇ ਬਾਹਰਵਾਰ ਦਾਖਾ ਵਿਧਾਨ ਸਭਾ ਹਲਕੇ ਵਿੱਚ ਆਯੋਜਿਤ 'ਸੰਵਿਧਾਨ ਬਚਾਓ' ਮੀਟਿੰਗ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਸੰਵਿਧਾਨ ਦੀ ਪੂਰੀ ਤਰ੍ਹਾਂ ਦੁਰਵਰਤੋਂ ਹੋ ਰਹੀ ਹੈ, ਜਿਸ ਵਿੱਚ ਪੁਲਿਸ ਦਾ ਇੱਕ ਹਿੱਸਾ ਆਪਣੀ ਵਰਦੀ ਨਾਲ ਧੋਖਾ ਕਰ ਰਿਹਾ ਹੈ। ਉਨ੍ਹਾਂ ਨੇ ਝੂਠੇ ਮਾਮਲਿਆਂ ਲਈ ਜ਼ਿੰਮੇਵਾਰੀ ਤੈਅ ਕਰਨ ਲਈ ਸਖ਼ਤ ਕਦਮ ਚੁੱਕੇ ਜਾਣ ਦੀ ਮੰਗ ਕਰਦਿਆਂ, ਸੁਝਾਅ ਦਿੱਤਾ ਕਿ ਜਿਹੜਾ ਵੀ ਅਧਿਕਾਰੀ ਝੂਠਾ ਕੇਸ ਦਰਜ ਕਰਦਾ ਪਾਇਆ ਜਾਂਦਾ ਹੈ, ਉਸਨੂੰ ਨਾ ਸਿਰਫ਼ ਨੌਕਰੀ ਤੋਂ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ, ਸਗੋਂ ਉਸਨੂੰ ਪਾਸੋਂ ਝੂਠੀ ਐਫ.ਆਈ.ਆਰ ਦੇ ਨਿਰਦੋਸ਼ ਪੀੜਤ ਵਾਂਗ ਹੀ ਜੇਲ੍ਹ ਵਿੱਚ ਸਮਾਂ ਬਿਤਾਉਣਾ ਚਾਹੀਦਾ ਹੈ। ਉਨ੍ਹਾਂ ਨੇ ਪੰਜਾਬ ਪੁਲਿਸ ਰਾਜ ਵਿੱਚ ਬਦਲਣ ਸਬੰਧੀ ਦੋਸ਼ ਲਗਾਉਂਦੇ ਹੋਏ, ਹਾਲ ਹੀ ਵਿੱਚ ਪੁਲਿਸ ਹਿਰਾਸਤ ਵਿੱਚ ਇੱਕ ਵਿਅਕਤੀ ਦੀ ਹੱਤਿਆ ਦਾ ਹਵਾਲਾ ਦਿੱਤਾ। ਉਨ੍ਹਾਂ ਕਿਹਾ ਕਿ ਕੋਈ ਜਵਾਬਦੇਹੀ ਨਹੀਂ ਹੈ ਅਤੇ ਇਸ ਪ੍ਰਥਾ ਨੂੰ ਰੋਕਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸੱਤਾ ਦੀ ਦੁਰਵਰਤੋਂ ਨੂੰ ਰੋਕਣ ਲਈ ਪੰਜਾਬ ਨੂੰ ਗੰਭੀਰ ਪੁਲਿਸ ਸੁਧਾਰਾਂ ਦੀ ਲੋੜ ਹੈ। ਸੂਬਾ ਕਾਂਗਰਸ ਪ੍ਰਧਾਨ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ, 'ਯੁੱਧ ਨਸ਼ਿਆਂ ਵਿਰੁੱਧ' 'ਤੇ ਵੀ ਚੁਟਕੀ ਲਈ। ਇਸ ਦੌਰਾਨ 'ਆਪ' ਸਰਕਾਰ ਦੇ ਦਾਅਵਿਆਂ ਦਾ ਹਵਾਲਾ ਦਿੰਦੇ ਹੋਏ ਕਿ ਇਨ੍ਹਾਂ ਨੇ 8500 ਮਾਮਲੇ ਦਰਜ ਕੀਤੇ ਹਨ, ਉਨ੍ਹਾਂ ਪੁੱਛਿਆ ਕਿ ਕੀ ਨਸ਼ੇ ਸਿਰਫ਼ ਐਫ.ਆਈ.ਆਰ ਦਰਜ ਕਰਨ ਜਾਂ ਲੋਕਾਂ ਦੇ ਘਰਾਂ ਨੂੰ ਢਾਹ ਦੇਣ ਨਾਲ ਖਤਮ ਹੋ ਜਾਂਦੇ ਹਨ? ਵੜਿੰਗ ਨੇ ਸੂਬੇ ਵਿੱਚੋਂ ਨਸ਼ਿਆਂ ਨੂੰ ਰੋਕਣ ਵਿੱਚ ਸਰਕਾਰ ਦੀ ਪੂਰੀ ਤਰ੍ਹਾਂ ਅਸਫਲਤਾ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਨਸ਼ਿਆਂ ਦੀ ਅਜੇ ਵੀ ਤਸਕਰੀ ਹੋ ਰਹੀ ਹੈ ਅਤੇ ਲੋਕ ਅਜੇ ਵੀ ਨਸ਼ੇ ਦੀ ਓਵਰਡੋਜ਼ ਨਾਲ ਮਰ ਰਹੇ ਹਨ।

## 'ਵਿਕਸਿਤ ਕ੍ਰਿਸ਼ੀ ਅਭਿਆਨ' ਅਧੀਨ ਆਈ ਸੀ ਏ ਆਰ ਟੀਮ ਵੱਲੋਂ ਪਿੰਡਾਂ ਵਿੱਚ ਨੌਜਵਾਨਾਂ ਦੀ ਭਲਾਈ ਲਈ ਜਾਗਰੂਕਤਾ ਕਾਰਜਕ੍ਰਮ ਆਯੋਜਿਤ

ਫਾਜ਼ਿਲਕਾ - 'ਵਿਕਸਿਤ ਕ੍ਰਿਸ਼ੀ ਅਭਿਆਨ' ਦੇ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਫਾਜ਼ਿਲਕਾ ਅਤੇ ਭਾਰਤੀ ਕ੍ਰਿਸ਼ੀ ਅਨੁਸੰਧਾਨ ਪਰਿਸ਼ਦ ਦੀ ਸਾਂਝੀ ਟੀਮ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਜਿਵੇਂ ਕਿ ਸੁਰੇਸ਼ ਵਾਲਾ, ਕਰੀਆਂ, ਬੰਦੀ ਵਾਲਾ, ਰਾਮਸਰਾ ਆਦਿ ਦਾ ਦੌਰਾ ਕਰਕੇ ਪਿੰਡਾਂ ਦੇ ਨੌਜਵਾਨਾਂ ਨੂੰ ਕ੍ਰਿਸ਼ੀ ਖੇਤਰ ਵਿਚ ਆਤਮਨਿਰਭਰ ਬਣਾਉਣ ਲਈ ਜਾਗਰੂਕਤਾ ਕਾਰਜਕ੍ਰਮ ਆਯੋਜਿਤ ਕੀਤੇ ਗਏ। ਇਹ ਉਪਰਾਲਾ ਪਿੰਡ ਪੱਧਰ 'ਤੇ ਕ੍ਰਿਸ਼ੀ ਆਧਾਰਤ ਰੋਜ਼ਗਾਰ ਦੇ ਮੌਕੇ ਵਧਾਉਣ ਅਤੇ ਨੌਜਵਾਨਾਂ ਨੂੰ ਆਧੁਨਿਕ ਕ੍ਰਿਸ਼ੀ ਤਕਨੀਕਾਂ ਬਾਰੇ ਜਾਣੂ ਕਰਵਾਉਣ ਲਈ ਕੀਤਾ ਗਿਆ। ਕੇ ਵੀ ਕੇ ਫਾਜ਼ਿਲਕਾ ਦੇ ਸਮਨਵਯਕ ਨੇ ਦੱਸਿਆ ਕਿ ਇਹ ਮੁਹਿੰਮ ÷ਵਿਕਸਿਤ ਭਾਰਤ÷ ਦੇ ਦਰਸ਼ਨ ਅਨੁਸਾਰ ਹੈ, ਜਿਸ ਵਿੱਚ ਪਿੰਡਾਂ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਲਈ ਖੇਤੀ ਨੂੰ ਕੇਂਦਰ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਵਿੱਚ ਕ੍ਰਿਸ਼ੀ ਪ੍ਰਤੀ ਵਧ ਰਹੀ ਦਿਲਚਸਪੀ ਸਹੀ ਦਿਸ਼ਾ ਅਤੇ ਸਿਖਲਾਈ ਦੇ ਨਾਲ ਉਨ੍ਹਾਂ ਨੂੰ ਸਵੈ-ਰੋਜ਼ਗਾਰ ਵੱਲ ਲੈ ਜਾ ਸਕਦੀ ਹੈ। ਆਈ ਸੀ ਏ ਆਰ ਦੀ ਟੀਮ ਨੇ ਭਾਗੀਦਾਰਾਂ ਨੂੰ ਵੱਖ-ਵੱਖ ਕੇਂਦਰੀ ਯੋਜਨਾਵਾਂ ਜਿਵੇਂ ਕਿ ਪੀਐਮ-ਕੁਸੁਮ, ਪੀਐਮ-ਐਫਐਮਈ ਅਤੇ ਆਤਮਾ ਯੋਜਨਾ ਬਾਰੇ ਜਾਣਕਾਰੀ ਦਿੱਤੀ, ਤਾਂ ਜੋ ਉਹ ਸਰਕਾਰੀ ਸਹਾਇਤਾ ਲੈ ਕੇ ਨਵੀਆਂ ਤਕਨੀਕਾਂ ਅਪਣਾ ਕੇ ਲਾਭ ਉਠਾ ਸਕਣ।

## ਪੈਨਸ਼ਨਰਜ ਦੀ ਚਾਰ ਜੂਨ ਵਾਲੀ ਮੀਟਿੰਗ ਦਾ ਸਮਾ ਨੌ ਤੋ 11:30 ਵਜੇ ਤੱਕ ਹੋਵੇਗਾ : ਸੰਧੂ

**ਫਤਿਆਬਾਦ / ਹੀਰਾ ਸਿੰਘ ਸੇਠੀ**



ਗਰਮੀ ਕਾਰਨ ਸਮਾ ਤਬਦੀਲ ਪ੍ਰਿੰਸੀਪਲ ਭਰੋਵਾਲ ਪਿਆਰੇ ਪੈਨਸ਼ਨਰਜ ਸਾਥੀਆ ਪ੍ਰਧਾਨਗੀ ਮੰਡਲ ਵਲੋ ਗਰਮੀ ਕਾਰਨ ਸਮਾ ਸਵੇਰੇ ਨੌ ਤੋ ਸਾਡੇ ਯਾਰਾ ਵਜੇ ਦਾ ਰਖਿਆ ਗਿਆ ਹੈ ਸੋ ਸਮੂੰਹ ਸਾਥੀਆ ਨੂੰ ਅਪੀਲ ਕੀਤੀ ਜਾਦੀ ਹੈ ਕਿ ਸਮੇ ਸਿਰ ਹਾਜਰ ਹੋਣ ਦੀ ਕ੍ਰਿਪਾਲਤਾ ਕਰਨੀ ਜੀ ਇਸ ਮੀਟਿੰਗ ਵਿੱਚ ਸਰਪੰਚ ਜਗਵਿੰਦਰ ਸਿੰਘ ਫਤਿਹਾਬਾਦ ਰਿਟਾਇਰਡ ਚੀਫ ਐਗਰੀਕਲਚਰ ਆਫੀਸਰ, ਸ ਬਲਦੇਵ ਸਿੰਘ ਨੰਬਰਦਾਰ ਫਤਿਹਾਬਾਦ ਅਤੇ ਸ ਹਰਬੰਸ ਸਿੰਘ ਰਿਟਾ ਕਾਨੂੰਨਗੋ ਫਤਿਹਾਬਾਦ ਤਿੰਨੇ ਬਤੌਰ ਸੁਪਰ ਸੀਨੀਅਰ ਸਿਟੀਜਨ ਅਤੇ ਸ ਰਘਬੀਰ ਸਿੰਘ ਰੈਸ਼ੀਅਨ ਬਤੌਰ ਪ੍ਰਧਾਨ ਤਹਿਸੀਲ ਖਡੂਰ ਸਾਹਿਬ ਦਾ ਪ੍ਰਧਾਨਗੀ ਮੰਡਲ ਵਲੋਂ ਸਨਮਾਨ ਕੀਤਾ ਜਾਵੇਗਾ। ਹਕੀਕਤ ਅਤੇ ਜਾਇਜ ਮੰਗਾ ਲਈ ਮਤਾ ਪਾਸ ਕਰਕੇ ਸੁਤੀ ਅਤੇ ਬੋਲੀ ਸਰਕਾਰ ਨੂੰ ਝੰਜਿਉੜਾ ਜਾਵੇਗਾ ਇਸ ਮੌਕੇ ਤੇ ਪੈਨਸ਼ਨਰਜ ਦੀਆ ਸ਼ਕਾਇਤਾ ਅਨੁਸਾਰ ਸਬੰਧਤ ਬੈਂਕ ਵਿਚ ਜਾ ਕੇ ਸਮਾਧਾਨ ਕੀਤਾ ਜਾਵੇਗਾ

# ਰਾਜਾ ਵੜਿੰਗ ਦੱਸੇ ਕਿ ਸੰਵਿਧਾਨ ਅਕਾਲ ਤਖਤ ਸਾਹਿਬ 'ਤੇ ਟੈਂਕਾਂ ਤੋਪਾਂ ਨਾਲ ਹਮਲਾ ਕਰਨ ਦੀ ਇਜਾਜ਼ਤ ਦਿੰਦਾ ਹੈ : ਹਰਦੀਪ ਗਿੱਲ

## ਭਾਜਪਾ ਤੇ ਆਰ.ਐਸ.ਐਸ ਨੇ ਹਮੇਸ਼ਾ ਲੋਕਾਂ ਨੂੰ ਜੋੜਨ ਦਾ ਕੰਮ ਕੀਤਾ

**ਜੰਡਿਆਲਾ ਗੁਰੂ ਗੁਰਦੇਵ ਸਿੰਘ ਮਨਜੋਤਰਾਂ**

ਭਾਰਤੀ ਜਨਤਾ ਪਾਰਟੀ ਐਸ.ਸੀ. ਮੋਰਚਾ ਦੇ ਸੂਬਾ ਜਨਰਲ ਸਕੱਤਰ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਭਾਜਪਾ ਤੇ ਆਰ.ਐਸ.ਐਸ ਖਿਲਾਫ ਕੀਤੀ ਟਿੱਪਣੀ 'ਤੇ ਪਲਟਵਾਰ ਕਰਦਿਆਂ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਲੋਕਾਂ ਅਤੇ ਦੇਸ਼ ਨੂੰ ਤੋੜਨ ਦਾ ਕੰਮ ਕੀਤਾ ਭਾਜਪਾ ਤੇ ਆਰ.ਐਸ.ਐਸ ਨੇ ਲੋਕਾਂ ਨੂੰ ਜੋੜ ਕੇ ਰੱਖਣ ਦੀ ਵਿਚਾਰਧਾਰਾ ਨੂੰ ਅਪਣਾਇਆ। ਹਰਦੀਪ ਗਿੱਲ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਨੂੰ ਸਵਾਲ ਕਰਦਿਆਂ ਕਿਹਾ ਕਿ ਜੇਕਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਟੈਂਕਾਂ ਤੋਪਾਂ ਨਾਲ ਹਮਲਾ ਕਰਨ ਵਾਲੀ ਕਾਂਗਰਸ ਪਾਰਟੀ 1984 ਤੋਂ ਬਾਅਦ ਤਿੰਨ ਵਾਰ ਪੰਜਾਬ ਵਿੱਚ ਸਰਕਾਰ ਬਣਾ ਸਕਦੀ ਹੈ ਤਾਂ ਭਾਜਪਾ ਕਿਉਂ ਨਹੀਂ। ਉਹਨਾਂ ਕਿਹਾ ਕਿ ਕਾਂਗਰਸ ਸੂਬੇ ਵਿੱਚ ਨਫਰਤ ਦਾ ਬੀਜ ਨਾ ਖਿਲਾਰੇ। ਉਹਨਾਂ ਕਿਹਾ ਕਿ ਸੱਜਣ ਕੁਮਾਰ ਤੇ ਜਗਦੀਸ਼ ਟਾਈਟਲਰ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਸਜਾਵਾਂ ਮਿਲੀਆਂ ਅਤੇ ਦਿੱਲੀ ਦੰਗਿਆਂ ਦੇ ਦੋਸ਼ੀਆਂ ਦੇ ਜਖਮਾਂ 'ਤੇ ਮਲਮ ਲੱਗੀ ਹੁਣ ਜਦੋਂ ਸੱਜਣ ਕੁਮਾਰ ਤੇ ਜਗਦੀਸ਼ ਟਾਈਟਲਰ ਦੋਸ਼ੀ ਸਾਬਤ ਹੋ ਗਏ ਹਨ ਪਰ ਕਾਂਗਰਸ ਨੇ ਅੱਜ ਤੱਕ ਵੀ ਉਹਨਾਂ ਨੂੰ ਪਾਰਟੀ ਵਿੱਚੋਂ ਨਹੀਂ ਕੱਢਿਆ। 84 ਦੰਗਿਆਂ ਦੇ ਦੋਸ਼ੀਆਂ ਨੂੰ ਕਾਂਗਰਸ ਲਗਾਤਾਰ ਬਚਾਉਂਦੀ ਆ ਰਹੀ ਸੀ ਪਰ 2014 ਵਿੱਚ ਜਦ ਭਾਜਪਾ ਦੀ ਸਰਕਾਰ ਬਣੀ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਸ.ਆਈ.ਟੀ ਦਾ ਗਠਨ ਕਰਕੇ ਨਵੇਂ ਸਿਰਿਓਂ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਦਾ ਕੰਮ ਕੀਤਾ। ਉਹਨਾਂ ਆਖਿਆ ਕਿ ਕਾਂਗਰਸ ਸੰਵਿਧਾਨ ਬਚਾਓ ਰੈਲੀ ਦਾ ਨਾਂ ਬਦਲ ਕੇ ਆਪਣੀ ਹੋਂਦ ਬਚਾਓ ਰੱਖੇ ਕਿਉਂਕਿ ਸੰਵਿਧਾਨ ਨੂੰ ਹਥਿਆਰ ਬਣਾ ਕੇ ਕਾਂਗਰਸ ਆਪਣੀ ਸਿਆਸੀ ਹੋਂਦ ਬਚਾਉਣ ਲਈ ਹੱਥ ਪੈਰ ਮਾਰ ਰਹੀ ਹੈ। ਗਿੱਲ ਨੇ ਸਵਾਲ ਕਰਦਿਆਂ ਕਿਹਾ ਕਿ, ਕੀ ਦੇਸ਼ ਦਾ ਸੰਵਿਧਾਨ ਦੇਸ਼ ਵਿੱਚ ਐਮਰਜੈਂਸੀ ਲਗਾਉਣ ਅਤੇ ਕਿਸੇ ਧਾਰਮਿਕ ਸਥਾਨ 'ਤੇ ਟੈਂਕਾਂ ਤੋਪਾਂ ਨਾਲ ਹਮਲਾ ਕਰਨ ਦੀ ਇਜਾਜ਼ਤ ਦਿੰਦਾ ਹੈ। ਹਰਦੀਪ ਗਿੱਲ ਨੇ ਕਿ ਸੰਵਿਧਾਨਿਕ ਤਾਕਤਾਂ ਦੀ ਦੁਰਵਰਤੋਂ ਕਰਦਿਆਂ ਕਾਂਗਰਸ ਨੇ ਕਈ ਵਾਰ ਪੰਜਾਬ ਵਿੱਚ ਸਰਕਾਰਾਂ ਤੋੜੀਆਂ ਅਤੇ ਲੋਕਤੰਤਰ ਦਾ ਜਨਾਜਾ ਕੱਢਿਆ। ਉਹਨਾਂ ਕਿਹਾ ਕਿ ਰਾਹੁਲ ਗਾਂਧੀ ਤੇ ਕਾਂਗਰਸ ਸੰਵਿਧਾਨ ਨੂੰ ਢਾਲ ਬਣਾ ਕੇ ਲੋਕਾਂ ਨੂੰ ਗੁਮਰਾਹ ਕਰ ਰਹੇ ਹਨ । ਸੰਵਿਧਾਨ ਨਿਰਮਾਤਾ ਡਾਕਟਰ ਬੀ. ਆਰ. ਅੰਬੇਡਕਰ ਨੂੰ ਸਭ ਤੋਂ ਵੱਧ ਅਪਮਾਨਿਤ ਅਤੇ ਜਲੀਲ ਕਾਂਗਰਸ ਨੇ ਕੀਤਾ। ਉਹਨਾਂ ਨੂੰ ਦੋ ਵਾਰ 1952, 1954 ਵਿਚ ਲੋਕ ਸਭਾ ਵਿੱਚ ਹਰਾਉਣ ਲਈ ਪੂਰੀ ਵਾਹ ਲਾਈ। ਪਹਿਲੀ ਗੈਰ ਕਾਂਗਰਸੀ ਸਰਕਾਰ ਵਿੱਚ ਭਾਜਪਾ ਦੀ ਸਿਫਾਰਿਸ਼ 'ਤੇ ਬਾਬਾ ਸਾਹਿਬ ਨੂੰ ਭਾਰਤ ਰਤਨ ਦੀ ਉਪਾਧੀ ਦਿੱਤੀ ਗਈ। ਜਦ ਕਿ ਸੰਵਿਧਾਨ ਅਤੇ ਸੰਵਿਧਾਨ ਨਿਰਮਾਤਾ ਡਾ. ਅੰਬੇਦਕਰ ਦਾ ਮਾਨ ਸਨਮਾਨ ਭਾਜਪਾ ਦੀ ਸਰਕਾਰ ਵਿੱਚ ਹੋਇਆ।



# ਕੇ.ਵੀ.ਕੇ. ਮੋਹਾਲੀ ਦੁਆਰਾ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਜਾਗਰੂਕਤਾ ਕੈਂਪ



**ਮੋਹਾਲੀ / ਅਸ਼ੋਕ ਜੋਸ਼ੀ**

ਭਾਰਤੀ ਖੇਤੀ ਖੋਜ ਪਰਿਸ਼ਦ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲਾ, ਨਵੀਂ ਦਿੱਲੀ ਦੁਆਰਾ ਚਲਾਏ ਜਾ ਰਹੇ 15 ਦਿਨੀਂ ਦੇਸ਼ ਵਿਆਪੀ ਪਹਿਲਕਦਮੀ "ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ"ਦੇ ਪੰਜਵੇਂ ਦਿਨ ਅੱਜ ਪਿੰਡ ਕੰਬਾਲਾ, ਕੰਡਾਲਾ, ਨਡਿਆਲੀ, ਮਗਰ, ਨੱਗਲ ਫੈਜ਼ਗੜ੍ਹ ਅਤੇ ਰੰਗੀਆਂ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ, ਐਸ.ਏ.ਐਸ. ਨਗਰ (ਮੋਹਾਲੀ) ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਐਸ.ਏ.ਐਸ. ਨਗਰ ਨੇ ਡਿਪਟੀ ਡਾਇਰੈਕਟਰ, ਡਾ. ਬਲਬੀਰ ਸਿੰਘ ਖੱਦਾ ਦੀ ਅਗਵਾਈ ਹੇਠ ਜਾਗਰੂਕਤਾ ਕੈਂਪ ਲਗਾਏ।

ਪ੍ਰੋਗਰਾਮ ਦੌਰਾਨ ਕਿਸਾਨ ਵੀਰਾਂ, ਭੈਣਾਂ ਅਤੇ ਨੌਜਵਾਨਾਂ ਨੂੰ ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ, ਡੇਅਰੀ ਫਾਰਮ, ਬੱਕਰੀ ਪਾਲਣ, ਮੱਛੀ ਪਾਲਣ ਦੀਆਂ ਨਵੀਨਤਮ ਤਕਨੀਕਾਂ ਅਤੇ ਖੇਤੀਬਾੜੀ, ਪਸ਼ੂ ਪਾਲਣ ਅਤੇ ਸਹਾਇਕ ਧੰਦਿਆਂ ਸੰਬੰਧੀ ਭਾਰਤ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ।

ਡਾ. ਹਰਮੀਤ ਕੌਰ ਅਤੇ ਡਾ. ਮੁਨੀਸ਼ ਸ਼ਰਮਾ ਨੇ ਕਿਸਾਨਾਂ ਨੂੰ ਮਿੱਟੀ ਦੀ ਜਾਂਚ, ਜੈਵਿਕ ਖੇਤੀ, ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ ਅਤੇ ਸਬਜ਼ੀਆਂ ਬਾਰੇ ਦੱਸਿਆ। ਡਾ. ਪਾਰੁਲ ਗੁਪਤਾ ਨੇ ਦੁੱਧ ਅਤੇ ਰਿਵਾਇਤੀ ਅਨਾਜਾਂ ਦੇ ਮੁੱਲ ਵਰਧਕ ਉਤਪਾਦਾਂ ਬਾਰੇ ਜਾਣਕਾਰੀ ਦਿੱਤੀ। ਡਾ. ਗੁਲਗੁਲ ਸਿੰਘ ਨੇ ਮੱਛੀ ਪਾਲਣ ਦੇ ਕਿੱਤੇ ਨੂੰ ਅਪਣਾ ਕੇ ਆਪਣੀ ਆਮਦਨ ਨੂੰ ਵਧਾਉਣ ਲਈ ਅਤੇ ਮੱਛੀ ਪਾਲਣ ਨਾਲ ਸੰਬੰਧਿਤ ਸਰਕਾਰ ਦੀਆਂ ਸਕੀਮਾਂ ਬਾਰੇ ਦੱਸਿਆ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੋਂ ਖੇਤੀਬਾੜੀ ਵਿਕਾਸ ਅਧਿਕਾਰੀ ਡਾ. ਗੁਰਦਿਆਲ ਕੁਮਾਰ ਅਤੇ ਡਾ. ਮਨਦੀਪ ਕੌਰ ਅਤੇ ਸਹਾਇਕ ਖੇਤੀਬਾੜੀ ਇੰਸਪੈਕਟਰ ਡਾ. ਰੁਪਿੰਦਰ ਕੌਰ ਨੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਨਾਲ ਸੰਬੰਧਿਤ ਭਾਰਤ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ।

# ਸੁਖਦੇਵ ਸਿੰਘ ਢੀਂਡਸਾ ਦਾ ਅਚਾਨਕ ਵਿੱਛੜ ਜਾਣਾ ਪੰਥ ਅਤੇ ਅਕਾਲੀ ਦਲ ਲਈ ਬਹੁਤ ਵੱਡਾ ਘਾਟਾ- ਘੁੰਗਰਾਲੀ

## *ਢੀਂਡਸਾ ਨੇ ਅਕਾਲੀ ਆਗੂਆਂ ਨੂੰ ਡਫਲੀਆਂ ਵਜਾਓਣ ਤੋਂ ਰੋਕਣ ਅਤੇ ਇਕੱਠੇ ਹੋਣ ਲਈ ਬਹੁਤ ਕੋਸ਼ਿਸ਼ਾਂ ਕਰਦੇ ਰਹੇ।*

**ਖੰਨਾ/ਬੀਜਾਂ, ਲਾਲ ਸਿੰਘ ਮਾਂਗਟ**

ਸ਼ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸਰਦਾਰ ਸੁਖਦੇਵ ਸਿੰਘ ਢੀਡਸਾ ਕਾਫੀ ਦਿਨਾਂ ਤੋਂ ਬਿਮਾਰ ਚਲੇ ਆ ਰਹੇ ਸਨ, ਜਿਨ੍ਹਾਂ ਦਾਂ ਅਚਾਨਕ ਪਰਿਵਾਰ ਤੇ ਪੰਥ ਨੂੰ ਵਿਛੋੜਾ ਦੇ ਜਾਣਾ ਕਦੇ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪੈ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤਰਲੋਚਨ ਸਿੰਘ ਘੁੰਗਰਾਲੀ ਨੇ ਭਰੇ ਮਨ ਨਾਲ ਕਿਹਾ ਕਿ ਸ. ਢੀਂਡਸਾ ਨੇ ਅਕਾਲੀ ਆਗੂਆਂ ਨੂੰ ਵੇਖੋ ਵੱਖ ਡਫਲੀਆਂ ਵਜਾਓਣ ਤੋਂ ਰੋਕਣ ਅਤੇ ਇਕੱਠੇ ਹੋਣ ਲਈ ਬਹੁਤ ਕੋਸ਼ਿਸ਼ਾਂ ਕਰਦੇ ਰਹੇ। ਉਨ੍ਹਾਂ ਵਲੋਂ ਪੰਜਾਬ ਲਈ ਕੀਤੇ ਗਏ ਕੰਮਾਂ ਕਾਰਨ ਪੰਥ ਹਮੇਸ਼ਾ ਉਹਨਾਂ ਨੂੰ ਸੀਨੇ ਵਿੱਚ ਯਾਦ ਰੱਖੇਗਾ। ਇਸ ਦੁੱਖ ਦੀ ਘੜੀ ਵਿਚ ਅਸੀਂ ਢੀਂਡਸਾ ਪਰਿਵਾਰ ਦੇ ਨਾਲ ਖੜੇ ਹਾਂ। ਇਸ ਮੌਕੇ ਬਾਬਾ ਤਰਲੋਚਨ ਸਿੰਘ ਤੋਂ ਇਲਾਵਾ ਸਰਬਜੀਤ ਸਿੰਘ ਪੱਪੀ ਸਮਰਾਲਾ, ਸੁਖਜੋਤ ਸਿੰਘ ਤੇ ਬੱਬੂ ਸਮਰਾਲਾ, ਜਗਦੇਵ ਸਿੰਘ, ਗੁਰਜੀਤ ਸਿੰਘ ਆਦਿ ਵਲੋਂ ਵੀ ਸ. ਢੀਂਡਸਾ. ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ।



# ਐਮ ਐਲ ਏ ਕੁਲਵੰਤ ਸਿੰਘ ਦੀ ਅਗਵਾਈ ਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਕੱਢੀ ਗਈ "ਨਸ਼ਾ ਮੁਕਤੀ ਯਾਤਰਾ

**ਮੋਹਾਲੀ / ਅਸ਼ੋਕ ਜੋਸ਼ੀ**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਹਲਕਾ ਵਿਧਾਇਕਾਂ ਵੱਲੋਂ ਜ਼ਿਲ੍ਹੇ ਦੇ ਵੱਖ–ਵੱਖ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ"ਕੱਢੀ ਜਾ ਰਹੀ ਹੈ, ਜਿਸ ਵਿੱਚ ਪਿੰਡ ਪੱਧਰੀ ਰੱਖਿਆ ਕਮੇਟੀਆਂ ਦੇ ਮੈਂਬਰ, ਪਿੰਡਾਂ ਦੇ ਪੰਚ–ਸਰਪੰਚ, ਮੋਹਤਬਰ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਭਾਗ ਲੈ ਰਹੇ ਹਨ।

ਇਸ ਦੌਰਾਨ ਹਲਕਾ ਵਿਧਾਇਕ ਮੋਹਾਲੀ, ਕੁਲਵੰਤ ਸਿੰਘ ਦੀ ਅਗਵਾਈ ਹੇਠ ਅੱਜ ਪਿੰਡ ਨਗਾਰੀ, ਗੀਗਾ ਮਾਜਰਾ, ਮਿੱਢੇ ਮਾਜਰਾ ਅਤੇ ਦੈੜੀ ਵਿਖੇ 'ਨਸ਼ਾ ਮੁਕਤੀ ਯਾਤਰਾ' ਕਰਦਿਆਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ।

ਇਸ ਮੌਕੇ ਉਹਨਾਂ ਔਰਤਾਂ ਤੇ ਨੌਜਵਾਨਾਂ ਅੰਦਰ ਜੋਸ਼ ਭਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਅੰਦਰੂਨੀ ਤਾਕਤ ਨੂੰ ਪਛਾਣ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਸਾਂਝੀ ਕੀਤੀ ਗਈ ਛੋਟੀ ਜਿਹੀ ਜਾਣਕਾਰੀ ਪ੍ਰਸ਼ਾਸਨ ਅਤੇ ਨੌਜੁਆਨ ਪੀੜ੍ਹੀ ਵਾਸਤੇ ਵਡਮੁੱਲੀ ਸਾਬਿਤ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਿਥੇ ਨਸ਼ਾ ਤਸਕਰਾਂ 'ਤੇ ਕਾਰਵਾਈ ਕਰ ਰਹੀ ਹੈ, ਉਥੇ ਇਸ ਦਲਦਲ ਵਿਚ ਫਸ ਚੁੱਕੀ ਸਾਡੀ ਨੌਜਵਾਨ ਪੀੜ੍ਹੀ ਦੀ ਸੰਭਾਲ ਕਰ ਰਹੀ ਹੈ ਤੇ ਨਸ਼ਾ ਛੁਡਾਊ ਕੇਂਦਰਾਂ ਵਿੱਚ ਉਨ੍ਹਾਂ ਦਾ ਇਲਾਜ ਕੀਤਾ ਜਾ ਰਿਹਾ ਹੈ।

ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਨਸ਼ਾ ਇੱਕ ਕੋਹੜ ਹੈ, ਇਸ ਤੋਂ ਹਰੇਕ ਨੌਜਵਾਨ ਨੂੰ ਬਚਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿਹਾ ਹੁਣ ਪਿੰਡ ਪੱਧਰ ▾ਤੇ ਵਿਲੇਜ ਡਿਫੈਂਸ ਕਮੇਟੀਆਂ ਨੂੰ ਵੀ ਜ਼ਿੰਮੇਵਾਰੀ ਦਿੱਤੀ ਗਈ ਹੈ ਕਿ ਉਹ ਨੌਜਵਾਨਾਂ ਨੂੰ ਸਹੀ ਗਾਈਡ ਕਰਨ ਅਤੇ ਖੇਡਾਂ ਨਾਲ ਜੋੜ ਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।

ਇਸ ਮੌਕੇ ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਸਮੂਹ ਹਾਜ਼ਰੀਨ ਨੇ ਨਸ਼ਾ ਨਾ ਕਰਨ, ਨਸ਼ਿਆਂ ਤੋਂ ਬਚਣ ਲਈ ਜਾਗਰੂਕਤਾ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਾਉਣ ਵਿੱਚ ਸਹਾਇਤਾ ਕਰਨ ਦਾ ਪ੍ਰਣ ਲਿਆ।

ਇਸ ਮੌਕੇ ਦਮਨਦੀਪ ਕੌਰ, ਐਸ.ਡੀ.ਐਮ. ਮੋਹਾਲੀ, ਹਰਜੋਤ ਸਿੰਘ, ਨਾਇਬ ਤਹਿਸੀਲਦਾਰ, ਹਰਸਿਮਰਨ ਸਿੰਘ ਬੱਲ, ਡੀ.ਐਸ.ਪੀ., ਧਨਵੰਤ ਸਿੰਘ ਰੰਧਾਵਾ, ਬੀ.ਡੀ.ਪੀ.ਓ.,ਜਸਪਾਲ ਸਿੰਘ, ਜੇ.ਈ., ਸਿਮਰਨ ਸਿੰਘ, ਐਸ.ਐਚ.ਓ. ਸੋਹਾਣਾ, ਜਗਤਾਰ ਸਿੰਘ, ਸਰਪੰਚ, ਪਿੰਡ ਨਗਾਰੀ, ਸਤਨਾਮ ਸਿੰਘ ਸਰਪੰਚ, ਪਿੰਡ, ਗੀਗਾ ਮਾਜਰਾ, ਮਲਕੀਤ ਕੌਰ, ਸਰਪੰਚ, ਪਿੰਡ ਮਿੱਢੇ ਮਾਜਰਾ, ਰਣਜੀਤ ਕੌਰ, ਸਰਪੰਚ, ਪਿੰਡ ਦੈੜੀ, ਅਵਤਾਰ ਸਿੰਘ ਮੌਲੀ, ਬਲਜੀਤ ਸਿੰਘ ਦੈੜੀ, ਡਾ. ਕੁਲਦੀਪ ਸਿੰਘ, ਭੁਪਿੰਦਰ ਸਿੰਘ, ਆਰ.ਪੀ.ਸ਼ਰਮਾ, ਹਰਮੇਸ਼ ਸਿੰਘ ਕੁੰਬੜਾ, ਅਕਬਿੰਦਰ ਸਿੰਘ ਗੋਸਲ, ਆਰ.ਐਸ.ਢਿੱਲੋਂ, ਹਰਪਾਲ ਸਿੰਘ ਬਰਾੜ, ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ ਕੁਰੜਾ ਹਲਕਾ ਕੋਰਡੀਨੇਟਰ, ਯੁੱਧ ਨਸ਼ਿਆਂ ਵਿਰੁੱਧ, ਸੰਨੀ ਮੌਲੀ, ਕਰਮਜੀਤ ਗਿਰ, ਬਲਾਕ ਪ੍ਰਧਾਨ ਲੱਕੀ ਨਗਾਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਵੀ ਹਾਜ਼ਰ ਸਨ।




# ਬੱਚਿਆਂ ਦੇ ਬਹੁਪੱਖੀ ਵਿਕਾਸ ਲਈ ਅਧਿਆਪਕਾਂ ਅਤੇ ਮਾਪਿਆਂ ਦੇ ਆਪਸੀ ਤਾਲਮੇਲ ਲਈ ਹੋਈ ਮੀਟਿੰਗ



**ਫ਼ਤਿਆਬਾਦ ਵੀਰ ਗੁਰਦੀਪ ਸਿੰਘ**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਆਬਾਦ ਵਿਖੇ ਮਾਪੇ –ਅਧਿਆਪਕ ਮਿਲਣੀ ਹੋਈ ਜਿਸ ਵਿੱਚ ਸਾਰੇ ਬੱਚਿਆਂ ਦੇ ਮਾਪਿਆਂ ਨੇ ਵਿਸ਼ੇਸ਼ ਤੌਰ ਤੇ ਹਿੱਸਾ ਲਿਆ ਮਾਪਿਆਂ ਨੇ ਆਪਣੇ ਬੱਚਿਆਂ ਦੇ ਨਾਲ ਬੈਠ ਕੇ ਬੱਚਿਆਂ ਦੇ ਬਹੁਪੱਖੀ ਵਿਕਾਸ ਬਾਰੇ ਵਿਚਾਰਾਂ ਕੀਤੀਆਂ। ਲੜਕੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਮਾਪਿਆਂ ਦੀ ਸਲਾਹ ਲਈ ਗਈ ਇਸ ਮੌਕੇ ਮਾਪਿਆਂ ਨੇ ਸਕੂਲ ਦੇ ਪ੍ਰਬੰਧਾ ਤੇ ਤਸੱਲੀ ਪ੍ਰਗਟ ਕੀਤੀ ਵੱਖ ਵੱਖ ਟੀਚਰਾਂ ਨੇ ਮਾਪਿਆਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਦੇ ਸੁਝਾਅ ਲਏ ਇਸ ਮੌਕੇ ਆਏ ਹੋਏ ਮਾਪਿਆਂ ਨਾਲ ਗੱਲਬਾਤ ਕਰਦਿਆਂ ਹੋਇਆਂ ਪ੍ਰਿੰਸੀਪਲ ਮੈਡਮ ਪਲਵਿੰਦਰ ਕੌਰ ਨੇ ਆਖਿਆ ਕਿ ਦੋਹਾਂ ਦਾ ਮਿਲਜੁਲ ਕੇ ਬੈਠਣਾ ਅਤੇ ਵਿਚਾਰਾ ਕਰਨਾ ਅਤਿ ਜ਼ਰੂਰੀ ਹੈ ਇਸ ਮੌਕੇ ਸਮੂਹ ਸਟਾਫ ਮਾਤਾ ਪਿਤਾ ਅਤੇ ਬੱਚੇ ਹਾਜਰ ਸਨ।

# 6 ਜੂਨ ਨੂੰ ਅਕਾਲ ਤਖਤ ਸਾਹਿਬ ਪਹੁੰਚ ਕੇ ਮਨਾਈਏ ਸ਼ਹੀਦੀ ਦਿਹਾੜਾ ਜੱਥੇਦਾਰ ਕੁਲਦੀਪ ਸਿੰਘ ਗੜਗੱਜ ਦੇਣਗੇ ਕੌਮ ਦੇ ਨਾਂ ਸੰਦੇਸ਼ : ਭਾਦੜਾ

**ਮਾਨਸਾ \ ਸਾਹਨੇਵਾਲੀ, ਅਤਲਾ**

6 ਜੂਨ 2025 ਨੂੰ ਸਿੱਖ ਕੌਮ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਘੱਲੂਘਾਰਾ ਦਿਵਸ ਮਨਾਇਆ ਜਾ ਰਿਹਾ ਹੈ ਇਸ ਮੌਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੌਮ ਦੇ ਨਾਂ ਸੰਦੇਸ਼ ਜਾਰੀ ਕਰਨਗੇ। ਇਸ ਸਬੰਧੀ ਪ੍ਰੈਸ ਨੋਟ ਜਾਰੀ ਕਰਦਿਆਂ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ, ਬਲਦੇਵ ਸਿੰਘ ਸਾਹਨੇਵਾਲੀ,ਜੈ ਸਿੰਘ ਭਾਦੜਾ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਰੀ ਸਿੱਖ ਸੰਗਤ ਵੱਧ ਤੋਂ ਵੱਧ ਗਿਣਤੀ 'ਚ 6 ਜੂਨ ਨੂੰ ਅਕਾਲ ਤਖਤ ਸਾਹਿਬ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਵੇ। ਉਨ੍ਹਾਂ ਨੇ ਕਿਹਾ ਕਿ 1984 ਦੇ ਜੂਨ ਮਹੀਨੇ 'ਚ ਹੋਏ ਘੱਲੂਘਾਰੇ ਦੌਰਾਨ ਸਾਡੀ ਕੌਮ ਦੇ ਨਾਇਕ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ ਤੇ ਹੋਰ ਅਨੇਕਾਂ ਆਗੂਆਂ ਦੇ ਨਾਲ–ਨਾਲ ਸੈਂਕੜੇ ਬੇਕਸੂਰ ਸਿੱਖ ਨੌਜਵਾਨਾਂ, ਮਾਵਾਂ, ਭੈਣਾਂ ਤੇ ਬਜ਼ੁਰਗਾਂ ਦੀ ਸ਼ਹਾਦਤ ਹੋਈ ਸੀ। ਉਨ੍ਹਾਂ ਦੱਸਿਆ ਕਿ ਕਾਂਗਰਸ, ਭਾਜਪਾ, ਆਰਐਸਐਸ ਤੇ ਉਹਨਾਂ ਦੀ ਸੋਚ ਵਾਲੀਆਂ ਤਾਕਤਾਂ ਨੇ ਮਿਲ ਕੇ ਨਾਂ ਸਿਰਫ ਸਾਡੇ ਆਗੂਆਂ ਨੂੰ ਸ਼ਹੀਦ ਕੀਤਾ, ਸਗੋਂ ਸਿੱਖ ਰਾਜਨੀਤੀ ਦੇ ਕੇਂਦਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਵੀ ਗੋਲੀਬਾਰੀ ਕਰ ਕੇ ਢਾਹ ਦਿੱਤਾ। ਭਾਈ ਅਤਲਾ ਅਤੇ ਆਗੂਆਂ ਨੇ ਸਿੱਖ ਕੌਮ ਨੂੰ ਇਕੱਠੇ ਹੋਣ ਦਾ ਸੰਦੇਸ਼ ਦਿੰਦਿਆ ਕਿਹਾ ਕਿ ਇਹ ਸਮਾਂ ਏਕਤਾ ਤੇ ਜਾਗਰੂਕਤਾ ਦਾ ਹੈ। ਆਓ, 6 ਜੂਨ ਨੂੰ ਅਕਾਲ ਤਖਤ ਸਾਹਿਬ ਪਹੁੰਚ ਕੇ ਕੌਮੀ ਸ਼ਹੀਦਾਂ ਨੂੰ ਯਾਦ ਕਰੀਏ ਅਤੇ ਆਪਣੇ ਹੱਕਾਂ ਤੇ ਇਤਿਹਾਸ ਦੀ ਰਾਖੀ ਲਈ ਵਚਨਬੱਧ ਹੋਈਏ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਵੱਲੋਂ ਕੀਤੀ ਜਾਵੇਗੀ ਸ਼ਮੂਲੀਅਤ।



# ਬਾਬੇ ਧੁੰਮੇ ਵੱਲੋਂ 6 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਕੋਈ ਵੀ ਸ਼ਰਾਰਤ ਨਹੀਂ ਹੋਣ ਦਵਾਂਗੇ - ਅਤਲਾ

**ਮਾਨਸਾ**

ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਧੁੰਮਾ ਵੱਲੋਂ 6 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਣ ਵਾਲੀ ਸ਼ਹੀਦੀ ਅਰਦਾਸ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਫ਼ਸੀਲ ਤੋਂ ਸੰਦੇਸ਼ ਨਾ ਦੇਣ ਸੰਬੰਧੀ ਆਏ ਬਿਆਨ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ "ਸ੍ਰੀ ਅਕਾਲ ਤਖਤ ਸਾਹਿਬ ਸਾਡਾ ਸਿੱਖਾਂ ਦਾ ਆਧਿਆਤਮਿਕ ਤਖਤ ਹੈ। ਇੱਥੇ ਨਿਮਰਤਾ ਅਤੇ ਸਨਮਾਨ ਨਾਲ, ਸ਼ਹੀਦਾਂ ਦੀ ਯਾਦ 'ਚ ਇਕਜੁੱਟ ਹੋ ਕੇ ਅਰਦਾਸ ਕਰਨੀ ਚਾਹੀਦੀ ਹੈ। ਗਿ ਕੁਲਦੀਪ ਸਿੰਘ ਗੜਗੱਜ ਦੀ ਆਵਾਜ਼ ਰੋਕਣ ਦੀ ਕੋਸ਼ਿਸ਼, ਗ਼ੈਰ ਜਾਇਜ਼ ਅਤੇ ਵੰਡ ਪੈਦਾ ਕਰਨ ਵਾਲੀ ਗੱਲ ਹੈ। ਅਸੀਂ ਇਹੋ ਜਹੀ ਸ਼ਰਾਰਤ ਨਹੀਂ ਹੋਣ ਦਵਾਂਗੇ। ਭਾਈ ਅਤਲਾ ਨੇ ਇਤਿਹਾਸ ਦੀ ਯਾਦ ਦਿਲਾਉਂਦੇ ਹੋਏ ਕਿਹਾ, "ਸ੍ਰੀ ਅਕਾਲ ਤਖਤ ਸਾਹਿਬ ਉੱਤੇ ਅਬਦਾਲੀ ਤੋਂ ਲੈ ਕੇ ਇੰਦਰਾ ਗਾਂਧੀ ਤੱਕ ਨੇ ਹਮਲੇ ਕੀਤੇ ਤੇ ਉਹ ਚੜ੍ਹ ਕੇ ਆਏ ਸੀ ,ਪਰ ਇਹ ਤਖਤ ਅਟੱਲ ਰਿਹਾ। ਅਸੀਂ ਕਹਿਣਾ ਚਾਹੁੰਦੇ ਹਾਂ ਕਿ ਬਾਬਾ ਹਰਨਾਮ ਸਿੰਘ ਧੁੰਮਾ ਇਸ ਤਖਤ ਦੀ ਮਰਿਆਦਾ ਨੂੰ ਬਣਾਈ ਰੱਖਣ ਅਤੇ ਆਪਣੇ ਬਿਆਨਾਂ ਵਿੱਚ ਸੰਜੀਦਗੀ ਅਤੇ ਸਤਿਕਾਰ ਨਿਭਾਊਣ। ਉਨ੍ਹਾ ਕਿਹਾ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ 6 ਜੂਨ ਨੂੰ ਹੋਣ ਵਾਲੇ ਸਮਾਗਮ ਪੂਰੇ ਸਾਂਝੇਪਣ, ਏਕਤਾ ਅਤੇ ਨਿਮਰਤਾ ਨਾਲ ਮਨਾਏ ਜਾਣ, ਤਾਂ ਜੋ ਸਾਡੇ ਸ਼ਹੀਦਾਂ ਦੀ ਯਾਦ ਅਸਲ ਰੂਪ ਵਿੱਚ ਸਫਲ ਹੋ ਸਕੇ। ਉਨ੍ਹਾਂ ਨੇ ਕਿਹਾ ਕਿ "ਬਾਬਾ ਹਰਨਾਮ ਸਿੰਘ ਧੁੰਮਾ ਵੱਲੋਂ ਹਰ ਸਾਲ 6 ਜੂਨ ਨੂੰ ਅਲੱਗ ਤੌਰ 'ਤੇ ਦਮਦਮੀ ਟਕਸਾਲ ਮਹਿਤਾ ਵਿਖੇ ਸਮਾਗਮ ਕਰਨਾ ਵੀ ਸਹੀ ਨਹੀ ਹੈ। ਇਹ ਸਮਾਂ ਵੰਡ ਦਾ ਨਹੀਂ, ਏਕਤਾ ਦਾ ਹੈ। ਅਸੀਂ ਅਪੀਲ ਕਰਦੇ ਹਾਂ ਕਿ ਇਹ ਸਮਾਗਮ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੀ ਕੀਤਾ ਜਾਵੇ, ਤਾਂ ਜੋ ਸਾਰੀ ਕੌਮ ਨੂੰ ਇੱਕ ਸੰਦੇਸ਼ ਦੀ ਇੱਕ ਹੀ ਅਵਾਜ਼ ਆਵੇ ।



# ਜੋਧਾਨਗਰੀ ਮਿਡਲ ਸਕੂਲ ਵਿੱਚ ਮਨਾਇਆ ਮਾਪੇ ਤੇ ਬੱਚਿਆਂ ਦਾ ਦਿਨ

**ਜੰਡਿਆਲਾ ਗੁਰੂ /ਗੁਰਦੇਵ ਸਿੰਘ ਮਨਜੋਤਰਾਂ**

ਪ੍ਰਿਸੀਪਲ ਮੈਡਮ ਹਰਜੋਤ ਕੌਰ ਦੀ ਅਗਵਾਈ ਵਿੱਚ ਪੇਰੈਂਟਿਸ ਮੀਟਿੰਗ ਪਿੰਡ ਜੋਧਾਨਗਰੀ ਦੇ ਮਿਡਲ ਸਕੂਲ ਵਿੱਚ ਕਰਵਾਈ ਗਈ। ਜਿਸ ਵਿੱਚ ਸਕੂਲੀ ਬੱਚਿਆਂ ਦੇ ਮਾਪਿਆਂ ਅਤੇ ਪਿੰਡ ਦੇ ਪੱਤਵੰਤਿਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਬੁਲਾਰਿਆਂ ਵੱਲੋ ਬੱਚਿਆਂ ਨੂੰ ਮੌਜੂਦਾ ਦੌਰ ਵਿੱਚ ਸਕੂਲੀ ਸਿੱਖਿਆ ਦੇ ਨਾਲ ਸਮਾਜ ਵਿਚਲੇ ਬੁਰੇ ਪੱਖਾਂ ਤੋਂ ਆਪਣੇ ਆਪ ਨੂੰ ਕਿਵੇਂ ਬਚਾ ਅੱਗੇ ਵਧਿਆ ਜਾਵੇ ।ਕਿ ਅਸੀ ਤਰੱਕੀ ਦੀਆਂ ਮੰਜ਼ਲਾਂ ਸਰ ਕਰ ਸਕੀਏ । ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ। ਸਮਾਜਸੇਵੀ ਸਾ: ਸੂਬੇ: ਕੁਲਵੰਤ ਸਿੰਘ ਨੇ ਪਾਲੀਥੀਨ ਦੀ ਰੋਕਥਾਮ ਅਤੇ ਪਾਣੀ ਦੀ ਹੋ ਰਹੀ ਦੁਰਵਰਤੋਂ ਤੇ ਚਿੰਤਾ ਪ੍ਰਗਟਾਉਂਦਿਆਂ ਸਹੀ ਵਰਤੋਂ ਕਰਨ ਲਈ ਬੱਚਿਆਂ ਨੂੰ ਵਧੇਰੇ ਜਾਣਕਾਰੀ ਦਿੱਤੀ ਇਸ ਮੌਕੇ ਸਕੂਲ ਮੁਖੀ ਨੇ ਗੱਲਬਾਤ ਮੌਕੇ ਦੱਸਿਆ, ਕਿ ਸਾਡੇ ਬੱਚੇ ਪੜਾਈ ਵਿਚ ਬਹੁਤ ਲਾਇਕ ਹਨ। ਅਤੇ ਮਨ ਲਾਕੇ ਪੜ੍ਹਾਈ ਕਰਦੇ ਹਨ। ਹਾਲਾ ਕਿ ਸਾਡੇ ਕੋਲ ਸਕੂਲ ਅਧਿਆਪਕਾਂ ਦੀ ਕਾਫ਼ੀ ਘਾਟ ਹੈ। ਜੋ ਕਿ ਸਰਕਾਰ ਨੂੰ ਪੂਰੀ ਕਰਨੀ ਚਾਹੀਦੀ ਹੈ। ਇਸ ਮੌਕੇ ਬੀ ਐਮ ਰਈਆ ਜਸਬੀਰ ਕੌਰ, ਸਕੂਲ ਮੁਖੀ ਮੈਡਮ ਹਰਜੋਤ ਕੌਰ, ਮੈਡਮ ਰਿੱਤੂ ਬਾਲਾ, ਮਾਸਟਰ ਜੈਬਲਦੀਪ ਸਿੰਘ, ਸਰਪੰਚ ਗੁਰਮੀਤ ਕੌਰ, ਕਰਨਬੀਰ, ਕਿਸਾਨ ਆਗੂ ਮੁਖਬੈਨ ਸਿੰਘ, ਜਥੇ: ਤਲਵਿੰਦਰ ਸਿੰਘ ਬਾਊ, ਇਕਬਾਲ ਸਿੰਘ ਸਿੱਧੂ , ਜਸਬੀਰ ਸਿੰਘ ਜੱਸ ਸਾ: ਪੰਚ, ਗੁਰਸਿਮਰਨਜੀਤ ਸਿੰਘ ਮੰਗਾ, ਤੇ ਹੋਰ ਸਖਸੀਅਤਾਂ ਹਾਜਰ ਸਨ।



# ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

**ਜੰਡਿਆਲਾ ਗੁਰੂ ਗੁਰਦੇਵ ਸਿੰਘ ਮਨਜੋਤਰਾਂ**

ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ।

ਸਭ ਤੋਂ ਪਹਿਲਾਂ ਸਕੂਲ ਅਸੈਂਬਲੀ ਵਿੱਚ ਬੱਚਿਆਂ ਵੱਲੋਂ ਗੁਰੂ ਸਾਹਿਬਾਂ ਦੀ ਸ਼ਹੀਦੀ ਨਾਲ ਸੰਬੰਧਿਤ ਸ਼ਬਦ ਗਾਇਨ ਕੀਤੇ ਗਏ ਉਪਰੰਤ ਦਸਵੀਂ ਕਲਾਸ ਦੀ ਵਿਦਿਆਰਥਨ ਗੁਰਲੀਨ ਕੌਰ ਨੇ ਆਪਣੇ ਸ਼ਬਦਾਂ ਰਾਹੀਂ ਗੁਰੂ ਸਾਹਿਬ ਜੀ ਦੀ ਜੀਵਨੀ ਬਾਰੇ ਦੱਸਿਆ।

ਉਪਰੰਤ ਸਕੂਲ ਦੇ ਆਡੋਟੋਰੀਅਮ ਵਿੱਚ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਸਭ ਤੋਂ ਪਹਿਲਾਂ ਬੱਚਿਆਂ ਨੇ ਸੰਗਤ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਉਪਰੰਤ ਸਕੂਲ ਦੇ ਬੱਚਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਬੱਚਿਆਂ ਵੱਲੋਂ ÷ਤੱਤੀ ਤਵੀ ਤੇ ਬੈਠਾ ਹੈ ਕੋਈ ਸ਼ਹਿਨਸ਼ਾਹ ਜਾਪੇ÷ ਰਸ ਭਿੰਨਾ ਸ਼ਬਦ ਗਾ ਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਵਾਈ ਅਤੇ ਮਾਹੌਲ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਕਿੰਡਰ ਗਾਰਡਨ ਸੈਕਸ਼ਨ ਦੀ ਐਲਕੇਜੀ ਕਲਾਸ ਦੀ ਬੱਚੀ ਰਹਿਮਤਦੀਪ ਕੌਰ ਨੇ ਸ਼ਹੀਦੀ ਪੁਰਬ ਸਬੰਧੀ ਬੜੀ ਹੀ ਵੈਰਾਗਮਈ ਕਵਿਤਾ ਪੇਸ਼ ਕੀਤੀ । ਇਸ ਦੇ ਨਾਲ ਹੀ ਸਕੂਲ ਦੀ ਅੱਠਵੀਂ ਕਲਾਸ ਦੀ ਵਿਦਿਆਰਥਨ ਸੀਰਤ ਕੌਰ ਨੇ ਵੀ ਕਵਿਤਾ ਰਾਹੀਂ ਗੁਰੂ ਸਾਹਿਬ ਜੀ ਦੀ ਉਸਤਤ ਕੀਤੀ। ਉਪਰੰਤ ਬੱਚਿਆਂ ਨੂੰ ਪੀਪੀਟੀ ਵਿਜੁਅਲ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ :ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਬੱਚਿਆਂ ਨੂੰ ਗੁਰੂ ਸਾਹਿਬਾਂ ਦੇ ਸ਼ਹੀਦੀ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਸ਼ਹੀਦੀ ਵਾਲੇ ਦਿਨ ਗੁਰਦੁਆਰਾ ਸਾਹਿਬ ਜਾ ਕੇ ਨਤਮਸਤਕ ਹੋਣ ਲਈ ਕਿਹਾ।

ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਸਕੂਲਾਂ ਵਿੱਚ ਗੁਰੂ ਸਾਹਿਬਾਂ ਦੇ ਦਿਨ ਮਨਾਉਣੇ ਬਹੁਤ ਜਰੂਰੀ ਹਨ ਤਾਂ ਕਿ ਸਾਡੀ ਆਉਣ ਵਾਲੀ ਪੀੜੀ ਨੂੰ ਗੁਰ ਇਤਿਹਾਸ ਦਾ ਪਤਾ ਲੱਗੇ ਆਉਣ ਵਾਲੀ ਪੀੜੀ ਇਹ ਜਾਣ ਸਕੇ ਕਿ ਸਾਡੇ ਗੁਰੂਆਂ ਨੇ ਸਾਡੇ ਲਈ ਕਿੰਨੀਆਂ ਕੁਰਬਾਨੀਆਂ ਕੀਤੀਆਂ। ਆਓ ਉਹਨਾਂ ਮਹਾਨ ਗੁਰੂ ਸਾਹਿਬਾਂ ਨੂੰ ਯਾਦ ਕਰੀਏ ਜਿਨਾਂ ਨੇ ਸਾਡੇ ਲਈ ਸਿੱਖ ਕੌਮ ਲਈ ਸ਼ਹੀਦੀਆਂ ਦਿੱਤੀਆਂ। ਇਸ ਮੌਕੇ ਤੇ ਸਾਰੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਕੀ ਕ੍ਰਿਕਟ ਨਾਇਕਾਂ ਦੀ ਇਸ ਤਰਾਂ ਵਿਦਾਇਗੀ ਸਹੀ.. ?

**ਮਈ** 2025 ਦੇ ਪਹਿਲੇ ਦੋ ਹਫ਼ਤਿਆਂ ਵਿੱਚ ਭਾਰਤੀ ਕ੍ਰਿਕਟ ਨੇ ਦੋ ਅਜਿਹੀਆਂ ਵਿਦਾਇਗੀਆਂ ਦੇਖੀਆਂ ਜੋ ਸਿਰਫ਼ ਇੱਕ ਖਿਡਾਰੀ ਦੇ ਖੇਡ ਨੂੰ ਅਲਵਿਦਾ ਆਖਣ ਦੀ ਘੋਸ਼ਣਾ ਨਹੀਂ ਸੀ, ਸਗੋਂ ਇਹ ਵਿਦਾਇਗੀਆਂ ਭਾਰਤੀ ਕ੍ਰਿਕਟ ਦੇ ਇਤਿਹਾਸ ਵਿੱਚ ਇੱਕ ਦੌਰ ਦੇ ਖ਼ਤਮ ਹੋਣ ਦਾ ਐਲਾਨ ਸਨ। ਪਹਿਲਾਂ ਰੋਹਿਤ ਸ਼ਰਮਾ ਅਤੇ ਉਸ ਤੋਂ ਬਾਅਦ ਰਨ ਮਸ਼ੀਨ ਵਿਰਾਟ ਕੋਹਲੀ ਵੱਲੋਂ ਟੈਸਟ ਕ੍ਰਿਕਟ ਤੋਂ ਸੰਨਿਆਸ ਦੀ ਘੋਸ਼ਣਾ ਕੀਤੀ ਗਈ। ਇਹ ਦੋਵੇਂ ਨਾਮ ਸਿਰਫ਼ ਮੈਚ ਜਿੱਤਣ ਵਾਲੇ ਖਿਡਾਰੀ ਨਹੀਂ ਸਨ, ਸਗੋਂ ਉਹ ਆਦਰਸ਼ ਸਨ ਜੋ ਹਰ ਨੌਜਵਾਨ ਖਿਡਾਰੀ ਆਪਣੇ ਸੁਪਨਿਆਂ ਵਿੱਚ ਵੇਖਦਾ ਹੈ। ਇਨ੍ਹਾਂ ਦੀ ਸੰਨਿਆਸੀ ਘੋਸ਼ਣਾ ਨੇ ਸਿਰਫ਼ ਪ੍ਰਸ਼ੰਸਕਾਂ ਨੂੰ ਹੀ ਨਹੀਂ, ਸਗੋਂ ਪੂਰੇ ਕ੍ਰਿਕਟ ਜਗਤ ਨੂੰ ਹੈਰਾਨ ਕਰ ਦਿੱਤਾ। ਇਹ ਵਿਦਾਇਗੀਆਂ ਇਕ ਅਜਿਹੇ ਸਮੇਂ ਹੋਈਆਂ ਜਦੋਂ ਭਾਰਤ ਇੰਗਲੈਂਡ ਨਾਲ ਇੱਕ ਮਹੱਤਵਪੂਰਨ ਟੈਸਟ ਸੀਰੀਜ਼ ਦੀ ਤਿਆਰੀ ਕਰ ਰਿਹਾ ਸੀ। ਇੱਕ ਸਮਝਦਾਰ ਪ੍ਰਸ਼ੰਸਕ ਲਈ ਇਹ ਸਵਾਲ ਲਾਜਮੀ ਬਣਦਾ ਹੈ ਕਿ ਆਖ਼ ?ਰ ਕੀ ਹੋਇਆ ਕਿ ਇਹ ਦੋ ਸ਼ਾਨਦਾਰ ਖਿਡਾਰੀ, ਜੋ ਕਿ ਅਜੇ ਵੀ ਆਪਣੇ ਕਰੀਅਰ ਦੇ ਪੱਕੇ ਮੋੜ 'ਤੇ ਸਨ, ਅਚਾਨਕ ਸੰਨਿਆਸ ਦੀ ਘੋਸ਼ਣਾ ਕਰਨ ਲਈ ਮਜਬੂਰ ਹੋਏ? ਕੀ ਇਹ ਉਹਨਾਂ ਦੀ ਆਪਣੀ ਚੋਣ, ਮਜ਼ਬੂਰੀ ਸੀ ਜਾਂ ਕਿਸੇ ਅਦ੍ਰਿਸ਼ ਲੋਬੀ ਦਾ ਦਬਾਅ ?

ਰੋਹਿਤ ਸ਼ਰਮਾ ਅਤੇ ਵਿਰਾਟ ਕੋਹਲੀ – ਇਹ ਦੋਨੋਂ ਨਾਮ ਭਾਰਤੀ ਕ੍ਰਿਕਟ ਦੇ ਮਾਣ ਸਨ। ਜਦੋਂ ਵੀ ਇਹਨਾਂ ਨੇ ਮੈਦਾਨ ਵਿੱਚ ਕਦਮ ਰੱਖਿਆ, ਲੋਕਾਂ ਨੇ ਟੀਵੀ ਸਕ੍ਰੀਨਾਂ 'ਤੇ ਅੱਖਾਂ ਜਮਾ ਲਈਆਂ। ਰੋਹਿਤ ਸ਼ਰਮਾ ਨੇ ਜਿੱਥੇ ਇੱਕ ਦਿਨਾਂ ਮੈਚਾਂ ਵਿੱਚ ਤਿੰਨ ਦੋਹਰੇ ਸੈਂਕੜੇ ਲਾ ਕੇ ਇਕ ਨਵਾਂ ਇਤਿਹਾਸ ਰਚਿਆ, ਉਥੇ ਕੋਹਲੀ ਨੇ ਇੱਕ ਦਿਨਾਂ ਮੈਚਾਂ ਵਿੱਚ 5 1 ਸੈਂਕੜੇ ਲਾ ਕੇ ਸਚਿਨ ਤੇਂਦੂਲਕਰ ਦੇ 49 ਸੈਂਕੜਿਆਂ ਦਾ ਰਿਕਾਰਡ ਤੋੜ ਦਿੱਤਾ। ਇਹ ਦੋਵੇਂ ਨਾਮ ਨਾ ਸਿਰਫ਼ ਸੰਖਿਆਵਾਂ 'ਚ ਅੱਗੇ ਸਨ, ਸਗੋਂ ਜਜ਼ਬਾਤਾਂ, ਹੌਂਸਲੇ ਅਤੇ ਪ੍ਰੇਰਣਾ ਦੇ ਸਨਮਾਨਿਕ ਚਿਹਰੇ ਵੀ ਸਨ। ਸਚਿਨ ਤੇਂਦੂਲਕਰ ਨੂੰ ਜਿਵੇਂ ਸੰਨਿਆਸ ਦਿੰਦੇ ਸਮੇਂ ਇੱਕ ਪੂਰੀ ਸੀਰੀਜ਼ ਦਾ ਮੌਕਾ ਦਿੱਤਾ ਗਿਆ ਸੀ, ਹਰ ਮੈਚ ਵਿੱਚ ਇਕ ਸ਼ਾਨਦਾਰ ਤਰੀਕੇ ਨਾਲ ਉਨ੍ਹਾਂ ਨੂੰ ਵਿਦਾ ਕੀਤਾ ਗਿਆ, ਉਨ੍ਹਾਂ ਦੇ ਪ੍ਰਸ਼ੰਸਕਾਂ ਨੂੰ ਇੱਕ ਆਖ਼ਰੀ ਵਾਰ ਉਨ੍ਹਾਂ ਨੂੰ ਖੇਡਦੇ ਦੇਖਣ ਦਾ ਮੌਕਾ ਮਿਲਿਆ। ਪਰ ਰੋਹਿਤ ਅਤੇ ਕੋਹਲੀ ਨੂੰ ਇਹ ਮੌਕਾ ਨਹੀਂ ਮਿਲਿਆ। ਨਾ ਕੋਈ ਆਖ਼ਰੀ ਮੈਚ, ਨਾ ਵਿਦਾਈ ਸਮਾਰੋਹ, ਨਾ ਹੀ ਕੋਈ ਜਜ਼ਬਾਤੀ ਪਲ – ਸਿਰਫ਼ ਸ਼ੋਸ਼ਲ ਮੀਡੀਆ ਅਕਾਊਂਟ ਦੀ ਇੱਕ ਪੋਸਟ ਨਾਲ ਰਿਟਾਇਰਮੈਂਟ ਦਾ ਐਲਾਨ ਕਰ ਦਿੱਤਾ ਗਿਆ ਜਾਂ ਕਰਵਾ ਦਿੱਤਾ ਗਿਆ। ਇਕ ਖਾਸ ਗੱਲ 36 ਸਾਲਾ ਵਿਰਾਟ ਕੋਹਲੀ ਜੋ ਕਿ ਸਰੀਰਿਕ ਤੌਰ ਤੇ ਅੱਜ ਦੇ 20-22 ਸਾਲ ਦੇ ਨੌਜਵਾਨ ਖਿਡਾਰੀਆਂ ਨੂੰ ਵੀ ਮਾਤ ਦਿੰਦਾ ਹੈ, ਉਸ ਨੇ ਸਚਿਨ ਤੇਂਦੂਲਕਰ ਦੇ ਕਈ ਰਿਕਾਰਡ ਤੋੜ ਦਿੱਤੇ ਹਨ ਅਤੇ ਅਗਰ ਉਸ ਨੂੰ ਵੀ ਸਚਿਨ ਦੇ ਬਰਾਬਰ ਉਮਰ ਤੱਕ ਖੇਡਣ ਦਾ ਮੌਕਾ ਦਿੱਤਾ ਜਾਂਦਾ ਤਾਂ ਕੋਹਲੀ ਨੇ ਕ੍ਰਿਕਟ ਦੇ ਭਗਵਾਨ ਕਹੇ ਜਾਣ ਵਾਲੇ ਸ਼ਖਸ ਦੇ ਲੱਗ-ਭੱਗ ਸਾਰੇ ਰਿਕਾਰਡ ਤੋੜ ਦੇਣੇ ਸਨ। ਪਰ ਸ਼ਾਇਦ ਕ੍ਰਿਕਟ ਨਾਲ ਸੰਬੰਧਿਤ ਲਾਬੀ ਵਿੱਚ ਬਹੁਤ ਸਾਰੇ ਲੋਕ ਇਸ ਤਰ੍ਹਾਂ ਦੇ ਹੋ ਸਕਦੇ ਹਨ ,ਜੋ ਇਹ ਨਹੀਂ ਚਾਹੁੰਦੇ ਹੋਣਗੇ ਕਿ ਕੋਈ ਵੀ ਕ੍ਰਿਕਟ ਦੇ ਭਗਵਾਨ ਦੇ ਸਾਰੇ ਰਿਕਾਰਡ ਤੋੜ ਦੇਵੇ।

ਕੀ ਇਹ ਸਿਰਫ਼ ਟੈਸਟ ਕ੍ਰਿਕਟ ਤੋਂ ਸੰਨਿਆਸ ਦਾ ਨਿਜੀ ਐਲਾਨ ਸੀ ਜਾਂ ਕੋਈ ਹੋਰ ਅੰਦਰੂਨੀ ਮਜ਼ਬੂਰੀ ਸੀ ? ਭਾਰਤੀ ਕ੍ਰਿਕਟ ਵਿੱਚ ਕਈ ਵਾਰੀ ਆਖ਼ਰੀ ਚੋਣ ਖਿਡਾਰੀ ਦੀ ਨਹੀਂ ਰਹਿ ਜਾਂਦੀ। ਲੋਬੀਆਂ, ਮੀਡੀਆ ਦਬਾਅ, ਨਵੇਂ ਟੈਲੰਟ ਨੂੰ ਤਿਆਰ ਕਰਨ ਦੀ ਜ਼ਰੂਰਤ – ਇਹ ਸਭ ਉਹ ਕਾਰਨ ਹਨ ਜੋ ਅਕਸਰ ਇਕ ਮਹਾਨ ਖਿਡਾਰੀ ਦੀ ਜਗ ?ਹਾ ਖਤਰੇ ਵਿੱਚ ਪਾ ਦੇਂਦੇ ਹਨ। ਪਰ ਇੱਥੇ ਗੱਲ ਦੋ ਅਜਿਹੇ ਖਿਡਾਰੀਆਂ ਦੀ ਹੋ ਰਹੀ ਹੈ ਜੋ ਹੁਣ ਵੀ ਆਪਣੀ ਬੈਟਿੰਗ ਅਤੇ ਕਪਤਾਨੀ ਨਾਲ ਮੈਚ ਦਾ ਰੁੱਖ ਮੋੜ ਸਕਦੇ ਸਨ। ਅਕਸਰ ਕਿਹਾ ਜਾਂਦਾ ਹੈ ਕਿ ਕ੍ਰਿਕਟ ਭਾਵਨਾ ਦੀ ਖੇਡ ਹੈ। ਖਿਡਾਰੀ ਸਿਰਫ਼ ਬੈਟ ਜਾਂ ਬਾਲ ਨਹੀਂ ਹੁੰਦੇ, ਉਹ ਲੋਕਾਂ ਦੇ ਦਿਲਾਂ ਵਿੱਚ ਵੱਸਦੇ ਹਨ। ਜਦੋਂ ਵੀ ਕੋਹਲੀ ਨੇ ਅੰਗਰੇਜ਼ ਬੋਲਰਾਂ ਦੇ ਦੰਦ ਖੱਟੇ ਕਰਕੇ ਮੈਚ ਜਿਤਾਇਆ ਜਾਂ ਰੋਹਿਤ ਨੇ ਕਾਫ਼ੀ ਹੱਦ ਤੱਕ ਲੜਦਿਆਂ ਹਾਰ ਨੂੰ ਜਿੱਤ ਵਿੱਚ ਬਦਲਿਆ, ਤਦੋਂ ਲੋਕਾਂ ਨੇ ਆਪਣੇ ਘਰ ਦੇ ਮੈਂਬਰ ਵਾਂਗ ਇਨ੍ਹਾਂ ਨੂੰ ਪਿਆਰ ਦਿੱਤਾ। ਪਰ ਅਚਾਨਕ ਇਕ ਅਜਿਹੀ ਖ਼ਾਮੋਸ਼ੀ ਨਾਲ ਇਹ ਦੋਹੇ ਨਾਇਕ ਟੈਸਟ ਕ੍ਰਿਕਟ ਨੂੰ ਅਲਵਿਦਾ ਆਖ ਗਏ ਜਾਂ ਕਿ ਇਹ ਲੱਗਣ ਲੱਗਾ ਜਿਵੇਂ ਉਹ ਸਿਸਟਮ ਦਾ ਸ਼ਿਕਾਰ ਹੋ ਗਏ।

ਭਾਰਤ ਵਰਗੇ ਦੇਸ਼ ਵਿੱਚ ਜਿੱਥੇ ਖੇਡਾਂ ਨੂੰ ਲੈ ਕੇ ਲੋਕਾਂ ਦੀ ਭਾਵਨਾ ਬਹੁਤ ਉੱਚੀ ਹੈ, ਉੱਥੇ ਕਿਸੇ ਵੀ ਖਿਡਾਰੀ ਨੂੰ ਉਨ੍ਹਾਂ ਦੀ ਲਾਜਬਾਬ ਸੇਵਾ ਦੇ ਬਾਵਜੂਦ ਇੰਜ ਖਾਮੋਸ਼ੀ ਨਾਲ ਰਵਾਨਾ ਕਰ ਦੇਣਾ, ਸਿਰਫ਼ ਅਣਉਚਿਤ ਹੀ ਨਹੀਂ, ਸਗੋਂ ਨਿਰਾਦਰ ਵੀ ਹੈ। ਇਹ ਵਿਦਾਇਗੀ ਸਿਰਫ਼ ਰੋਹਿਤ ਜਾਂ ਕੋਹਲੀ ਦੀ ਨਹੀਂ, ਸਗੋਂ ਭਾਰਤੀ ਪ੍ਰਸ਼ੰਸਕਾਂ ਦੀਆਂ ਉਮੀਦਾਂ, ਖੁਸ਼ੀਆਂ ਅਤੇ ਉਤਸ਼ਾਹ ਦੀ ਵੀ ਵਿਦਾਇਗੀ ਸੀ। ਇੱਕ ਹੋਰ ਮੁੱਦਾ ਜਿਸ ਦੀ ਪੜਤਾਲ ਹੋਣੀ ਚਾਹੀਦੀ ਹੈ, ਉਹ ਇਹ ਹੈ ਕਿ ਕਿਤੇ ਇਹ ਦੋਹਾਂ ਨਾਇਕਾਂ ਦੀ ਸੰਨਿਆਸੀ ਘੋਸ਼ਣਾ ਕਿਸੇ ਤਿਆਰ ਕੀਤੇ ਗਏ ਰਣਨੀਤਕ ਦਬਾਅ ਦਾ ਨਤੀਜਾ ਤਾਂ ਨਹੀਂ ਸੀ ? ਕੀ ਕ੍ਰਿਕਟ ਬੋਰਡ ਨੇ ਨਵੇਂ ਚਿਹਰਿਆਂ ਨੂੰ ਅੱਗੇ ਵਧਾਉਣ ਲਈ ਪੁਰਾਣੇ ਨਾਇਕਾਂ ਨੂੰ ਖ਼ਾਮੋਸ਼ੀ ਨਾਲ ਹਟਾਉਣ ਦੀ ਰਣਨੀਤੀ ਤਿਆਰ ਕੀਤੀ ਗਈ ? ਜੇ ਅਜਿਹਾ ਹੈ, ਤਾਂ ਇਹ ਤਰੀਕਾ ਭਾਵਨਾਤਮਕ ਤੌਰ 'ਤੇ ਵੀ ਅਤੇ ਪੇਸ਼ਾਵਰ ਤੌਰ 'ਤੇ ਵੀ ਅਣਮਨੋਰੰਜਕ ਹੈ।

ਇਸ ਸਾਰੀ ਘਟਨਾ ਤੋਂ ਇਹ ਸਿੱਖਣਾ ਜਰੂਰੀ ਹੈ ਕਿ ਖਿਡਾਰੀ ਦੀ ਯਾਤਰਾ ਸਿਰਫ਼ ਮੈਦਾਨ ਵਿੱਚ ਹੀ ਨਹੀਂ, ਮੈਦਾਨ ਤੋਂ ਬਾਹਰ ਵੀ ਹੋਣੀ ਚਾਹੀਦੀ ਹੈ। ਸੰਨਿਆਸ ਇੱਕ ਅਜਿਹਾ ਪਲ ਹੁੰਦਾ ਹੈ ਜਦੋਂ ਖਿਡਾਰੀ ਨੂੰ ਉਸਦੇ ਯਤਨਾਂ ਅਤੇ ਯੋਗਦਾਨ ਲਈ ਉਚਿਤ ਮਾਣ ਮਿਲਣਾ ਚਾਹੀਦਾ ਹੈ। ਇਹ ਸਿਰਫ਼ ਤਾਲੀਆਂ ਨਹੀਂ, ਸਗੋਂ ਇਕ ਸੰਸਕਾਰ ਵੀ ਹੈ ਜੋ ਅਗਲੇ ਪੀੜ੍ਹੀ ਦੇ ਖਿਡਾਰੀਆਂ ਨੂੰ ਦਿਖਾਉਂਦਾ ਹੈ ਕਿ ਖੇਡ ਵਿੱਚ ਮਿਹਨਤ ਅਤੇ ਸਮਰਪਣ ਦਾ ਕੀ ਮੁੱਲ ਹੈ। ਇਹ ਲੇਖ ਇਥੇ ਇਹ ਅਰਦਾਸ ਕਰਦੇ ਹੋਏ ਖਤਮ ਕਰਦਾ ਹਾਂ ਕਿ ਭਵਿੱਖ ਵਿੱਚ ਕਿਸੇ ਵੀ ਖਿਡਾਰੀ ਦੀ ਵਿਦਾਇਗੀ, ਖਾਸ ਕਰਕੇ ਐਸੇ ਨਾਇਕਾਂ ਦੀ ਜੋ ਦੇਸ਼ ਦੇ ਗੌਰਵ ਹਨ, ਇੰਜ ਖਾਮੋਸ਼ੀ ਨਾਲ ਨਾ ਹੋਵੇ। ਰੋਹਿਤ ਅਤੇ ਕੋਹਲੀ ਦੀ ਵਿਦਾਇਗੀ ਸਾਡੇ ਲਈ ਸਿਖਿਆ ਹੈ, ਜਿਸ ਰਾਹੀਂ ਅਸੀਂ ਖੇਡਾਂ ਦੇ ਪ੍ਰਤੀ ਆਪਣੇ ਰਵੱਈਏ ਨੂੰ ਬਦਲ ਸਕੀਏ। ਇਹ ਦੋਵੇਂ ਨਾਮ ਭਾਵੇਂ ਹੁਣ ਟੈਸਟ ਕ੍ਰਿਕਟ ਤੋਂ ਅਲਵਿਦਾ ਲੈ ਚੁੱਕੇ ਹਨ ਜਾਂ ਇਹਨਾਂ ਨੂੰ ਅਲਵਿਦਾ ਕਰ ਦਿੱਤਾ ਗਿਆ ਹੈ, ਪਰ ਉਨ੍ਹਾਂ ਦੀ ਯਾਦ, ਉਨ੍ਹਾਂ ਦੇ ਰਿਕਾਰਡ ਅਤੇ ਉਨ੍ਹਾਂ ਦੇ ਖੇਡ ਪ੍ਰਤੀ ਜੋਸ਼ ਨੂੰ ਭਾਰਤੀ ਕ੍ਰਿਕਟ ਦੇ ਇਤਿਹਾਸ ਤੋਂ ਹਟਾਇਆ ਨਹੀਂ ਜਾ ਸਕੇਗਾ। ਇਹ ਵਿਦਾਇਗੀ ਦੁਖਦਾਈ ਹੈ, ਪਰ ਉਮੀਦ ਹੈ ਕਿ ਇਹ ਸਿਸਟਮ ਲਈ ਇਕ ਜਾਗਰੂਕਤਾ ਦਾ ਸੁਨੇਹਾ ਹੋਵੇਗੀ। ਬਾਕੀ ਪਾਠਕ ਆਪਣੀ ਰਾਏ ਵਿੱਚ ਦੱਸ ਸਕਦੇ ਹਨ, ਕੀ ਇਹ ਵਿਦਾਇਗੀ ਸਿਰਫ਼ ਸਮੇਂ ਦੀ ਮੰਗ ਸੀ ਜਾਂ ਇਸ ਪਿੱਛੇ ਹੋਰ ਕੋਈ ਕਹਾਣੀ ਲੁਕੀ ਹੋਈ ਹੈ ?

**ਸੰਦੀਪ ਕੁਮਾਰ-7009807121**

# ਮਹਿੰਗਾ ਸਿੰਘ ਆਂਹਦਾ ਮਹਾਂਪੁਰਖੋ ਮੇਰਾ ਦਿਲ ਸਿੱਧੀ ਜੰਗ ਅੰਦਰ ਜੂਝਣ ਨੂੰ ਕਰਦਾ




ਮਹਿੰਗਾ ਸਿੰਘ ਬੱਬਰ ਤੇਜਾ ਸਿੰਘ ਸਮੁੰਦਰੀ ਹਾਲ ਦੇ ਕੋਲ ਦੀ ਲੰਘ ਰਿਹਾ ਸੀ। ਅਜੇ ਨਵਾਂ ਨਵਾਂ ਅਮ੍ਰਿਤ ਹੀ ਛਕਿਆ ਸੀ। ਉਪਰੋਂ ਦੀ ਪਾਈ ਸਿਰੀ ਸਾਹਿਬ ਵੱਖਰਾ ਜਾਹੋ ਜਲਾਲ ਸਿੰਘ ਦੇ ਚਿਹਰੇ ਤੋਂ ਨਜਰੀਂ ਪਵੇ। ਨਾਲ ਦੇ ਸਿੰਘ ਨੂੰ ਉਹ ਕਿਸਾ ਸੁਣਾਈ ਜਾਵੇ ਜਦੋਂ ਅਜੇ ਮਹਿੰਗਾ ਸਿੰਘ ਅਜੇ ਕੁਲਵੰਤ ਸਿੰਘ ਸੀ ਤੇ ਆਈ,ਟੀ,ਆਈ ਚ ਪੜਦਾ ਸੀ। ਅਜੇ ਨਾਲ ਦੇ ਸਿੰਘਾਂ ਨਾਲ ਭਾਈ ਅਨੋਖ ਸਿੰਘ ਬੱਬਰ, ਸੁਖਦੇਵ ਸਿੰਘ ਬੱਬਰ, ਵਧਾਵਾ ਸਿੰਘ ਬੱਬਰ ਦੇ ਬਾਰੇ ਗੱਲਬਾਤ ਹੀ ਕਰ ਰਿਹਾ ਸੀ। ਤਾਂ ਦੇਖਦਾ ਕਿ ਸਾਹਮਣਿਓ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਆ ਰਹੇ ਨੇ। ਸੰਤ ਜੀ ਕੋਲ ਆਏ ਮਹਿੰਗਾ ਸਿੰਘ ਬੋਲਿਆ ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ,ਸੰਤਾਂ ਨੇ ਫਤਿਹ ਦਾ ਜਵਾਬ ਫਤਿਹ ਨਾਲ ਦਿੱਤਾ ਮਹਾਂਪੁਰਖੋ ਅੱਜ ਆਪ ਜੀ ਦਾ ਜਨਮ ਦਿਨ ਹੈ ਤੁਹਾਨੂੰ ਬਹੁਤ ਬਹੁਤ ਵਧਾਈਆਂ। ਮਹਾਂਪੁਰਖ ਮੁਸਕੁਰਾਏ ਕਹਿੰਦੇ ਇਕ ਸਾਲ ਹੋਰ ਗੁਰੂ ਦੀ ਸੇਵਾ ਚ ਬੀਤ ਗਿਆ ਸ਼ੁਕਰ ਹੈ। ਮਹਿੰਗਾ ਸਿੰਘ ਆਂਹਦਾ ਮਹਾਂਪੁਰਖੋ ਮੇਰਾ ਦਿਲ ਸਿੱਧੀ ਜੰਗ ਅੰਦਰ ਜੂਝਣ ਨੂੰ ਕਰਦਾ ਪਰ ਅੱਜ ਦੇ ਸਮੇਂ ਚ ਅਜਿਹੀਆਂ ਜੰਗਾਂ ਕਿਥੇ ਲੱਗਦੀਆਂ। ਹੁਣ ਤੇ ਬੁੱਚੜ ਪੁਲਿਸ ਜਾਂ ਤੇ ਚੁੱਕ ਕੇ ਤਸ਼ੱਸਦ ਕਰਕੇ ਸ਼ਹੀਦ ਕਰ ਦੇਂਦੀ ਜਾਂ ਨਰਕਧਾਰੀਆਂ ਵਰਗੇ ਗੁੰਡੇ ਸਾਡਾ ਸ਼ਿਕਾਰ ਖੇਡ ਜਾਂਦੇ। ਮਹਾਂਪੁਰਖ ਮੁਸਕੁਰਾਏ ਕਹਿੰਦੇ ਤੋਹਫਾ ਤੇ ਕੁਝ ਲੈ ਕੇ ਨਹੀਂ ਆਇਆ ਜਨਮ ਦਿਨ ਦਾ ਚਲ ਤੋਹਫੇ ਵਜੋਂ ਵਾਅਦਾ ਕਰਕੇ ਜਾ ਕੇ ਜਦੋਂ ਆਹਮੋ ਸਾਹਮਣੇ ਜੰਗ ਹੋਈ ਤਾਂ ਅਜੇ ਮਹਾਂਪੁਰਖ ਬੋਲ ਹੀ ਰਹੇ ਸਨ। ਫਟ ਨਾਲ ਮਹਿੰਗਾ ਸਿੰਘ ਬੋਲ ਪਿਆ ਮਹਾਂਪੁਰਖੋ ਮੁਆਫੀ ਮੰਗਦਾ ਆਪ ਜੀ ਗੱਲ ਵਿਚੇ ਟੋਕ ਦਿੱਤੀ ਪਰ ਤੁਹਾਡੇ ਮੂਹੋਂ ਇਹ ਸੁਣ ਕੇ ਆਹਮੋ ਸਾਹਮਣੇ ਜੰਗ ਮੇਰੇ ਕੋਲੋਂ ਰਿਹਾ ਨਹੀਂ ਗਿਆ ਮਹਿੰਗਾ ਸਿੰਘ ਦਾ ਤੋਹਫਾ ਕਬੂਲ ਕਰੋ ਜਦੋਂ ਜੰਗ ਆਹਮੋਂ ਸਾਹਮਣੇ ਹੋਈ ਸਭ ਤੋਂ ਪਹਿਲਾ ਸੀਸ ਮਹਿੰਗਾ ਸਿੰਘ ਆਪਣਾ ਦੇਵੇਗਾ ਫਿਰ ਫੌਜ ਅਗਾਂਹ ਵਧ ਸਕੇਗੀ ਪਰ ਜਿਤਨੀ ਦੇਰ ਮਹਿੰਗਾ ਸਿੰਘ ਮੋਰਚੇ ਤੇ ਹੈ ਅੱਗੇ ਨਹੀਂ ਆਉਣ ਦਿੰਦਾ। ਹੁਣ ਆਪ ਜੀ ਫੁਰਮਾਓ। ਮਹਾਂਪੁਰਖ ਮੁਸਕੁਰਾ ਕੇ ਬੋਲੇ ਮਹਿੰਗਾ ਸਿਆਂ ਤੇ ਮੰਗਣ ਤੋਂ ਪਹਿਲਾਂ ਹੀ ਤੂੰ ਬੋਲ ਰੂਪੀ ਭੇਟ ਕਰਤਾ। ਪਿਤਾ ਗੁਰੂ ਰਾਮਦਾਸ ਦੇ ਚਰਨਾ ਚ ਖਲੋਤੇ ਹਾਂ ਜਿਹੜੇ ਬੋਲ ਤੂੰ ਬੋਲੇ ਨੇ ਜੇ ਸੱਚੇ ਦਿਲੋਂ ਕਹੇ ਤਾਂ ਜਰੂਰ ਪੂਰੇ ਹੋਣਗੇ! ਮਹਾਂਪੁਰਖੋ ਇਕ ਗੱਲ ਤੇ ਦੱਸੋ ਜੰਗ ਦੇ ਮੈਦਾਨ ਚ ਜਾਣ ਦਾ ਕਦੋਂ ਮੌਕਾ ਮਿਲੂ! ਮਹਾਂਪੁਰਖ ਬੋਲੇ ਬੱਬਰ ਸ਼ੇਰਾ ਅਜੇ ਥੋੜਾ ਇੰਤਜਾਰ ਕਰਨਾ ਪੈਣੈ। ਮਹਾਂਪੁਰਖੋ ਇਤਨਾ ਦੱਸ ਦਓ ਫਿਰ ਦੁਬਾਰਾ ਆਪ ਜੀ ਦਾ ਜਨਮ ਦਿਨ ਇਕੱਠੇ ਮਨਾਉਣ ਦਾ ਮੌਕਾ ਮਿਲੂ? ਜਰੂਰ ਮਿਲੂ ਨਾਲੇ ਮੈਦਾਨੇ ਜੰਗ ਅੰਦਰ ਤੂੰ ਮੈਨੂੰ ਸ਼ੁਭਕਾਮਨਾਵਾਂ ਦੇ ਕੇ ਹੀ ਸ਼ਹਾਦਤ ਪਾਵੇਂਗਾ। ਇਤਨਾ ਕਹਿ



ਡਾ ਸੁਰਜੀਤ ਸਿੰਘ ਜਰਮਨੀ

ਕਿ ਮਹਾਂਪੁਰਖ ਅਗਾਂਹ ਤੁਰ ਪਏ ਮਹਿੰਗਾ ਸਿੰਘ ਅੱਜ ਬਹੁਤ ਖੁਸ ਸੀ ਅੰਦਰੋਂ! ਕਿਉਂਕਿ ਉਹ ਹਮੇਸ਼ਾ ਆਹਮੋ ਸਾਹਮਣੇ ਮੁਕਾਬਲੇ ਅੰਦਰ ਸ਼ਹੀਦ ਹੋਣ ਨੂੰ ਲੋਚਦਾ ਸੀ। ਇਕ ਜੰਗਜੂ ਬਿਰਤੀ ਦਾ ਮਾਲਕ ਸੀ, ਹਮੇਸ਼ ਆਪਣੇ ਅੰਦਰ ਜੰਗ ਕਰਦਾ ਰਹਿੰਦਾ ਤੇ ਇਤਨਾ ਦ੍ਰਿੜ ਸੀ ਉਸਨੂੰ ਭਰੋਸਾ ਸੀ, ਉਹ ਉਹੀ ਹੈ ਜਿਸ ਨੂੰ ਦਸ਼ਮੇਸ਼ ਜੀ ਸਵਾ ਲੱਖ ਨਾਲ ਲੜਾਉਣਗੇ।

ਫਿਰ ਅਗਲਾ ਵਰਾ ਚੜਿਆ ਮਹਾਂਪੁਰਖਾਂ ਦਾ ਫਿਰ ਅੱਜ ਦੇ ਦਿਨ ? ਜੂਨ ਨੂੰ ਜਨਮ ਦਿਨ ਆਇਆ ਮਹਿੰਗਾ ਸਿੰਘ ਨੂੰ ਉਹੀ ਚਾੜ ਚੜ ਗਿਆ ਜਦੋਂ ਮਹਾਂਪੁਰਖਾਂ ਦੀ ਪਿਛਲੇ ਵਰ੍ਹੇ ਮੈਦਾਨੇ ਜੰਗ ਵਾਲੀ ਗੱਲ ਚੇਤੇ ਆ ਗਈ। ਉਸਤੋਂ ਰਿਹਾ ਨਾ ਗਿਆ ਜਾ ਭਾਈ ਕੁਲਵੰਤ ਸਿੰਘ ਨਾਗੋਕੇ ਨੂੰ ਸੁਣਾਈ ਇਸੇ ਤਰਾਂ ਜਦੋਂ ਭਾਈ ਸੁਲੱਖਣ ਸਿੰਘ, ਭਾਈ ਬਲਵਿੰਦਰ ਸਿੰਘ ਜਾਂ ਭਾਈ ਮਨਮੋਹਨ ਸਿੰਘ ਬੱਬਰ ਨੂੰ ਮਿਲਣਾ ਤਾਂ ਇਹ ਬਾਤ ਜਰੂਰ ਸੁਣਾਉਣੀ। ਫਿਰ ਅਗਲਾ ਵਰ੍ਹਾ ਆਇਆ ਉਹੀ ਗੱਲ ਯਾਦ ਆ ਗਈ ਪਰ ਨਾਲ ਹੀ ਸ਼ੰਕਾ ਹੋਣ ਲੱਗ ਗਿਆ। ਕਿਤੇ ਮਹਾਂਪੁਰਖ ਐਵੇਂ ਤਾਂ ਨਹੀਂ ਕਹਿ ਗਏ ਕਿਉਂਕਿ ਹਰ ਰੋਜ ਬਿਖੜੇ ਪੈਂਡੇ ਤੇ ਚੱਲਣਾ ਪੈ ਰਿਹਾ ਸੀ ਕੋਈ ਪਤਾ ਨਹੀਂ ਸੀ ਕਦੋਂ ਸ਼ਹਾਦਤ ਹੋ ਜਾਵੇ। ਪਰ ਫਿਰ ਇਹ ਗੱਲ ਚੇਤੇ ਆ ਜਾਣੀ ਕਿ ਮਹਾਂਪੁਰਖਾਂ ਦੇ ਬੋਲ ਅਟੱਲ ਹੁੰਦੇ ਹਨ। ਇਸੇ ਤਰਾਂ ਸਬਰ ਕਰਦਾ ?ਵਰ੍ਹੇ ਬਾਅਦ ਮਹਾਂਪੁਰਖਾਂ ਨੂੰ ਮਿਲ ਕੇ ਕਹਿੰਦਾ ਮਹਾਂਪੁਰਖੋ ਇਹ ਤੇ ਕੋਈ ਗੱਲ ਨਾ ਹੋਈ ਹੁਣ ਤੇ ਤੁਹਾਡੇ ? ਜਨਮ ਦਿਵਸ ਮੁਬਾਰਕ ਕਹਿ ਤੇ ਉਸ ਘਟਨਾ ਤੋ ਬਾਅਦ ਪਤਾ ਨਹੀਂ ਜੰਗ ਅੰਦਰ ਸ਼ਹਾਦਤ ਕਦੋਂ ਮਿਲਣੀ। ਸੰਤ ਮੁਸਕੁਰਾਏ ਕਹਿੰਦੇ ਬੱਬਰ ਸ਼ੇਰਾ ਅਗਲਾ ਜਨਮ ਦਿਨ ਆਉਣ ਤੋਂ ਪਹਿਲਾਂ ਗੁਰੂ ਬਖਸ਼ਿਸ ਕਰੇਗਾ। ਚਾਅ ਚੜ ਗਿਆ ਘਰ ਆਇਆ ਤਿਆਰੀ ਕੀਤੀ। ਕਿ ਅਜ ਤੋਂ ਬਾਅਦ ? ਜੂਨ ਤੋਂ ਪਹਿਲਾਂ ਦਸ਼ਮੇਸ਼ ਜੀ ਦੇ ਚਰਨਾਂ ਚ ਚਲੇ ਜਾਣਾ ਸਾਰੇ ਪੰਥਕ ਕਾਰਜ ਬੜੀ ਤਨਦੇਹੀ ਨਾਲ ਨਿਭਾਉਣੇ। ਹਰ ਵਕਤ ਜਾਹੋ ਜਲਾਲ ਤਿਆਰ ਬਰ ਤਿਆਰ।

?? ਆਇਆ ਮਈ ਮਹੀਨੇ ਦਾ ਅੰਤ ਸੀ ?? ਮਈ ਦੀ ਰਾਤ ਫੌਜ ਦਾ ਘੇਰਾ ਪੈ ਗਿਆ। ਮਹਿੰਗਾ ਸਿੰਘ ਬੱਬਰ ਚਾਲੀ ਸਿੰਘ ਨਾਲ ਲੈ ਇਓ ਜਾਪਦਾ ਸੀ ਜਿਵੇਂ ਚਮਕੌਰ ਗੜੀ ਵਾਲੇ ਚਾਲੀ ਮੁਕਤੇ ਮਹਿੰਗਾ ਸਿੰਘ ਨਾਲ ਆ ਰਲੇ ਹੋਣ, ਬਾਬਾ ਅਟੱਲ ਰਾਏ ਵਾਲੇ ਪਾਸੇ ਮੋਰਚਾ ਸਾਂਭ ਕੇ ਬੈਠ ਗਿਆ ? ਜੂਨ ਅਮ੍ਰਿਤ ਵੇਲਾ ਹੋਇਆ। ਮਹਿੰਗਾ ਸਿੰਘ ਬੱਬਰ ਨੇ ਨਿਤਨੇਮ ਕੀਤਾ ਪਤਾ ਸੀ ਅੱਜ ਆਖਰੀ ਦਿਨ ਹੈ। ਗੁਰੂ ਰਾਮਦਾਸ ਮਹਾਰਾਜ ਦੇ ਚਰਨਾਂ ਚ ਨਮਸਕਾਰ ਕਰਕੇ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਨੂੰ ਅਗਲੇ ਦਿਨ ਆਉਣ ਵਾਲੇ ਜਨਮ ਦਿਨ ਦੀਆਂ ਵਧਾਈਆਂ ਦੇ ਕੇ ਬੱਬਰ ਸ਼ੇਰ ਮੋਰਚੇ ਤੇ ਡਟ ਗਿਆ। ਜਦ ਫੌਜ ਨੇ ਪਹਿਲਾ ਫਾਇਰ ਕੀਤਾ ਤਾਂ ਇਧਰੋਂ ਬੱਬਰ ਸ਼ੇਰ ਨੇ ਮਸ਼ੀਨ ਗੰਨ ਦਾ ਮੂੰਹ ਖੋਲ ਦਿੱਤਾ। ਕੁਝ ਪਲਾਂ ਚ ਭਾਰਤੀ ਆਰਮਡ ਫੋਰਸ ਦੀਆਂ ਲੋਥਾਂ ਦੇ ਢੇਰ ਲਾ ਤੇ ਅਖੀਰ ਫੌਜ ਨੇ ?? ਕੁ ਵਜੇ ਬੰਬ ਸੁੱਟ ਕੇ ਬੰਕਰ ਉਡਾ ਦਿੱਤਾ। ਤੇ ਫੌਜ ਦੇ ਸਨਾਈਪਰਾਂ ਨੇ ਤਿੰਨ ਸ਼ਾਟ ਮਹਿੰਗਾ ਸਿੰਘ ਦੇ ਸਿਰ ਤੇ ਮਾਰੇ ਤੇ ਸੂਰਮਾਂ ਆਪਣੇ ਬੋਲ ਪੁਗਾ ਕੇ ਸਭ ਤੋਂ ਪਹਿਲੀ ਸਹਾਦਤ ਦੇ ਕੇ ਸ਼ਹੀਦ ਹੋ ਗਿਆ। ਸ਼ਹਾਦਤ ਦਾ ਤੋਹਫਾ ਅਗਲੇ ਦਿਨ ਸੰਤ ਜਰਨੈਲ ਸਿੰਘ ਜੀ ਖਾਲਸਾ ਨੇ ਕਬੂਲ ਕੇ ਮਹਿੰਗਾ ਸਿੰਘ ਦੀ ਅਰਦਾਸ ਗੁਰੂ ਚਰਨਾਂ ਚ ਕੀਤੀ। ਤੇ ਅੱਜ ਦੇ ਦਿਨ ?? ਸਾਲ ਪਹਿਲਾਂ ਮਹਾਂਪੁਰਖਾਂ ਨੇ ਮੈਦਾਨੇ ਜੰਗ ਅੰਦਰ ਜਨਮ ਦਿਨ ਮਨਾ ਕੇ ਸਿੱਖਾਂ ਨੂੰ ਇਹ ਸਿਖਾਇਆ ਕਿ ਜੰਗਜੂ ਸੂਰੇ ਆਪਣਾ ਜਨਮ ਦਿਨ ਕੇਕ ਕੱਟ ਕੇ ਨਹੀਂ ਬਲਕਿ ਵੈਰੀ ਦਾ ਸਿਰ ਕੱਟ ਕੇ ਮਨਾਉਂਦੇ ਹਨ।

## ਸੰਤਾਲੀ ਚੌਰਾਸੀ

ਕਈ ਦੇਖ ਅੱਖਾਂ ਮੁੰਦ ਗਏ
ਕਈ ਠੰਡੇ ਹਾਓਕੇ ਭਰ ਗਏ ਨੇ
ਪਰ ਉਹਨਾਂ ਦਾ ਕੀ ?
ਜਿੰਨਾ ਦੇ ਸਾਹ
ਸੰਤਾਲੀ ਚੌਰਾਸੀ ਚ ਹੀ ਅੜ ਗਏ ਨੇ ?
ਦਿਨ ਮਹੀਨੇ ਤੋਂ ਸਾਲ ਬਣੇ
ਸਭ ਰਫ਼ਤਾਰਾਂ ਫੜ ਗਏ ਨੇ
ਪਰ ਓਹ ਤਾਂ ਰੁਕੇ ਰਹਿ ਗਏ
ਜਿੰਨਾ ਦੇ ਰਾਹ
ਸੰਤਾਲੀ ਚੌਰਾਸੀ ਚ ਹੀ ਖੜ੍ਹ ਗਏ ਨੇ
ਸਰਕਾਰਾਂ ਦੇ ਦਰਪੇਸ਼ ਪੰਨੇ
ਵਕਤਾਂ ਦੀ ਧੂੜ ਨਾਲ ਭਰ ਗਏ ਨੇ
ਓਹਨਾ ਚੌਰਾਸੀ ਵਾਲਿਆਂ ਦਾ ਕੀ
ਜੋ ਅੰਤਿਮ ਅਰਦਾਸਾ ਵੀ ਪੜ੍ਹ ਗਏ ਨੇ!
ਅਦਲ ਬਦਲ ਕੇ ਓਹੀ ਮਨਸੂਬੇ
ਸੱਤਾ ਤੇ ਕਬਜ਼ਾ ਕਰ ਗਏ ਨੇ
ਓਹਨਾ ਦਾ ਹੁਣ ਕੀ ਬਣੂ
ਜੋ ਨਸ਼ਿਆਂ ਦੇ ਹੱਥੀਂ ਚੜ੍ਹ ਗਏ ਨੇ
ਖਾੜਕੂਆਂ ਦੀ ਧਰਤੀ ਤੇ
ਅਣਖਾਂ ਵਾਲੇ ਤਾਂ ਮਰ ਗਏ ਨੇ
ਓ ਇਤਿਹਾਸ ਕੀ ਸਾਂਭਣਗੇ
ਜੋ ਸਫ਼ਰਨਾਮਾ ਹੀ ਦਾਗ਼ੀ ਕਰ ਗਏ ਨੇ।

**ਪੁਨੀਤ ਕੌਰ**

## ਧਰਮਾਂ ਵਾਲੇ

ਧਰਮਾਂ ਅੱਗੇ ਝੁਕਦੀ ਸਿਆਸਤ
ਸਿਆਸਤ ਦੇ ਵਿੱਚ ਵੜ ਗਏ ਧਰਮਾਂ ਵਾਲੇ ,

ਕਦੇਂ ਸਿਆਸਤ ਧਰਮਾਂ ਨੂੰ ਵੇਚੇ
ਕਦੇਂ ਖ਼ੁਦਾ ਏਂ ਰੱਬ ਨੂੰ ਵੇਚਣ ਧਰਮਾਂ ਵਾਲੇ ,

ਸਿਨੇਮਾਂ ਵਾਲੇ ਨਸ਼ਾ ਵੇਚਣ ਲੱਗ ਪਏ
ਧਰਮ ਦਾ ਨਸ਼ਾ ਚੜਾਉਣ ਧਰਮਾਂ ਵਾਲੇ ,

ਖ਼ਬਰਾਂ ਵਾਲੇ ਨਫ਼ਰਤ ਵੰਡਣ
ਮਜ਼ਹਬ ਲਈ ਲੜਦੇ ਮਰਦੇ ਧਰਮਾਂ ਵਾਲੇ ,

ਦਹਿਸ਼ਤਗਰਦ ਧਰਮ ਪੁੱਛਣ ਕੇ ਮਾਰਨ
ਜ਼ਾਤ ਮਜ਼ਹਬ ਪੁੱਛ ਕੇ ਤਾੜਨ ਧਰਮਾਂ ਵਾਲੇ ,

ਕਦੇਂ ਮਸਜਿਦ ਟੁੱਟ ਗਈ ਕਦੇਂ ਮੰਦਰ
ਮਜ਼ਹਬ ਦੇਖ਼ ਚਲਾਉਣ ਹਥੌੜੇ ਧਰਮਾਂ ਵਾਲੇ ,

ਭਾਰਤੀਯ ਲੋਕ ਜਾਤਾਂ ਪਾਤਾਂ ਦੇ ਪੱਕੇ
ਜ਼ਾਤ ਦੇਖ਼ ਕਰਨ ਨਮਸਕਾਰਨ ਧਰਮਾਂ ਵਾਲੇ ।।



**ਰਵਿੰਦਰ ਭਾਰਤੀਯ**

## ਘੱਲੂਘਾਰਾ

ਦੁਸ਼ਮਣਾਂ ਯੁੱਧ ਨਾਦ ਦਾ ਸ਼ੰਖ ਸੀ ਵਜਾਇਆ
ਤਖ਼ਤ ਪਵਿੱਤਰ ਨੂੰ ਫੌਜਾਂ ਰਲ ਘੇਰਾ ਪਾਇਆ।

ਪੈਦਲ ਸਿਪਾਹੀਆਂ ਦੀ ਮਚੀ ਹਾਲ ਦੁਹਾਈ
ਯੁੱਧ ਵੱਡਾ ਆਖ ਪੂਰੇ ਮੁਲਕੋਂ ਫੌਜ ਮੰਗਾਈ।।

ਕਹਿਣੀ ਕਥਨੀ ਦਾ ਪੂਰਾ ਸਿੰਘ ਰਣ ਅੜਿਆਂ
ਸੁਣ ਖ਼ਬਰ ਵੈਰੀ ਦਾ ਹੰਕਾਰ ਸਿਰ ਚੜਿ ਆ।

ਟੈਂਕ ਤੋਪਾਂ ਸੰਗ ਵਲੈਤੋਂ ਮਾਰਨ ਲਈ ਯੋਧੇ ਬੁਲਾਏ
ਬਾਹਰ ਵੇਖ ਲਾੜੀ ਮੌਤ ਸੂਰਿਆਂ ਨਿਸ਼ਾਨ ਝੁਲਾਏ।।

ਵੈਰੀਆਂ ਬੰਦੂਕਾਂ ਤੋਂ ਗੋਲੀਆਂ ਦਾ ਮੀਂਹ ਵਰ੍ਹਾਤਾਂ
ਧੁੱਪ ਦੀ ਚਾਨਣੀ ਨੂੰ ਢੱਕ ਧੂਆਂ ਧੂਆਂ ਕਰਾਤਾਂ।

ਸਿੰਘਾਂ ਅਰਦਾਸਾਂ ਸੋਧ ਅੰਦਰੋਂ ਜੈਕਾਰਾ ਗਜਾਇਆ
ਫੌਜ ਬੌਂਧਲੀ ਜਦੋਂ ਇੱਟ ਦਾ ਜਵਾਬ ਪੱਥਰ ਆਇਆ।।

ਘਾਬਰੇ ਅਫਸਰਾਂ ਰਾਜ ਦਰਬਾਰੇ ਤਾਰਾਂ ਖੜਕਾਈਆਂ
ਸੂਹਾਂ ਫੌਜੀ ਬਗਾਵਤ ਦੀਆਂ ਨੇ ਧੜਕਣਾਂ ਵੱਧਾਈਆਂ।

ਜ਼ਾਲਮ ਹਾਕਮ ਨੇ ਜ਼ਰਨੈਲਾਂ ਨੂੰ ਝਾੜਾਂ ਪਾਈਆਂ
ਬੱਤੀ ਪਾਣੀ ਕੱਟ ਸੋਧ ਤਖ਼ਤ ਮਿਜ਼ਾਈਲਾਂ ਚਲਾਈਆਂ।।

ਵੱਡੇ ਵੱਡੇ ਟੈਂਕਾਂ ਨੇ ਅੱਗ ਦੇ ਲਾਲ ਗੋਲੇ ਚਲਾਤੇ
ਉਮਰਾਂ ਦੇ ਨਿੱਕੇ ਨਿੱਕੇ ਯੋਧਿਆਂ ਵੱਡੇ ਵੱਡੇ ਪਾਰ ਬੁਲਾਤੇ।।

ਕਈ ਦਿਨ ਖ਼ੂਨ ਦੀ ਹੋਲੀ ਖੇਡਦੀ ਰਹੀ ਜ਼ਾਲਮ ਸਰਕਾਰ
ਬੰਗਲਾਦੇਸ਼ ਦੀ ਜੰਗ ਦਾ ਨਾਇਕ ਭੰਡਿਆ ਆਖ ਗ਼ੱਦਾਰ।

ਸਵਾ ਲੱਖ ਨਾਲ ਇੱਕ ਲੜਾ ਕੇ ਹੋਣੀ ਭਾਣਾ ਵਰਤਾ ਗਈ
ਬਾਣੀ ਬਾਣਾ ਜਾਨ ਤੋਂ ਪਿਆਰਾ ਕੌਮ ਗੁਰਾਂ ਦੀ ਦਿਖਾ ਗਈ।।

ਦਿਲ ਤੇ ਲੱਗੇ ਜ਼ਖਮ ਘੱਲੂਕਾਰੇ ਦੇ ਅੱਜ ਵੀ ਰਿਸਦੇ ਨੇ
ਪਰਿਕਰਮਾ ਅੰਦਰ ਬੈਠੇ ਚੌਂਕੜਾ ਮਾਰ ਸ਼ਹੀਦ ਦਿਸਦੇ ਨੇ।

ਸ਼ਸਤ੍ਰਨ ਕੇ ਅਧੀਨ ਹੈ ਰਾਜ ਹੈ ਇੱਕ ਅਟੱਲ ਸੱਚਾਈ
ਦਸਮ ਪਾਤਸ਼ਾਹ ਨੇ ਮਹਿਮਾ ਸ਼ਸਤ੍ਰਨ ਦੀ ਖੁਦ ਵਡਿਆਈ।।



**ਸੁਰਿੰਦਰਪਾਲ ਸਿੰਘ**
**ਸ੍ਰੀ ਅੰਮ੍ਰਿਤਸਰ ਸਾਹਿਬ**

## ਜਦੋਂ ਮੈਂ ਵਿਦਵਾਨ ਬਣਿਆ !

ਡਾਕਟਰ ਤਲਵਾਰ ਦੀ ਕ੍ਰਿਪਾ ਦੇ ਨਾਲ ਮੈਂ ਵੀ ਪੀ-ਐਚ. ਡੀ. ਦੀ ਡਿੱਗਰੀ ਲੈ ਕੇ ਆਪਣੇ ਨਾਂ ਅੱਗੇ ਡਾਕਟਰ ਪਿਆਜ਼ ਦਾਸ ਲਿਖਣ ਲੱਗ ਪਿਆ ਸੀ। ਮੈਂ ਆਪਣੀ ਕੋਠੀ ਦੇ ਅੱਗੇ ਵੀ ਨੇਮ ਪਲੇਟ ਉਤੇ ਮੋਟੇ ਅੱਖਰਾਂ ਵਿੱਚ ਡਾ.ਪਿਆਜ਼ ਦਾਸ ਲਿਖਵਾ ਲਿਆ ਸੀ। ਹੁਣ ਜਿਹੜਾ ਵੀ ਵਿਅਕਤੀ ਮੇਰੀ ਕੋਠੀ ਦੇ ਅੱਗੋਂ ਦੀ ਲੰਘਦਾ ਤਾਂ ਮੇਰਾ ਨਾਂ ਪੜ੍ਹ ਕੇ ਕੋਠੀ ਵੱਲ ਵੇਖਦਾ। ਉਹ ਕੀ ਸੋਚਦਾ ਹੋਵੇਗਾ ? ਮੈਨੂੰ ਡਾਕਟਰ ਬਣਿਆਂ ਅਜੇ ਬਹੁਤੀ ਦੇਰ ਨਹੀਂ ਸੀ ਹੋਈ ਤਾਂ ਸਾਰੇ ਮੁਹੱਲੇ ਵਿੱਚ ਮੇਰੀਆਂ ਧੁੰਮਾਂ ਪੈ ਗਈਆਂ। ਹਰ ਕੋਈ ਮੇਰੇ ਨਾਲ ਹੱਥ ਮਿਲਾਉਣਾ ਤੇ ਮੈਨੂੰ ਮੁਬਾਰਕਾਂ ਦੇਣੀਆਂ ਆਪਣਾ ਫ਼ਖਰ ਸਮਝਦਾ ਸੀ। ਕਿਉਂ ਕਿ ਮੈਂ ਵਿਦਵਾਨ ਬਣ ਗਿਆ ਸੀ! ਮੇਰੀ ਹਾਲਤ ਉਸ ਚੂਹੇ ਵਰਗੀ ਸੀ, ਜਿਸਨੂੰ ਅਦਰਕ ਦੀ ਗੱਠੀ ਲੱਭ ਗਈ ਤੇ ਉਹ ਪੰਸਾਰੀ ਬਣ ਕੇ ਬਹਿ ਗਿਆ ਸੀ। ਮੁੱਲ ਦੀ ਡਿਗਰੀ ਨੇ ਤੇ ਨਿਗਰਾਨ ਦੀ ਸਿਫਾਰਸ਼ ਨੇ ਮੈਨੂੰ ਨੌਕਰੀ ਤਾਂ ਸਥਾਨਕ ਕਾਲਜ ਵਿੱਚ ਦਿਵਾ ਦਿੱਤੀ ਸੀ, ਪਰ ਜਦੋਂ ਮੈਂ ਕਾਲਜ ਵਿੱਚ ਜਾਂਦਾ ਸੀ ਤਾਂ ਸਿਆਲ ਮਹੀਨੇ ਮੈਨੂੰ ਪਸੀਨਾ ਆਉਂਦਾ, ਗਰਮੀਆਂ ਮੌਕੇ ਮੈਨੂੰ ਠੰਡ ਲੱਗਣ ਲੱਗ ਪੈਂਦੀ। ਮੇਰੀ ਇਸ ਤਰਾਂ ਅਜੀਬ ਜਿਹੀ ਸਥਿਤੀ ਬਣ ਗਈ ਸੀ। ਕਦੇ-ਕਦੇ ਮੈਨੂੰ ਸੱਚੀ-ਮੁੱਚੀ ਲੱਗਦਾ ਕਿ ਸਾਹਿਤ ਦਾ ਡਾਕਟਰ ਬਣ ਗਿਆ ਹਾਂ, ਲੋਕ ਮੈਨੂੰ ਵਿਦਵਾਨ ਸਮਝਦੇ ਹਨ। ਉਦੋਂ ਤਾਂ ਮੈਂ ਹੋਰ ਵੀ ਗੁਬਾਰੇ ਵਾਂਗ ਫੁੱਲ ਗਿਆ, ਜਦੋਂ ਕੋਈ ਅਜਨਬੀ ਮੈਨੂੰ ਡਾਕਟਰ ਸਾਹਿਬ ਕਹਿ ਕੇ ਬੁਲਾਉਂਦਾ। ਇੱਕ ਦਿਨ ਬੜੀ ਅਜੀਬ ਸਥਿਤੀ ਬਣ ਗਈ । ਮੈਂ ਘਰ ਵਿੱਚ ਹੀ ਸੀ। ਮੇਰੇ ਰਿਸ਼ਤੇਦਾਰ ਵੀ ਘਰ ਹੀ ਆਏ ਹੋਏ ਸਨ। ਅਸੀਂ ਸਾਰਿਆਂ ਰਲ ਕੇ ਇੱਕ ਸਮਾਗਮ ਉੱਤੇ ਜਾਣ ਸੀ। ਅਸੀਂ ਜਾਣ ਦੀ ਤਿਆਰੀ ਵਿੱਚ ਸੀ। ਟੈਕਸੀ ਦੀ ਉਡੀਕ ਕਰ ਰਹੇ ਸਾਂ ਤਾਂ ਇੱਕ ਪੇਂਡੂ ਜਿਹਾ ਬੰਦਾ ਧੁੱਸ ਦਿੰਦਾ ਅੰਦਰ ਆ ਵੜਿਆ। ਮਗਰ ਇੱਕ ਭਈਆ, ਮੱਝ ਤੇ ਕੱਟਾ ਆ ਵੜੇ। 'ਡਾਕਟਰ ਸਾਹਿਬ! ਆ ਮੇਰੀ ਮੱਝ ਨੂੰ ਦੇਖਿਓ, ਇਹ ਕਈ ਦਿਨਾਂ ਤੋਂ ਬਿਨ੍ਹਾਂ ਕੁੱਝ ਖਾਧੇ ਪੀਤੇ ਦੁੱਧ ਦੇਈ ਜਾ ਰਹੀ ਹੈ। ਅਸੀਂ ਤਾਂ ਹੈਰਾਨ ਹੋ ਗਏ। ਇਹ ਮਾਜਰਾ ਕੀ ਐ ?' 'ਆ ਦੇਖਿਓ।" ਉਹ ਮੈਨੂੰ ਧੂਹ ਕੇ ਮੱਝ ਕੋਲ ਲੈ ਗਿਆ। ਉਸਨੇ ਮੈਨੂੰ ਬੋਲਣ ਦਾ ਮੌਕਾ ਹੀ ਨਾ ਦਿੱਤਾ। ਮੇਰੀ ਹਾਲਤ ਉਸ ਬਿੱਲੇ ਵਰਗੀ ਹੋ ਗਈ, ਜਿਸ ਦੇ ਸਾਹਮਣੇ ਤਾਂ ਚੂਹਾ ਹੈ ਤੇ ਮਗਰ ਕੁੱਤਾ ਜੀਭ ਕੱਢੀ ਖੜ੍ਹਾ ਹੈ। ਮੈਂ ਜਦੋਂ ਆਪਣੇ ਟੱਬਰ ਵੱਲ ਵੇਖਿਆ ਤਾਂ ਉਹ ਹੱਸ ਹੱਸ ਕੇ ਦੂਹਰੇ-ਤੀਹਰੇ ਹੋਈ ਜਾ ਰਹੇ ਸਨ। ਕਈਆਂ ਨੂੰ ਤਾਂ ਹੱਸਦਿਆਂ ਹੁੱਥੂ ਵੀ ਆ ਗਏ ਸਨ।

## ਡਾ. ਰਾਜਵੰਤ ਕੌਰ ਪੰਜਾਬੀ ਹੋਣਗੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ ਮੁਖੀ

ਪਟਿਆਲਾ, 31 ਮਈ 2025, ਵਾਈਸ-ਚਾਂਸਲਰ ਡਾ. ਜਗਦੀਪ ਸਿੰਘ ਵੱਲੋਂ ਜਾਰੀ ਹੋਏ ਆਦੇਸ਼ਾਂ ਦੀ ਲੋਅ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਵਿਖੇ ਕਾਰਜਸ਼ੀਲ ਸਟੇਟ ਐਵਾਰਡੀ ਡਾ. ਰਾਜਵੰਤ ਕੌਰ ਪੰਜਾਬੀ ਵਿਭਾਗ ਦੇ ਮੁਖੀ ਵਜੋਂ 2 ਜੂਨ 2025 ਨੂੰ ਆਪਣਾ ਅਹੁਦਾ ਸੰਭਾਲ ਰਹੇ ਹਨ। ਐਮ.ਏ (ਪੰਜਾਬੀ ਅਤੇ ਧਰਮ ਅਧਿਐਨ) ਦੀਆਂ ਡਿਗਰੀਆਂ ਪ੍ਰਾਪਤ ਕਰਨ ਤੋਂ ਇਲਾਵਾ ਉਰਦੂ ਅਤੇ ਫ਼ਾਰਸੀ ਜ਼ੁਬਾਨਾਂ ਵਿਚ ਵੀ ਯੂਨੀਵਰਸਿਟੀ ਪੱਧਰ ਤੇ ਤਾਲੀਮ ਹਾਂਸਿਲ ਕਰਨ ਵਾਲੇ ਡਾ. ਪੰਜਾਬੀ ਨੇ 'ਪੰਜਾਬ ਦੇ ਵਿਆਹ ਸਮੇਂ ਦੇ ਲੋਕਗੀਤਾਂ ਵਿਚ ਭਾਵ ਸੰਚਾਰ' ਵਿਸ਼ੇ 'ਤੇ ਪੀ.ਐਚ.ਡੀ ਦੀ ਡਿਗਰੀ ਹਾਂਸਿਲ ਕੀਤੀ। ਯੂਨੀਵਰਸਿਟੀ ਵਿਖੇ ਇਕ ਦਿਹਾੜੀਦਾਰ ਕਲਰਕ ਤੋਂ ਆਪਣੀਆਂ ਸੇਵਾਵਾਂ ਦੀ ਸ਼ੁਰੂਆਤ ਕਰਨ ਵਾਲੇ ਡਾ. ਪੰਜਾਬੀ ਨੇ ਸਟੈਨੋ ਟਾਈਪਿਸਟ ਦੇ ਅਹੁਦੇ ਤੇ ਲੰਮਾ ਸਮਾਂ ਕਾਰਜ ਕੀਤਾ ਅਤੇ ਇਸ ਦੇ ਨਾਲ ਅਕਾਦਮਿਕ ਸਿੱਖਿਆ ਪ੍ਰਾਪਤੀ ਦਾ ਅਮਲ ਵੀ ਜਾਰੀ ਰੱਖਿਆ।



ਉਪਰੰਤ ਉਹਨਾਂ ਨੇ ਪਹਿਲਾਂ ਯੂਨੀਵਰਸਿਟੀ ਦੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਤਕਨੀਕੀ ਵਿਕਾਸ ਦਾ ਉਚਤਮ ਕੇਂਦਰ ਵਿਖੇ ਬਤੌਰ ਲੈਕਚਰਾਰ ਸੇਵਾਵਾਂ ਨਿਭਾਈਆਂ। ਸਾਲ 2011 ਵਿਚ ਉਹ ਤਤਕਾਲੀਨ ਵਾਈਸ-ਚਾਂਸਲਰ ਡਾ. ਜਸਪਾਲ ਸਿੰਘ ਦੇ ਸੇਵਾ ਕਾਲ ਦੌਰਾਨ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵਿਖੇ ਬਤੌਰ ਅਸਿਸਟੈਂਟ ਪ੍ਰੋਫ਼ੈਸਰ ਹਾਜ਼ਰ ਹੋਏ ਜਿੱਥੇ ਉਹਨਾਂ ਦੀ ਅਗਵਾਈ ਅਧੀਨ ਹੁਣ ਤੱਕ 25 ਖੋਜਾਰਥੀ ਐਮ.ਫਿਲ ਅਤੇ ਪੀ.ਐਚ.ਡੀ ਦੀਆਂ ਡਿਗਰੀਆਂ ਪ੍ਰਾਪਤ ਕਰ ਚੁੱਕੇ ਹਨ। ਡਾ. ਰਾਜਵੰਤ ਕੌਰ 'ਪੰਜਾਬੀ' ਦੀ ਇਕ ਪ੍ਰਸਿੱਧ ਕਲਮਕਾਰ ਵਜੋਂ ਵੀ ਵਿਸ਼ੇਸ਼ ਪਛਾਣ ਹੈ। ਉਹਨਾਂ ਦੀਆਂ ਹੁਣ ਤੱਕ 21 ਪੁਸਤਕਾਂ ਛਪ ਚੁੱਕੀਆਂ ਹਨ ਜਿਨ੍ਹਾਂ ਵਿਚ ਮੌਲਿਕ, ਖੋਜ, ਸੰਪਾਦਨ, ਲਿਪੀਅੰਤ੍ਰਣ, ਅਨੁਵਾਦ ਅਤੇ ਬਾਲ ਸਾਹਿਤ ਆਦਿ ਸ਼ਾਮਿਲ ਹਨ।

ਉਹਨਾਂ ਦੀ ਪੁਸਤਕ 'ਸਿਹਰਾ ਤੇ ਸਿੱਖਿਆ ਸੰਕਲਨ ਅਤੇ ਮੁਲਾਂਕਣ' ਨੂੰ ਭਾਸ਼ਾ ਵਿਭਾਗ, ਪੰਜਾਬ ਵੱਲੋਂ ਸਾਲ 2010 ਵਿਚ ਸਰਬੋਤਮ ਪੁਸਤਕ ਪੁਰਸਕਾਰ ਪ੍ਰਾਪਤ ਹੋਇਆ ਸੀ। ਸਾਹਿਤ ਅਕਾਦਮੀ ਐਵਾਰਡੀ ਡਾ. ਦਰਸ਼ਨ ਸਿੰਘ ਆਸ਼ਟ ਦੇ ਜੀਵਨ-ਸਾਥਣ। ਡਾ. ਪੰਜਾਬੀ ਵਰਤਮਾਨ ਸਮੇਂ ਵਿਚ ਸਾਹਿਤਯ ਅਕਾਦਮੀ ਦਿੱਲੀ ਅਤੇ ਭਾਸ਼ਾ ਵਿਭਾਗ, ਪੰਜਾਬ ਵਰਗੇ ਮਹੱਤਵਪੂਰਨ ਅਦਾਰਿਆਂ ਵੱਲੋਂ ਸੌਂਪੇ ਗਏ ਵੱਖ ਵੱਖ ਖੋਜ ਪ੍ਰਾਜੈਕਟਾਂ ਤੇ ਕੰਮ ਕਰ ਰਹੇ ਹਨ।

# ਤਿੰਨ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ ਵਿੱਚ ਜਾਰੀ ਨਾ ਹੋਣ ਤੇ ਨਰੇਗਾ ਦੇ ਸਾਰੇ ਕੰਮ ਹੋਣਗੇ ਠੱਪ

▲ ਨਰੇਗਾ ਮੁਲਾਜ਼ਮਾਂ ਨੇ ਲੁਧਿਆਣਾ ਏਡੀਸੀ ਡੀ ਨੂੰ ਦਿੱਤਾ ਮੰਗ ਪੱਤਰ, ਕੀਤਾ ਰੋਹ ਦਾਂ ਪ੍ਰਗਟਾਵਾ

▲ ਮਾਨਸਿਕ ਮਾਨਸਿਕ ਤੌਰ ਤੇ ਪ੍ਰੇਸ਼ਾਨ ਨਰੇਗਾ ਮੁਲਾਜ਼ਮਾਂ ਦੇ ਘਰਾਂ ਦੇ ਚੁੱਲੇ ਠੰਡੇ ਹੋ ਗਏ





**ਦੋਰਾਹਾ/ਲੁਧਿਆਣਾ, ਲਾਲ ਸਿੰਘ ਮਾਂਗਟ**

ਨਰੇਗਾ ਮੁਲਾਜਮਾ ਦੀਆ ਤਿੰਨ-ਚਾਰ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ ਵਿੱਚ ਜਾਰੀ ਨਾ ਹੋਣ ਤੇ ਨਰੇਗਾ ਦੇ ਸਾਰੇ ਕੰਮ ਹੋਣਗੇ ਠੱਪ, ਜਿਸ ਬਾਬਤ ਨਰੇਗਾ ਮੁਲਾਜ਼ਮਾਂ ਨੇ ਲੁਧਿਆਣਾ ਏਡੀਸੀ ਡੀ ਨੂੰ ਮੰਗ ਪੱਤਰ ਦੇ ਕੇ ਰੋਹ ਦਾਂ ਪ੍ਰਗਟਾਵਾ ਕੀਤਾ।ਜਿਸ ਕਰਕੇ ਮਾਨਸਿਕ ਮਾਨਸਿਕ ਤੌਰ ਤੇ ਪ੍ਰੇਸ਼ਾਨ ਨਰੇਗਾ ਮੁਲਾਜ਼ਮਾਂ ਦੇ ਘਰਾਂ ਦੇ ਚੁੱਲੇ ਠੰਡੇ ਹੋ ਗਏ ਹਨ। ਇਹ ਸ਼ਬਦ ਮਰੇਗਾ ਮੁਲਾਜਮਾ ਨੇ ਲੁਧਿਆਣਾ ਵਿਖੇ ਪੱਤਰਕਾਰਾਂ ਨਾਲ. ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ ਤਿੰਨ ਮਹੀਨੇ ਤੋਂ ਤਨਖਾਹਾਂ ਨਹੀ ਮਿਲੀਆਂ। ਮਜਬੂਰ ਹੋ ਕਿ ਨਰੇਗਾ ਮੁਲਾਜ਼ਮਾਂ ਨੇ ਲੁਧਿਆਣਾ ਏਡੀਸੀ ਡੀ ਨੂੰ ਦਿੱਤਾ ਮੰਗ ਪੱਤਰ ਦੇ ਕੇ ਕਿਹਾ ਕਿ ਅਗਰ ਤਿੰਨ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ ਵਿੱਚ ਨਾ ਜਾਰੀ ਹੋਈਆਂ ਤਾਂ ਨਰੇਗਾ ਦੇ ਸਾਰੇ ਕੰਮ ਠੱਪ ਕੀਤੇ ਜਾਣਗੇ। ਸੰਦੀਪ ਸਿੰਘ ਜਿਲਾ ਪ੍ਰਧਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਚੌਥਾ ਮਹੀਨਾ ਚੱਲ ਪਿਆ ਅਜੇ ਤੱਕ ਤਨਖਾਹ ਨਸੀਬ ਨਹੀਂ ਹੋਈ ਜਦੋਂ ਕਿ ਪੂਰੇ ਪੰਜਾਬ ਵਿੱਚ 95 ਪ੍ਰਤੀਸ਼ਤ ਕੰਮ ਨਰੇਗਾ ਰਾਹੀਂ ਹੋ ਰਹੇ ਹਨ। ਪਰ ਜਦੋਂ ਤਨਖਾਹ ਦੀ ਗੱਲ ਹੁੰਦੀ ਹੈ ਤਾਂ ਸਾਰੇ ਅਧਿਕਾਰੀ ਤੇ ਲੀਡਰ ਪਾਸਾ ਵੱਟ ਜਾਂਦੇ ਹਨ। ਸਰਕਾਰ ਕੋਲ ਤਨਖਾਹਾਂ ਦੇਣ ਨੂੰ ਖਜਾਨਾ ਖਾਲੀ ਹੋ ਜਾਦਾ ਹੈ। ਜਦ ਕਿ ਤਨਖਾਹਾਂ ਨਾ ਮਿਲਣ ਕਰਕੇ ਮਾਨਸਿਕ ਮਾਨਸਿਕ ਤੌਰ ਤੇ ਪੂਰੀ ਤਰ੍ਹਾਂ ਪਰੇਸ਼ਾਨ ਨਰੇਗਾ ਮੁਲਾਜ਼ਮਾ ਦੇ ਚੁਲ੍ਹੇ ਠੰਡੇ ਹੋਣ ਦੇ ਕਿਨਾਰੇ ਹਨ। ਘਰਾਂ ਦੇ ਚੁੱਲਿਆ ਨੂੰ ਠੰਡੇ ਠਾਰ ਹੋਇਆ ਚਾਰ ਚਾਰ ਮਹੀਨੇ ਹੋ ਗਏ ਹਨ ਪਰ ਕਿਸੇ ਨੇ ਵੀ ਸਾਡੀ ਸਾਰ ਨਹੀ ਲਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ, ਪ੍ਰਭਜੋਤ ਸਿੰਘ, ਈਸ਼ਵਰ ਪਾਲ ਸੀਨੀਅਰ ਮੀਤ ਪ੍ਰਧਾਨ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ, ਅਮਨਿੰਦਰ ਸਿੰਘ ਤੂਰ ਏਪੀਓ, ਜਸਵੀਰ ਸਿੰਘ, ਅਮਨਦੀਪ ਸਿੰਘ ਅੰਧੇਰ ਪ੍ਰਭਜੋਤ ਸਿੰਘ ਪ੍ਰੈਸ ਸਕੱਤਰ ਸਮੁੱਚਾ ਲੁਧਿਆਣੇ ਦਾ ਨਰੇਗਾ ਸਟਾਫ ਹਾਜ਼ਰ ਸੀ।

# ਮਾਪੇ -ਅਧਿਆਪਕ ਮਿਲਣੀ ਦੌਰਾਨ ਦੋਰਾਹਾ ਪਬਲਿਕ ਸਕੂਲ ਵਿੱਚ ਲਗਾਈ ਗਈ ਛਬੀਲ



**ਦੋਰਾਹਾ, ਲਾਲ ਸਿੰਘ ਮਾਂਗਟ**

ਦੋਰਾਹਾ ਪਬਲਿਕ ਸਕੂਲ ਵਿੱਚ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਦੇ ਮੌਕੇ ਵੱਖ ਵੱਖ ਦਿਨਾਂ ਤੇ ਹੋਈ ਮਾਪੇ -ਅਧਿਆਪਕ ਮਿਲਣੀ ਦੌਰਾਨ ਛਬੀਲ ਲਗਾਉਣ ਦਾ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਸਕੂਲ ਪ੍ਰਬੰਧਕਾਂ ਵੱਲੋਂ ਮੀਟਿੰਗ ਵਿੱਚ ਆਏ ਮਾਪਿਆਂ ਅਤੇ ਰਾਹਗੀਰਾਂ ਲਈ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ। ਸਕੂਲ ਦੇ ਮੁੱਖ ਗੇਟ ਕੋਲ ਲਗਾਈ ਗਈ ਛੱਬੀਲ ਵਿਚ ਅਧਿਆਪਕਾਂ ਦੇ ਨਾਲ ਵਿਦਿਆਰਥੀਆਂ ਨੇ ਵੀ ਵਧ ਚੜ੍ਹ ਕੇ ਭਾਗ ਲਿਆ। ਉਨ੍ਹਾਂ ਨੇ ਆਪਣੇ ਹੱਥਾਂ ਨਾਲ ਠੰਡੀ ਮਿੱਠੀ ਛਬੀਲ ਪਿਲਾ ਕੇ ਆਪਣੀ ਸੇਵਾ ਦੀ ਭਾਵਨਾ ਦਿਖਾਈ। ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਮੋਨਿਕਾ ਸਾਰਵਾਲ ਵੀ ਹਾਜ਼ਰ ਸਨ। ਸਕੂਲ ਦੇ ਡਾਇਰੈਕਟਰ ਤਪਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਛਬੀਲ ਲਗਾਉਣ ਦੇ ਇਸ ਉਪਰਾਲੇ ਨਾਲ ਬੱਚਿਆਂ ਵਿਚ ਸੇਵਾ, ਨਿਮਰਤਾ ਅਤੇ ਪਿਆਰ ਦੀ ਭਾਵਨਾ ਪੈਦਾ ਹੋਵੇਗੀ। ਇਸ ਮੌਕੇ 'ਤੇ ਮਾਪਿਆਂ ਨੇ ਵੀ ਸਕੂਲ ਦੇ ਇਸ ਉਪਰਾਲੇ ਦੀ ਖ਼ੂਬ ਤਾਰੀਫ਼ ਕੀਤੀ।

# ਮੋਹਾਲੀ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦੇ ਹਿੱਸੇ ਵਜੋਂ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ



**ਮੋਹਾਲੀ / ਅਸ਼ੋਕ ਜੋਸ਼ੀ**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਡੀ ਜੀ ਪੀ ਪੰਜਾਬ, ਗੌਰਵ ਯਾਦਵ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਰਾਜ ਵਿਆਪੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਦੀ ਲਗਾਤਾਰਤਾ ਵਿੱਚ, ਜ਼ਿਲ੍ਹਾ ਐਸ ਏ ਐਸ ਨਗਰ ਪੁਲਿਸ ਨੇ ਡੀ ਆਈ ਜੀ ਰੋਪੜ ਰੇਂਜ, ਹਰਚਰਨ ਸਿੰਘ ਭੁੱਲਰ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ, ਥਾਣਾ ਲਾਲੜੂ, ਜ਼ਿਲ੍ਹਾ ਐਸ ਏ ਐਸ ਨਗਰ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਲਾਲੜੂ ਖੇਤਰ ਦੇ ਦੋ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ/ਫ ?ਰੀਜ਼ ਕੀਤੀ ਹੈ। ਐਸ ਐਸ ਪੀ ਐਸ ਏ ਐਸ ਨਗਰ, ਹਰਮਨਦੀਪ ਹਾਂਸ ਨੇ ਦੱਸਿਆ ਕਿ ਇਹ ਕਾਰਵਾਈ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ ?ਰੋਪਿਕ ਸਬਸਟੈਂਸ ਐਕਟ 1985 (ਐਨ ਡੀ ਪੀ ਐਸ) ਦੀ ਧਾਰਾ 68 ਐਫ ਅਧੀਨ ਨਸ਼ਾ ਤਸਕਰੀ ਦੀ ਕਮਾਈ ਵਜੋਂ ਬਣਾਈ ਜਾਇਦਾਦ ਤੇ ਕੀਤੀ ਗਈ ਹੈ।

ਐਸ ਐਸ ਪੀ ਨੇ ਅੱਗੇ ਦੱਸਿਆ ਕਿ ਥਾਣਾ ਲਾਲੜੂ ਦੀ ਟੀਮ ਨੇ ਮੁਲਜ਼ਮ ਜਸਵੰਤ ਪਾਲ ਸਿੰਘ ਅਤੇ ਜਸਵੀਰ ਸਿੰਘ, ਦੋਵੇਂ ਵਾਸੀ ਸਦਰਪੁਰਾ ਮੁਹੱਲਾ, ਲਾਲੜੂ ਤੋਂ 4 ਕੁਇੰਟਲ ਅਤੇ 48 ਕਿਲੋਗ੍ਰਾਮ ਭੁੱਕੀ ਬਰਾਮਦ ਕੀਤੀ ਸੀ। ÷ਉਨ੍ਹਾਂ ਵਿਰੁੱਧ 16.04.2020 ਨੂੰ ਐਨ ਡੀ ਪੀ ਐਸ ਐਕਟ ਦੀ ਧਾਰਾ 15/61 ਅਧੀਨ, ਐਫ ਆਈ ਆਰ ਨੰਬਰ 82, ਥਾਣਾ ਲਾਲੜੂ ਵਿਖੇ ਦਰਜ ਕੀਤੀ ਗਈ ਸੀ। ਮਾਮਲੇ ਦੇ ਵਿੱਤੀ ਪਹਿਲੂ ਦੀ ਪੈਰਵੀ ਕਰਦੇ ਹੋਏ, ਐਸ ਐਚ ਓ ਲਾਲੜੂ ਅਤੇ ਉਨ੍ਹਾਂ ਦੀ ਟੀਮ ਨੇ ਲਗਾਤਾਰ ਕੋਸ਼ਿਸ਼ਾਂ ਨਾਲ ਦੋਸ਼ੀ ਜਸਵੀਰ ਸਿੰਘ ਅਤੇ ਸ਼੍ਰੀਮਤੀ ਸਵਿਤਾ ਪਾਲ ਪਤਨੀ ਦੋਸ਼ੀ ਜਸਵੰਤ ਪਾਲ ਸਿੰਘ ਦੇ ਨਾਮ 'ਤੇ ਲਾਲੜੂ ਵਿੱਚ ਸਥਿਤ 130 ਵਰਗ ਗਜ਼ ਦੇ ਇੱਕ ਘਰ ਦੀ ਸ਼ਨਾਖ਼ਤ ਕੀਤੀ, ਜਿਸਦੀ ਕੀਮਤ 22.44 ਲੱਖ ਰੁਪਏ ਹੈ।

ਮਾਮਲੇ ਦੀ ਪੂਰੀ ਜਾਂਚ ਕਰਨ ਅਤੇ ਮਾਲ ਵਿਭਾਗ ਤੋਂ ਵੇਰਵੇ ਹਾਸਲ ਕਰਨ ਤੋਂ ਬਾਅਦ, ਉਕਤ ਘਰ ਦੀ ਤਸਦੀਕ ਕੀਤੀ ਗਈ ਅਤੇ ਜਾਇਦਾਦ ਨੂੰ ਜ਼ਬਤ ਕਰਨ ਅਤੇ ਫ ?ਰੀਜ਼ ਕਰਨ ਦੇ ਸੰਬੰਧ ਵਿੱਚ ਮਾਮਲਾ ਸਮਰੱਥ ਅਥਾਰਟੀ, ਨਵੀਂ ਦਿੱਲੀ ਦੇ ਦਫ਼ਤਰ ਨੂੰ ਭੇਜਿਆ ਗਿਆ। ਲਗਾਤਾਰ ਕੋਸ਼ਿਸ਼ਾਂ ਤੋਂ ਬਾਅਦ, ਥਾਣਾ ਲਾਲੜੂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਟੀਮ ਵੱਲੋਂ, ਸਮਰੱਥ ਅਥਾਰਟੀ ਅਤੇ ਸਮਗਲਰਜ਼ ਐਂਡ ਫਾਰੇਨ ਐਕਸਚੇਂਜ ਮੈਨੀਪੁਲੇਟਰ (ਫੋਰਫੀਚਰ ਆਫ਼ ਪ੍ਰਾਪਰਟੀ) ਐਕਟ 1976 ਰਾਹੀਂ ਐਨ ਡੀ ਪੀ ਐਸ ਐਕਟ ਦੀ ਧਾਰਾ 68 ਐੱਫ ਤਹਿਤ ਉਕਤ ਘਰ ਨੂੰ ਜ਼ਬਤ/ਫ ?ਰੀਜ਼ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਗਈ।

ਐਸ ਪੀ ਨੇ ਅੱਗੇ ਕਿਹਾ ਕਿ ਜ਼ਿਲ੍ਹਾ ਐਸ ਏ ਐਸ ਨਗਰ ਪੁਲਿਸ ਦੁਆਰਾ ਐਨ ਡੀ ਪੀ ਐਸ ਐਕਟ ਦੀ ਧਾਰਾ 68 ਐੱਫ ਦੇ ਤਹਿਤ ਨਸ਼ੀਲੇ ਪਦਾਰਥਾਂ ਦੇ ਹੋਰ ਤਸਕਰਾਂ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਵਾਉਣ ਲਈ ਵੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਜੂਨ 84 ਦੇ ਘੱਲੂਘਾਰੇ ਦੀ ਵਰ੍ਹੇਗੰਢ ਕੌਮ ਏਕਤਾ ਅਤੇ ਚੜ੍ਹਦੀ ਕਲਾ ਨਾਲ ਮਨਾਵੇ- ਭਾਈ ਮੋਹਕਮ ਸਿੰਘ ਦਮਦਮੀ ਟਕਸਾਲ

▲ ਕਿਹਾ,ਕੌਮ ਵੱਲੋਂ ਅਪ੍ਰਵਾਨ ਜਥੇਦਾਰਾਂ ਨੂੰ ਸੰਦੇਸ਼ ਦੇਣ ਦਾ ਨਹੀਂ ਕੋਈ ਅਧਿਕਾਰ :ਪੰਥਕ ਆਗੂ

▲ ਸਿਮਰਨਜੀਤ ਸਿੰਘ ਮਾਨ ਆਪਣੇ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਸਰਬੱਤ ਖ਼ਾਲਸਾ ਦੇ ਫ਼ੈਸਲਿਆਂ 'ਤੇ ਪਹਿਰਾ ਦੇਣ।







**ਅੰਮ੍ਰਿਤਸਰ /ਅਰਵਿੰਦਰ ਵੜੈਚ**

ਪੰਥਕ ਆਗੂਆਂ ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਵੱਸਣ ਸਿੰਘ ਜ਼ਫਰਵਾਲ ਅਤੇ ਭਾਈ ਜਰਨੈਲ ਸਿੰਘ ਸਖੀਰਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬਾਦਲ ਪਰਿਵਾਰ ਦਾ ਏਜੰਡਾ ਸਿੱਖ ਕੌਮ 'ਤੇ ਲਾਗੂ ਕਰਨ ਦੇ ਮਨੋਰਥ ਨਾਲ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਰਾਤ ਦੇ ਹਨੇਰੇ ਵਿੱਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ 'ਜਥੇਦਾਰ' ਵਜੋਂ ਥੋਪਣ ਨੂੰ ਸਿੱਖ ਪੰਥ ਵੱਲੋਂ ਮਾਨਤਾ ਨਹੀਂ ਦਿੱਤੀ ਗਈ ਹੈ। ਹੁਣ ਜਦ ਕੌਮ ਘੱਲੂਘਾਰੇ ਦੀ ਯਾਦ ਮਨਾ ਰਹੀ ਹੈ ਤਾਂ ਐਨ ਉਸ ਵੇਲੇ ਗੈਰ ਸਿਧਾਂਤਕ ਤਰੀਕੇ ਨਾਲ ਥੋਪੇ ਗਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਕਿਸੇ ਵੀ ਹਾਲਤ ਵਿੱਚ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਿਰੋਪੇ ਦੇਣ ਤੋਂ ਰੋਕਣ ਦਾ ਦਮਦਮੀ ਟਕਸਾਲ, ਦਲ ਖ਼ਾਲਸਾ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਐਲਾਨ ਕਰ ਦਿੱਤਾ ਗਿਆ ਹੈ।ਅਸੀਂ ਜਥੇਬੰਦੀਆਂ ਦੇ ਇਨ੍ਹਾਂ ਵਿਚਾਰਾਂ ਦਾ ਸਮਰਥਨ ਕਰਦੇ ਹਾਂ, ਕਿਉਂਕਿ ਇਹਨਾਂ ਜਥੇਦਾਰਾਂ ਨੂੰ ਪੰਥ ਵੱਲੋਂ ਅਪ੍ਰਵਾਨ ਹੀ ਨਹੀਂ ਕੀਤਾ ਗਿਆ ਹੈ ਸਗੋਂ ਇਹ ਤਖ਼ਤ ਸ੍ਰੀ ਹਰਿੰਮਦਰ ਜੀ ਪਟਨਾ ਸਾਹਿਬ ਤੋਂ ਤਨਖ਼ਾਹੀਏ ਵੀ ਘੋਸ਼ਿਤ ਕੀਤੇ ਜਾ ਚੁੱਕੇ ਹਨ। ਇਹਨਾਂ ਨੂੰ ਸੰਦੇਸ਼ ਪੜ੍ਹਨਾ ਤਾਂ ਦੂਰ ਦੀ ਗੱਲ ਹੈ, ਜਿਨ੍ਹਾਂ ਚਿਰ ਤਨਖ਼ਾਹ ਨਹੀਂ ਲਗਵਾ ਲੈਂਦੇ ਓਨਾ ਚਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ 'ਤੇ ਜਾਣ ਦਾ ਵੀ ਇਨ੍ਹਾਂ ਨੂੰ ਇਖ਼ਲਾਕੀ ਹੱਕ ਨਹੀਂ। ਅਜਿਹੇ ਸਮੇਂ ਵਿੱਚ ਸ੍ਰ ਸਿਮਰਨਜੀਤ ਸਿੰਘ ਮਾਨ ਵੱਲੋਂ ਭਾਈ ਗੜਗੱਜ ਦੇ ਸਮਰਥਨ ਵਿੱਚ ਦਿੱਤਾ ਗਿਆ ਬਿਆਨ ਵੀ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਨਹੀਂ ਕਰਦਾ, ਕਿਉਂਕਿ ਸ੍ਰ. ਮਾਨ ਸਰਬੱਤ ਖ਼ਾਲਸਾ ਦੀ ਇੱਕ ਮਹੱਤਵਪੂਰਨ ਧਿਰ ਸਨ, ਜਿਸ ਵਿੱਚ ਕੀਤੇ ਗਏ ਫ਼ੈਸਲਿਆਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਲਈ ਉਨ੍ਹਾਂ ਨੂੰ ਆਪਣੇ ਬਿਆਨ 'ਤੇ ਮੁੜ ਵਿਚਾਰ ਕਰਨੀ ਚਾਹੀਦੀ ਹੈ। ਅਜਿਹੇ ਨਾਜ਼ੁਕ ਸਮੇਂ 'ਤੇ ਸਾਡੀਆਂ ਸਮੁੱਚੀਆਂ ਪੰਥਕ ਧਿਰਾਂ ਅਤੇ ਸ਼ਹੀਦ ਪਰਿਵਾਰਾਂ ਨੂੰ ਬੇਨਤੀ ਹੈ ਕਿ ਛੋਟੇ ਮੋਟੇ ਵਖਰੇਵੇਂ ਛੱਡ ਕੇ ਕੌਮ ਦੀ ਚੜ੍ਹਦੀ ਕਲਾ ਲਈ ਲੱਖਾਂ ਸਿੱਖ ਸੰਗਤਾਂ ਵੱਲੋਂ ਸਰਬੱਤ ਖ਼ਾਲਸਾ ਰਾਹੀਂ ਨਿਯੁਕਤ ਜਥੇਦਾਰ ਸਿੰਘ ਸਾਹਿਬ ਭਾਈ ਜਗਤਾਰ ਸਿੰਘ ਜੀ ਹਵਾਰਾ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਗੈਰ ਹਾਜ਼ਰੀ ਵਿੱਚ ਭਾਈ ਧਿਆਨ ਸਿੰਘ ਮੰਡ ਨੂੰ ਕੌਮ ਦੇ ਨਾਮ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਕੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਕੇ ਕੌਮੀ ਫ਼ਰਜ਼ ਅਦਾ ਕਰਨਾ ਲੋੜੀਂਦਾ ਹੈ।

ਪੰਥਕ ਆਗੂਆਂ ਨੇ ਅੱਗੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੌਮ ਦੀ ਸਹਿਮਤੀ ਤੋਂ ਬਗੈਰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਥੋਪੇ 'ਜਥੇਦਾਰਾਂ' ਵੱਲੋਂ ਸਮੇਂ ਸਮੇਂ ਲਏ ਗਏ ਗੈਰ ਸਿਧਾਂਤਕ ਫ਼ੈਸਲਿਆਂ ਨਾਲ ਸਿੱਖ ਕੌਮ ਡੂੰਘੀ ਨਿਰਾਸ਼ਾ ਦੇ ਆਲਮ ਵਿੱਚੋਂ ਲੰਘਦੀ ਰਹੀ ਹੈ । ਸਤੰਬਰ 2015 ਦੇ ਉਸ ਸਮੇਂ ਦੇ ਜਥੇਦਾਰਾਂ ਦੇ ਸੌਧਾ ਸਾਧ ਨੂੰ ਦਿੱਤੀ ਬਿਨਾਂ ਮੰਗੀ ਮੁਆਫ਼ੀ ਦੇ ਫ਼ੈਸਲੇ, ਉਪਰੰਤ ਬਰਗਾੜੀ ਬੇਅਦਬੀ ਕਾਂਡ ਅਤੇ ਗੋਲੀ ਕਾਂਡ ਨੇ ਸਿੱਖ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ। ਸਿੱਟੇ ਵਜੋਂ ਸਿੱਖ ਕੌਮ ਨੇ ਸਰਬੱਤ ਖ਼ਾਲਸਾ ਬੁਲਾ ਕੇ ਸਿੱਖ ਵਿਰੋਧੀ ਫ਼ੈਸਲੇ ਕਰਨ ਵਾਲੇ ਜਥੇਦਾਰਾਂ ਨੂੰ ਬਰਖ਼ਾਸਤ ਕਰਕੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਭਾਈ ਧਿਆਨ ਸਿੰਘ ਮੰਡ ਨੂੰ ਕਾਰਜਕਾਰੀ ਜਥੇਦਾਰ ਵਜੋਂ ਨਾਮਜ਼ਦ ਕੀਤਾ ਸੀ। ਪ੍ਰਕਾਸ਼ ਸਿੰਘ ਬਾਦਲ ਤੋਂ ਫ਼ਖ਼ਰ ਏ ਕੌਮ ਪੰਥ ਰਤਨ ਦਾ ਸਨਮਾਨ ਵੀ ਵਾਪਸ ਲਿਆ ਸੀ। ਇਹਨਾਂ ਫ਼ੈਸਲਿਆਂ ਦਾ ਬਾਦਲ ਦਲ ਅਤੇ ਸ਼੍ਰੋਮਣੀ ਕਮੇਟੀ ਦੀ ਕਾਬਜ਼ ਧਿਰ ਵਿਰੋਧ ਕਰਦੀ ਰਹੀ ਪ੍ਰੰਤੂ ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਗਏ ਫ਼ੈਸਲਿਆਂ ਨੇ ਸਰਬੱਤ ਖ਼ਾਲਸਾ ਦੇ ਫ਼ੈਸਲੇ 'ਤੇ ਮੋਹਰ ਲਗਾਈ ਜਿਸ ਵਿੱਚ ਪ੍ਰਕਾਸ਼ ਸਿੰਘ ਬਾਦਲ ਅਤੇ ਉਸ ਦੀ ਜੁੰਡਲ ?ੀ ਨੂੰ ਸਮੇਤ ਉਸ ਸਮੇਂ ਦੇ ਅਖੌਤੀ ਜਥੇਦਾਰਾਂ ਨੂੰ ਦੋਸ਼ੀ ਕਰਾਰ ਦਿੱਤਾ।

ਪੰਥਕ ਆਗੂਆਂ ਨੇ ਜੂਨ '84 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਸਮੁੱਚੀ ਕੌਮ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਸ਼ਰਧਾ ਪੂਰਵਕ ਮਨਾਉਣ ਦੀ ਵਕਾਲਤ ਕਰਦਿਆਂ ਕਿਹਾ ਕਿ ਭਾਰਤ ਦੀ ਸਭਿਅਤਾ ਦੀ ਰਾਖੀ ਅਤੇ ਅਤੇ ਅਜ਼ਾਦੀ ਲਈ ਸਿੱਖਾਂ ਨੇ ਅੱਸੀ ਪ੍ਰਤੀਸ਼ਤ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਫਾਂਸੀਆਂ ਦੇ ਰੱਸੇ ਚੁੰਮੇ ਕਾਲੇ ਪਾਣੀਆਂ ਦੀਆਂ ਜੇਲ੍ਹਾਂ ਵਿੱਚ ਤਸੀਹੇ ਝੱਲੇ , ਜ਼ਮੀਨਾਂ ਕੁਰਕ ਕਰਵਾਈਆਂ, ਜਾਨ ਤੋਂ ਵੱਧ ਪਿਆਰੇ ਗੁਰਧਾਮਾਂ ਦਾ ਵਿਛੋੜਾ ਝੱਲਿਆ ਪਰ ਅਜ਼ਾਦੀ ਤੋਂ ਬਾਅਦ ਹਿੰਦੁਸਤਾਨ ਦੀ ਕਾਂਗਰਸ ਹਕੂਮਤ ਵੱਲੋਂ ਸਿੱਖ ਕੌਮ ਨਾਲ ਹਮੇਸ਼ਾ ਹੀ ਦੂਜੇ ਦਰਜੇ ਦੇ ਸ਼ਹਿਰੀਆਂ ਵਾਂਗ ਸਲੂਕ ਕੀਤਾ ਜਾਂਦਾ ਰਿਹਾ। ਇਸੇ ਸੰਦਰਭ ਵਿੱਚ ਹੀ ਜੂਨ '84 ਵਿੱਚ ਸਿੱਖਾਂ ਦੇ ਪਵਿੱਤਰ ਅਤੇ ਸਰਵਉੱਚ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਉੱਤੇ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕਰਕੇ ਸਿੱਖ ਪ੍ਰਭੂਸਤਾ ਸੰਪੰਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕੀਤਾ ਗਿਆ। ਜਿਸ ਵਿੱਚ ਮਰਦ ਏ ਮੁਜਾਹਿਦ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਭਾਈ ਅਮਰੀਕ ਸਿੰਘ ਜੀ, ਜਨਰਲ ਸ਼ੁਬੇਗ ਸਿੰਘ ਅਤੇ ਬਾਬਾ ਠਾਹਰਾ ਸਿੰਘ ਸਮੇਤ ਅਨੇਕਾਂ ਮਰਜੀਵੜਿਆਂ ਨੇ ਛਾਤੀਆਂ ਡਾਹ ਕੇ ਮੁਕਾਬਲਾ ਕਰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ।ਇੱਥੇ ਹੀ ਬੱਸ ਨਹੀਂ ਪੰਚਮ ਪਾਤਸ਼ਾਹ ਜੀ ਦਾ ਸ਼ਹੀਦੀ ਗੁਰਪੁਰਬ ਮਨਾਉਣ ਆਏ ਸ਼ਰਧਾਲੂ ਬੱਚਿਆਂ ਅਤੇ ਬੀਬੀਆਂ ਨੂੰ ਵੀ ਨਹੀਂ ਬਖ਼ਸ਼ਿਆ ਗਿਆ। ਇਸ ਤੋਂ ਇਲਾਵਾ ਪੰਜਾਬ ਵਿੱਚ ਅਨੇਕਾਂ ਹੋਰ ਗੁਰਧਾਮਾਂ ਤੇ ਵੀ ਹਮਲੇ ਕੀਤੇ ਗਏ। ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਘੱਲੂਘਾਰੇ ਦੀ ਵਰ੍ਹੇਗੰਢ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਕੌਮ ਏਕਤਾ ਅਤੇ ਚੜ੍ਹਦੀ ਕਲਾ ਸ਼ਰਧਾ ਪੂਰਵਕ ਮਨਾਇਆ ਜਾਣਾ ਚਾਹੀਦਾ ਹੈ।

# ਬੱਚਿਆਂ ਨੂੰ ਮੋਬਾਇਲ ਫੋਨ ਦੀ ਆਦਤ ਤੋਂ ਬਚਣਾ ਚਾਹੀਦਾ : ਸਰਪੰਚ ਸੁਖਦੇਵ ਸਿੰਘ ਸੰਧੂ

**ਜ਼ੀਰਾ /ਅੰਗਰੇਜ਼ ਬਰਾੜ**



ਵੱਖ-ਵੱਖ ਤਰ੍ਹਾਂ ਦੇ ਨਸ਼ਿਆਂ ਦੀ ਆਦਤ ਵਾਂਗ ਮੋਬਾਇਲ ਫੋਨ ਦੀ ਆਦਤ ਵੀ ਇੱਕ ਨਸ਼ਾ ਹੈ, ਇਸ ਲਈ ਬੱਚਿਆਂ ਨੂੰ ਮੋਬਾਇਲ ਫੋਨ ਦੀ ਆਦਤ ਤੋਂ ਬਚਾਉਣਾ ਬੇਹੱਦ ਜਰੂਰੀ ਹੈ! ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਮਣਕਿਆਂ ਵਾਲੀ ਦੇ ਸਰਪੰਚ ਸਰਦਾਰ ਸੁਖਦੇਵ ਸਿੰਘ ਸੰਧੂ ਨੇ ਜੀਰਾ ਵਿਖੇ ਪੱਤਰਕਾਰਾਂ ਕੋਲ ਕੀਤਾ! ਉਹਨਾਂ ਕਿਹਾ ਕਿ ਅੱਜ ਕੱਲ ਜਿਆਦਾਤਰ ਮਾਵਾਂ ਆਪਣੇ ਕੰਮ ਕਾਰ ਕਰਨ ਲਈ ਆਪਣੇ ਬੱਚਿਆਂ ਨੂੰ ਮੋਬਾਈਲ ਫੋਨ ਫੜਾ ਦਿੰਦੀਆਂ ਹਨ, ਜਿਸ ਕਰਕੇ ਬੱਚੇ ਮੋਬਾਇਲ ਫੋਨਾਂ ਦੀ ਆਦਤ ਦੇ ਸ਼ਿਕਾਰ ਹੋ ਰਹੇ ਹਨ ! ਸਰਪੰਚ ਸੁਖਦੇਵ ਸਿੰਘ ਸੰਧੂ ਨੇ ਅੱਗੇ ਕਿਹਾ ਕਿ ਸਕੂਲਾਂ ਵਿੱਚ ਪੜਨ ਵਾਲੇ ਬੱਚੇ ਵੀ ਮੋਬਾਇਲ ਫੋਨਾਂ ਦੀ ਆਦਤ ਦੇ ਸ਼ਿਕਾਰ ਹੋ ਰਹੇ ਹਨ !ਉਹਨਾਂ ਕਿਹਾ ਕਿ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਮੋਬਾਇਲ ਫੋਨ ਨਾ ਵਰਤਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ! ਉਹਨਾਂ ਕਿਹਾ ਕਿ ਮੋਬਾਈਲ ਫੋਨ ਜਿੱਥੇ ਬੱਚਿਆਂ ਤੇ ਅਤੇ ਹਰ ਇਨਸਾਨ ਦੀ ਨਜ਼ਰ ਤੇ ਮਾਰੂ ਪ੍ਰਭਾਵ ਪਾਉਂਦਾ ਹੈ, ਉੱਥੇ ਦਿਮਾਗ ਦੇ ਵੀ ਮੋਬਾਇਲ ਫੋਨ ਬੁਰਾ ਪ੍ਰਭਾਵ ਪਾ ਰਹੇ ਹਨ! ਸਰਪੰਚ ਸੰਧੂ ਨੇ ਕਿਹਾ ਕਿ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਇੱਕ ਪੀਰੀਅਡ ਬੱਚਿਆਂ ਨੂੰ ਮੋਬਾਇਲ ਫੋਨ ਤੋਂ ਦੂਰ ਰਹਿਣ ਲਈ ਲਗਾਇਆ ਜਾਣਾ ਚਾਹੀਦਾ ਹੈ ਅਤੇ ਸਕੂਲ ਪੜ੍ਹਨ ਵਾਲੇ ਬੱਚਿਆਂ ਨੂੰ ਸਕੂਲ ਵਿੱਚ ਫੋਨ ਲੈ ਕੇ ਆਉਣ ਤੇ ਮੁਕੰਮਲ ਪਾਬੰਦੀ ਲਗਾਉਣੀ ਚਾਹੀਦੀ ਹੈ! ਸਰਪੰਚ ਸੁਖਦੇਵ ਸਿੰਘ ਸੰਧੂ ਨੇ ਇਹ ਵੀ ਕਿਹਾ ਕਿ ਮੋਬਾਇਲ ਫੋਨ ਦੀ ਵੱਧ ਵਰਤੋਂ ਕਰਨ ਵਾਲਾ ਵਿਦਿਆਰਥੀ ਪੜ੍ਹਾਈ ਵਿੱਚ ਦੂਸਰੇ ਵਿਦਿਆਰਥੀਆਂ ਨਾਲੋਂ ਕਮਜ਼ੋਰ ਹੋਵੇਗਾ! ਅਖੀਰ ਵਿੱਚ ਉਹਨਾਂ ਕਿਹਾ ਕਿ ਬੱਚਿਆਂ ਨੂੰ ਮੋਬਾਇਲ ਫੋਨ ਤੋਂ ਬਚਾਉਣਾ ਬੇਹੱਦ ਜਰੂਰੀ ਹੈ!

# ਗਰਮੀਆਂ 'ਚ ਹਾਰਟ ਅਟੈਕ ਕਾਰਨ

ਅਕਸਰ ਲੋਕ ਸੋਚਦੇ ਹਨ ਕਿ ਸਰਦੀਆਂ ਵਿੱਚ ਦਿਲ ਦੇ ਦੌਰੇ ਜ਼ਿਆਦਾ ਹੁੰਦੇ ਹਨ, ਪਰ ਕੀ ਤੁਸੀਂ ਜਾਣਦੇ ਹੋ ਕਿ ਗਰਮੀਆਂ ਵਿੱਚ ਦਿਲ ਲਈ ਖ਼ਤਰਾ ਵੀ ਓਨਾ ਹੀ ਗੰਭੀਰ ਹੋ ਸਕਦਾ ਹੈ ? ਕਈ ਵਾਰ ਅਸੀਂ ਆਪਣੀਆਂ ਛੋਟੀਆਂ-ਛੋਟੀਆਂ ਰੋਜ਼ਾਨਾ ਦੀਆਂ ਆਦਤਾਂ ਵੱਲ ਧਿਆਨ ਦੇਣ ਵਿੱਚ ਅਸਮਰੱਥ ਹੁੰਦੇ ਹਾਂ, ਜੋ ਗਰਮੀਆਂ ਵਿੱਚ ਦਿਲ ਦੇ ਦੌਰੇ ਦਾ ਇੱਕ ਵੱਡਾ ਕਾਰਨ ਬਣ ਸਕਦਾ ਹੈ।

**ਸਰੀਰ ਵਿੱਚ ਡੀਹਾਈਡਰੇਸ਼ਨ**


ਅਸੀਂ ਗਰਮੀਆਂ ਵਿੱਚ ਬਹੁਤ ਪਸੀਨਾ ਵਹਾਉਂਦੇ ਹਾਂ, ਜਿਸ ਕਾਰਨ ਸਰੀਰ ਵਿੱਚੋਂ ਨਮਕ ਅਤੇ ਪਾਣੀ ਦੀ ਮਾਤਰਾ ਤੇਜ਼ੀ ਨਾਲ ਘੱਟਣ ਲੱਗਦੀ ਹੈ। ਜਦੋਂ ਸਰੀਰ ਵਿੱਚ ਪਾਣੀ ਦੀ ਕਮੀ ਹੁੰਦੀ ਹੈ, ਤਾਂ ਖ਼ੂਨ ਗਾੜ੍ਹਾ ਹੋ ਜਾਂਦਾ ਹੈ ਅਤੇ ਦਿਲ ਨੂੰ ਖ਼ੂਨ ਪੰਪ ਕਰਨ ਲਈ ਵਧੇਰੇ ਮਿਹਨਤ ਕਰਨੀ ਪੈਂਦੀ ਹੈ। ਇਸ ਲਈ ਦਿਨ ਭਰ ਬਹੁਤ ਸਾਰਾ ਪਾਣੀ ਪੀਓ, ਖਾਸ ਕਰਕੇ ਜਦੋਂ ਤੁਸੀਂ ਬਾਹਰ ਜਾ ਰਹੇ ਹੋ। ਨਾਰੀਅਲ ਪਾਣੀ, ਨਿੰਬੂ ਪਾਣੀ ਅਤੇ ਇਲੈਕਟ ?ਰੋਲਾਈਟਸ ਨਾਲ ਭਰਪੂਰ ਪੀਣ ਵਾਲੇ ਪਦਾਰਥ ਲਓ।

**ਬਹੁਤ ਜ਼ਿਆਦਾ ਗਰਮੀ ਵਿੱਚ ਘੁੰਮਣਾ**

ਜਦੋਂ ਸਰੀਰ ਲਗਾਤਾਰ ਤੇਜ਼ ਧੁੱਪ ਅਤੇ ਗਰਮੀ ਦੇ ਸੰਪਰਕ ਵਿੱਚ ਰਹਿੰਦਾ ਹੈ, ਤਾਂ ਸਮੱਸਿਆ ਵਧ ਜਾਂਦੀ ਹੈ। ਇਹ ਸਰੀਰ ਦੇ ਤਾਪਮਾਨ ਨਿਯੰਤਰਣ ਪ੍ਰਣਾਲੀ ਨੂੰ ਵਿਗਾੜ ਸਕਦਾ ਹੈ ਅਤੇ ਬਲੱਡ ਪ੍ਰੈਸ਼ਰ ਅਚਾਨਕ ਡਿੱਗ ਸਕਦਾ ਹੈ ਜਾਂ ਵਧ ਸਕਦਾ ਹੈ। ਇਹ ਸਥਿਤੀ ਦਿਲ ਲਈ ਖ਼ਤਰਨਾਕ ਹੋ ਜਾਂਦੀ ਹੈ, ਖਾਸ ਕਰਕੇ ਉਨ੍ਹਾਂ ਲਈ ਜੋ ਪਹਿਲਾਂ ਹੀ ਹਾਈ ਬੀਪੀ ਜਾਂ ਦਿਲ ਦੀ ਬਿਮਾਰੀ ਤੋਂ ਪੀੜਤ ਹਨ। ਇਸ ਲਈ ਸਵੇਰੇ ਜਾਂ ਸ਼ਾਮ ਨੂੰ ਹੀ ਬਾਹਰ ਜਾਓ,

# ਸੰਤ ਕਬੀਰ ਕਾਲਜ ਜ਼ੀਰਾ ਵਿੱਚ ਬੀ ਐਸ ਸੀ ਫੈਸ਼ਨ ਟੈਕਨੋਲੋਜੀ ਕੋਰਸ ਦੀ ਸ਼ੁਰੂਆਤ

**ਜ਼ੀਰਾ / ਅੰਗਰੇਜ਼ ਬਰਾੜ**



ਇਲਾਕੇ ਦੇ ਨੌਜਵਾਨਾਂ ਲਈ ਖ਼ੁਸ਼ਖ਼ਬਰੀ ਹੈ ਕਿ ਸੰਤ ਕਬੀਰ ਕਾਲਜ ਜ਼ੀਰਾ ਨੇ 2025-26 ਸੈਸ਼ਨ ਤੋਂ ਬੀ ਐਸ ਸੀ ਫੈਸ਼ਨ ਟੈਕਨੋਲੋਜੀ ਕੋਰਸ ਦੀ ਸ਼ੁਰੂਆਤ ਕਰ ਦਿੱਤੀ ਹੈ। ਇਸ ਮਹੱਤਵਪੂਰਨ ਜਾਣਕਾਰੀ ਦਾ ਪ੍ਰਗਟਾਵਾ ਕਾਲਜ ਦੇ ਚੇਅਰਮੈਨ ਸਰਦਾਰ ਗੁਰਚਰਨ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਡਾ ਸੁਖਦੇਵ ਸਿੰਘ ਨੇ ਕੀਤਾ। ਉਨ੍ਹਾਂ ਦੱਸਿਆ ਕਿ ਇਲਾਕੇ ਦੇ ਨੌਜਵਾਨਾਂ ਵੱਲੋਂ ਲੰਬੇ ਸਮੇਂ ਤੋਂ ਫੈਸ਼ਨ ਸੈਕਟਰ ਨਾਲ ਜੁੜੇ ਕੋਰਸ ਦੀ ਮੰਗ ਕੀਤੀ ਜਾ ਰਹੀ ਸੀ। ਇਹ ਕੋਰਸ ਉਨ੍ਹਾਂ ਵਿਦਿਆਰਥੀਆਂ ਲਈ ਸੁਨਹਿਰੀ ਮੌਕਾ ਹੈ ਜੋ ਫੈਸ਼ਨ ਇੰਡਸਟਰੀ ਵਿੱਚ ਕਰੀਅਰ ਬਣਾਉਣਾ ਚਾਹੁੰਦੇ ਹਨ। ਇਸ ਕੋਰਸ ਰਾਹੀਂ ਵਿਦਿਆਰਥੀਆਂ ਨੂੰ ਵਿਅਕਤੀਗਤ ਸਜਾਵਟ (ਗਾਰਮੈਂਟ ਡਿਜ਼ਾਈਨ,) ਫੈਸ਼ਨ ਟੈਕਸਟਾਈਲ ਸਾਇੰਸ, ਮਾਰਕੀਟਿੰਗ, ਅਤੇ ਇੰਡਸਟਰੀ ਲਿੰਕਡ ਪ੍ਰਾਜੈਕਟਸ ਬਾਰੇ ਥਿਊਰੀ ਅਤੇ ਪ੍ਰੈਕਟੀਕਲ ਦੋਹਾਂ ਤਰੀਕਿਆਂ ਨਾਲ ਸਿਖਲਾਈ ਦਿੱਤੀ ਜਾਵੇਗੀ। ਕਾਲਜ ਦੇ ਪ੍ਰਿੰਸੀਪਲ ਡਾ ਵੀਰਪਾਲ ਨੇ ਇਸ ਨਵੇਂ ਕੋਰਸ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕੋਰਸ ਵਿਦਿਆਰਥੀਆਂ ਲਈ ਵਰਧਾਨ ਸਾਬਿਤ ਹੁੰਦਾ ਹੋਇਆ ਨਵੀਆਂ ਨੌਕਰੀਆਂ ਦੇ ਰਾਹ ਖੋਲ੍ਹੇਗਾ। ਉਹ ਫੈਸ਼ਨ ਟੈਕਨੋਲੋਜੀ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਸਕਣਗੇ ਅਤੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਕਲਾ ਨੂੰ ਪਹੁੰਚਾ ਸਕਣਗੇ। ਉਹਨਾਂ ਕਿਹਾ ਕਿ ਇਹ ਕੋਰਸ ਨਾ ਸਿਰਫ਼ ਕਰੀਅਰ ਦੇ ਨਵੇਂ ਰਾਹ ਖੋਲ੍ਹਦਾ ਹੈ, ਬਲਕਿ ਵਿਦਿਆਰਥੀਆਂ ਨੂੰ ਸਵੈ-ਰੋਜ਼ਗਾਰ ਅਤੇ ਉਦਯਮਿਤਾ ਵੱਲ ਵੀ ਪ੍ਰੇਰਿਤ ਕਰਦਾ ਹੈ।

# ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਪੰਜਾਬ ਵਿੱਚ ਸੈਲ.ਫ ਹੈਲਪ ਗਰੁੱਪਾਂ ਨੂੰ ਮਜ਼ਬੂਤ ਕਰਨ ਲਈ ਐਮ ਐਸ ਐਮ ਈ ਪੀ ਸੀ ਆਈ ਪੰਜਾਬ ਨਾਲ ਕੀਤਾ ਸਹਿਯੋਗ

**ਮੋਹਾਲੀ / ਅਸ਼ੋਕ ਜੋਸ਼ੀ**



ਪੰਜਾਬ ਵਿੱਚ ਔਰਤਾਂ ਲਈ ਇੱਕ ਸੁਰੱਖਿਅਤ, ਭਾਗੀਦਾਰੀ ਭਰਪੂਰ ਅਤੇ ਸਸ਼ਕਤੀਕਰਨ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੇ ਅਨੁਸਾਰ, ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਐਮਐਸਐਮਈ ਪੀਸੀਆਈ (ਮਾਈਕਰੋ, ਸਮਾਲ ਐਂਡ ਮੀਡੀਅਮ ਐਂਟਰਪ੍ਰਾਈਜਿਜ਼ ਪ੍ਰਮੋਸ਼ਨ ਕੌਂਸਲ ਆਫ਼ ਇੰਡੀਆ) ਪੰਜਾਬ ਦੇ ਸਹਿਯੋਗ ਨਾਲ ਅੱਜ ÷ਐਮਪਾਵਰਹਰ ਪੰਜਾਬ ਪਹਿਲਕਦਮੀ÷ ਦੀ ਸ਼ੁਰੂਆਤ ਕੀਤੀ, ਜਿਸਦਾ ਉਦੇਸ਼ ਰਾਜ ਭਰ ਵਿੱਚ ਔਰਤਾਂ ਅਤੇ ਸਵੈ-ਸਹਾਇਤਾ ਸਮੂਹਾਂ (ਸੈਲਫ਼ ਹੈਲਪ ਗਰੁੱਪਾਂ) ਲਈ ਵੱਖ ਵੱਖ ਖੇਤਰਾਂ ਵਿੱਚ ਬਦਲਾਅ ਲਿਆ ਕੇ ਸਹਿਯੋਗ ਦੇਣਾ ਹੈ। ਜਾਣਕਾਰੀ ਦਿੰਦੇ ਹੋਏ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ ਕਿ ਇਹ ਪਹਿਲਕਦਮੀ ਉੱਦਮਤਾ, ਨਵੀਨਤਾ ਅਤੇ ਸਵੈ-ਸਹਾਇਤਾ ਸਮੂਹ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਕਮਿਸ਼ਨ ਅਤੇ ਐਮ ਐਸ ਐਮ ਈ ਪੀ ਸੀ ਆਈ ਪੰਜਾਬ ਵਿਚਕਾਰ ਇੱਕ ਮਹੱਤਵਪੂਰਨ ਸਾਂਝੇਦਾਰੀ ਦੀ ਸ਼ੁਰੂਆਤ ਹੈ। ÷ਐਮਪਾਵਰਹਰ ਪੰਜਾਬ÷ ਦੇ ਮੁੱਖ ਉਦੇਸ਼ਾਂ ਨੂੰ ਸੂਚੀਬੱਧ ਕਰਦੇ ਹੋਏ, ਚੇਅਰਪਰਸਨ ਸ਼੍ਰੀਮਤੀ ਗਿੱਲ ਨੇ ਕਿਹਾ ਕਿ ਸਾਂਝੀ ਪਹਿਲਕਦਮੀ ਦਾ ਉਦੇਸ਼ ਔਰਤਾਂ ਵਿੱਚ ਸਿਹਤ, ਮਾਨਸਿਕ ਤੰਦਰੁਸਤੀ ਅਤੇ ਸਮਾਜਿਕ ਲੀਡਰਸ਼ਿਪ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਇਸੇ ਤਰ੍ਹਾਂ, ਸਮਰੱਥਾ ਨਿਰਮਾਣ ਅਤੇ ਸਰੋਤਾਂ ਤੱਕ ਪਹੁੰਚ ਰਾਹੀਂ ਸਵੈ-ਸਹਾਇਤਾ ਸਮੂਹਾਂ ਲਈ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਅਤੇ ਆਰਥਿਕ ਗਤੀਵਿਧੀਆਂ ਅਤੇ ਨੀਤੀ ਲਾਗੂ ਕਰਨ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਵੀ ਸਹਿਯੋਗ ਦਾ ਹਿੱਸਾ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰੀ ਯੋਜਨਾਵਾਂ, ਸੂਖਮ-ਉੱਦਮ ਵਿਕਾਸ ਅਤੇ ਵਿੱਤੀ ਸਹੂਲਤਾਂ ਬਾਰੇ ਜਾਣਕਾਰੀ ਪੈਦਾ ਕਰਨ ਤੋਂ ਇਲਾਵਾ, ਇਸ ਪਹਿਲਕਦਮੀ ਵਿੱਚ ਪ੍ਰਦਰਸ਼ਨੀਆਂ, ਹੁਨਰ ਪ੍ਰਦਰਸ਼ਨਾਂ ਅਤੇ ਜਾਗਰੂਕਤਾ ਮੁਹਿੰਮਾਂ ਵਰਗੇ ਦਿਲਚਸਪ ਸੈਸ਼ਨ ਵੀ ਸ਼ਾਮਲ ਹੋਣਗੇ ਤਾਂ ਜੋ ਔਰਤਾਂ ਨੂੰ ਵਿਕਾਸ ਦੇ ਉੱਨਤ ਮੌਕਿਆਂ ਨਾਲ ਜੋੜਿਆ ਜਾ ਸਕੇ। ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨੇ ਅੱਗੇ ਕਿਹਾ ਕਿ ਮਹੱਤਵਪੂਰਨ ਤੌਰ 'ਤੇ, ਇਹ ਪਹਿਲਕਦਮੀ ਮੁੱਖ ਤੌਰ 'ਤੇ ਸਵੈ-ਸਹਾਇਤਾ ਸਮੂਹਾਂ ਨੂੰ ਰੰਗਲਾ ਪੰਜਾਬ ਦੀ ਧਾਰਨਾ ਅਨੁਸਾਰ ਮਾਰਕੀਟਿੰਗ, ਹੁਨਰ ਵਿੱਚ ਵਾਧਾ, ਫੰਡਿੰਗ, ਕੱਚਾ ਮਾਲ, ਤਕਨੀਕੀ ਅਪਗ੍ਰੇਡੇਸ਼ਨ ਅਤੇ ਪ੍ਰਦਰਸ਼ਨੀਆਂ ਆਦਿ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਵਿੱਚ ਮਦਦਗਾਰ ਹੋਵੇਗੀ। ਉਨ੍ਹਾਂ ਕਿਹਾ ਕਿ ਔਰਤਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ, ਚੱਲ ਰਹੇ ਯਤਨਾਂ ਦੀ, ਅੱਜ ਇਸ ਨਵੀਂ ਪਹਿਲਕਦਮੀ ਦੀ ਸਮਝ ਨਾਲ ਸ਼ੁਰੂਆਤ ਹੈ ਅਤੇ ਜਲਦੀ ਹੀ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੁਆਰਾ ਸਾਰੀਆਂ ਲੋੜੀਂਦੀਆਂ ਰਸਮਾਂ ਅਤੇ ਰੂਪ-ਰੇਖਾਵਾਂ ਨੂੰ ਪੂਰਾ ਕੀਤਾ ਜਾਵੇਗਾ ਤਾਂ ਜੋ ਇਸਨੂੰ ਰਾਜ ਭਰ ਵਿੱਚ ਕੰਮ ਕਰਨ ਵਾਲੇ ਸਾਰੇ ਸਵੈ-ਸਹਾਇਤਾ ਸਮੂਹਾਂ ਲਈ ਲਾਭਦਾਇਕ ਬਣਾਇਆ ਜਾ ਸਕੇ। ਇਸ ਮੌਕੇ 'ਤੇ, ਐਮ ਐਸ ਐਮ ਈ ਪੀ ਸੀ ਆਈ ਪੰਜਾਬ ਚੈਪਟਰ ਦੀ ਚੇਅਰਪਰਸਨ ਸ਼੍ਰੀਮਤੀ ਪੂਜਾ ਧੂੰਨਾ ਵੀ ਮੌਜੂਦ ਸਨ, ਜਿਨ੍ਹਾਂ ਨੇ ਚੇਅਰਪਰਸਨ ਰਾਜ ਲਾਲੀ ਗਿੱਲ ਨੂੰ ਇਸ ਪਹਿਲਕਦਮੀ ਰਾਹੀਂ ਮਾਨਸਿਕਤਾ ਪਰਿਵਰਤਨ, ਸਵੈ-ਸਹਾਇਤਾ ਸਮੂਹਾਂ ਦੀ ਲਾਮਬੰਦੀ, ਹੁਨਰ ਵਿਕਾਸ ਅਤੇ ਪੰਜਾਬ ਭਰ ਵਿੱਚ ਕਾਰਪੋਰੇਟ ਸੋਸ਼ਲ ਰਿਸਪੋਂਸੀਬਿਲਿਟੀ ਅਤੇ ਸਰਕਾਰੀ ਸਹਾਇਤਾ ਪ੍ਰਣਾਲੀਆਂ ਤੱਕ ਪਹੁੰਚ ਵਧਾਉਣ ਜਿਹੇ ਉਪਰਾਲਿਆਂ ਰਾਹੀਂ ਔਰਤਾਂ ਦੀ ਉੱਦਮਤਾ ਨੂੰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।

# ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਨ ਲਈ ਸਕੂਲ ਵਿੱਚ ਸਾਹਿਤਕ ਪ੍ਰੋਗਰਾਮ ਕਰਵਾਇਆ ਗਿਆ



**ਜ਼ੀਰਾ/ਅੰਗਰੇਜ਼ ਬਰਾੜ**

ਮਾਨਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਤੇ ਮਾਨਯੋਗ ਸ਼੍ਰੀ ਰਜੇਸ਼ ਕੁਮਾਰ ਸਟੇਟ ਅਵਾਰਡੀ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ ? , ਪ੍ਰਿੰਸੀਪਲ ਮੈਡਮ ਪਰਮਜੀਤ ਕੌਰ (ਪੀ ਐਮ ਸ੍ਰੀ ਸ ਸ ਸ ਸ ਧੁੱਪਸੜੀ ਅਤੇ ਬੀ ਐੱਨ ਓ ਬਟਾਲਾ -2), ਪ੍ਰਿੰਸੀਪਲ ਮੈਡਮ ਤੇਜਿੰਦਰ ਕੌਰ (ਪ੍ਰਿੰਸੀਪਲ ਪੀ ਐਮ ਸ੍ਰੀ ਸ ਕੰ ਸ ਕੈਂਪ ਲੜਕੀਆਂ ) ਦੀ ਯੋਗ ਅਗਵਾਈ ਹੇਠ ਸਮੇਂ ਸਮੇਂ ਵਿਦਿਆਰਥੀਆਂ ਅੰਦਰ ਨਵੇਂ ਹੁਨਰ ਨੂੰ ਲੱਭਣ ਲਈ ਅਨੇਕਾਂ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਉਪਰਾਲਿਆਂ ਵਿੱਚੋਂ ਇੱਕੋ ਉਪਰਾਲਾ ਸਰਕਾਰੀ ਸਕੂਲਾਂ ਵਿੱਚ ਪੜ ਰਹੇ ਵਿਦਿਆਰਥੀਆਂ ਅੰਦਰ ਸਾਹਿਤਿਕ ਰੁਝਾਨ ਵਧਾਉਨਾ ਵੀ ਹੈ। ਜਿਸ ਵਿੱਚ ਵੀ ਵਿਦਿਆਰਥੀ ਕਲਾ ਹੁਨਰ ਪ੍ਰੋਗਰਾਮ, ਸਮਰ ਕੈਂਪ, ਵਾਤਾਵਰਣ ਸੰਭਾਲ, ਯੁੱਧ ਨਸ਼ਿਆਂ ਵਿਰੁੱਧ, ਆਦਿ ਹਨ। ਪਿਛਲੇ ਦਿਨੀ ਸਰਕਾਰੀ ਮਿਡਲ ਸਕੂਲ ਕੈਂਪ ਲੜਕੇ ਬਟਾਲਾ ਗੁਰਦਾਸਪੁਰ ਵਿਖੇ ਇਸੇ ਲੜੀ ਤਹਿਤ ਸਕੂਲ ਵਿੱਚ ਵਿਸ਼ਵ ਪ੍ਰਸਿੱਧ ਸਾਹਿਤਕਾਰ ਦੀ ਫੇਰੀ ਕਰਵਾਈ ਗਈ। ਵਿਸ਼ਵ ਪ੍ਰਸਿੱਧ ਸਾਹਿਤਕਾਰ ਮੈਡਮ ਸਤਿੰਦਰ ਕੌਰ ਕਾਹਲੋਂ ਦੀ ਫੇਰੀ ਇੱਕ ਯਾਦਗਾਰ ਫੇਰੀ ਰਹੀ। ਜਿਸ ਵਿੱਚ ਉਹਨਾਂ ਨੇ ਵਿਦਿਆਰਥੀਆਂ ਨੂੰ ਸਾਹਿਤ ਦੀਆਂ ਬਰੀਕੀਆਂ ਦੱਸੀਆਂ। ਉਨ੍ਹਾਂ ਨੇ ਵਿਦਿਆਰਥੀ ਪ੍ਰੋਜੈਕਟ ਜੋ ਕਿ ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸਰਦਾਰ ਸੁਖੀ ਬਾਠ ਵੱਲੋਂ ਉਲੀਕਿਆ ਗਿਆ ਹੈ ਬਾਰੇ ਦੱਸਿਆ। ਸਕੂਲ ਇੰਚਾਰਜ ਮੈਡਮ ਰਣਜੀਤ ਕੌਰ ਬਾਜਵਾ ਨੇ ਇਸ ਫੇਰੀ ਨੂੰ ਇੱਕ ਬਹੁਤ ਹੀ ਮਹੱਤਵਪੂਰਨ ਫੇਰੀ ਦੱਸਿਆ। ਉਹਨਾਂ ਦੱਸਿਆ ਕਿ ਇਸ ਨਾਲ ਵਿਦਿਆਰਥੀਆਂ ਅੰਦਰ ਉਤਸ਼ਾਹ ਵਧਿਆ ਹੈ ਅਤੇ ਉਹ ਅੱਗੇ ਨਾਲੋਂ ਹੋਰ ਵੀ ਵਧੀਆ ਲਿਖਣ ਲੱਗ ਪਏ ਹਨ। ਇਸ ਮੌਕੇ ਉਹਨਾਂ ਨੇ ਮੈਡਮ ਸਤਿੰਦਰ ਕੌਰ ਕਾਹਲੋਂ ਦਾ ਧੰਨਵਾਦ ਕੀਤਾ।ਸਮੂਹ ਸਟਾਫ਼ ਵੱਲੋਂ ਮੈਡਮ ਸਤਿੰਦਰ ਕੌਰ ਕਾਹਲੋਂ ਸਟੇਟ ਅਵਾਰਡੀ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਮੂਹ ਸਟਾਫ਼ ਮੈਡਮ ਗੁਰਜਿੰਦਰ ਕੌਰ, ਮੈਡਮ ਅੰਜੂ, ਵਿਜੈ ਕੁਮਾਰ, ਮੈਡਮ ਸਰਬਜੀਤ ਕੌਰ, ਮੈਡਮ ਪ੍ਰਦੀਪ ਕੌਰ, ਮੈਡਮ ਸੁਜਾਤਾ ਆਦਿ ਹਾਜ਼ਰ ਸਨ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿੱਚ ਸ਼ਹੀਦੀ ਦਿਹਾੜਾ ਮਨਾਇਆ



**ਜੰਡਿਆਲਾ ਗੁਰੂ/ਸਤਿੰਦਰ ਬੀਰ ਸਿੰਘ ਹੁੰਦਲ, ਰਵਿੰਦਰ ਸਿੰਘ ਗਿੱਲ**

ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿੱਚ ਸ਼ਹੀਦਾਂ ਦੇ ਸਿਰਤਾਜ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ । ਸਭ ਤੋਂ ਪਹਿਲਾਂ ਸਕੂਲ ਅਸੈਂਬਲੀ ਵਿੱਚ ਬੱਚਿਆਂ ਵੱਲੋਂ ਗੁਰੂ ਸਾਹਿਬਾਂ ਦੀ ਸ਼ਹੀਦੀ ਨਾਲ ਸੰਬੰਧਿਤ ਸ਼ਬਦ ਗਾਇਨ ਕੀਤੇ ਗਏ ਉਪਰੰਤ ਦਸਵੀਂ ਕਲਾਸ ਦੀ ਵਿਦਿਆਰਥਨ ਗੁਰਲੀਨ ਕੌਰ ਨੇ ਆਪਣੇ ਸ਼ਬਦਾਂ ਰਾਹੀਂ ਗੁਰੂ ਸਾਹਿਬ ਜੀ ਦੀ ਜੀਵਨੀ ਬਾਰੇ ਦੱਸਿਆ।

ਉਪਰੰਤ ਸਕੂਲ ਦੇ ਆਡੋਟੋਰੀਅਮ ਵਿੱਚ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ । ਜਿਸ ਵਿੱਚ ਸਭ ਤੋਂ ਪਹਿਲਾਂ ਬੱਚਿਆਂ ਨੇ ਸੰਗਤ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਉਪਰੰਤ ਸਕੂਲ ਦੇ ਬੱਚਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ।ਬੱਚਿਆਂ ਵੱਲੋਂ ÷ਤੱਤੀ ਤਵੀ ਤੇ ਬੈਠਾ ਹੈ ਕੋਈ ਸ਼ਹਿਨਸ਼ਾਹ ਜਾਪੇ÷ ਰਸ ਭਿੰਨਾ ਸ਼ਬਦ ਗਾ ਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਵਾਈ ਅਤੇ ਮਾਹੌਲ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਕਿੰਡਰ ਗਾਰਡਨ ਸੈਕਸ਼ਨ ਦੀ ਐਲਕੇਜੀ ਕਲਾਸ ਦੀ ਬੱਚੀ ਰਹਿਮਤਦੀਪ ਕੌਰ ਨੇ ਸ਼ਹੀਦੀ ਪੁਰਬ ਸਬੰਧੀ ਬੜੀ ਹੀ ਵੈਰਾਗਮਈ ਕਵਿਤਾ ਪੇਸ਼ ਕੀਤੀ । ਇਸ ਦੇ ਨਾਲ ਹੀ ਸਕੂਲ ਦੀ ਅੱਠਵੀਂ ਕਲਾਸ ਦੀ ਵਿਦਿਆਰਥਨ ਸੀਰਤ ਕੌਰ ਨੇ ਵੀ ਕਵਿਤਾ ਰਾਹੀਂ ਗੁਰੂ ਸਾਹਿਬ ਜੀ ਦੀ ਉਸਤਤ ਕੀਤੀ । ਉਪਰੰਤ ਬੱਚਿਆਂ ਨੂੰ ਪੀਪੀਟੀ ਵਿਜੁਅਲ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ :ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਬੱਚਿਆਂ ਨੂੰ ਗੁਰੂ ਸਾਹਿਬਾਂ ਦੇ ਸ਼ਹੀਦੀ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਸ਼ਹੀਦੀ ਵਾਲੇ ਦਿਨ ਗੁਰਦੁਆਰਾ ਸਾਹਿਬ ਜਾ ਕੇ ਨਤਮਸਤਕ ਹੋਣ ਲਈ ਕਿਹਾ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਸਕੂਲਾਂ ਵਿੱਚ ਗੁਰੂ ਸਾਹਿਬਾਂ ਦੇ ਦਿਨ ਮਨਾਉਣੇ ਬਹੁਤ ਜਰੂਰੀ ਹਨ ਤਾਂ ਕਿ ਸਾਡੀ ਆਉਣ ਵਾਲੀ ਪੀੜੀ ਨੂੰ ਗੁਰ ਇਤਿਹਾਸ ਦਾ ਪਤਾ ਲੱਗੇ ਆਉਣ ਵਾਲੀ ਪੀੜੀ ਇਹ ਜਾਣ ਸਕੇ ਕਿ ਸਾਡੇ ਗੁਰੂਆਂ ਨੇ ਸਾਡੇ ਲਈ ਕਿੰਨੀਆਂ ਕੁਰਬਾਨੀਆਂ ਕੀਤੀਆਂ ਸਨ । ਆਓ ਉਹਨਾਂ ਮਹਾਨ ਗੁਰੂ ਸਾਹਿਬਾਂ ਨੂੰ ਯਾਦ ਕਰੀਏ ਜਿਨਾਂ ਨੇ ਸਾਡੇ ਲਈ ਸਿੱਖ ਕੌਮ ਲਈ ਸ਼ਹੀਦੀਆਂ ਦਿੱਤੀਆਂ । ਇਸ ਮੌਕੇ ਤੇ ਸਾਰੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ । ਇਸ ਦੌਰਾਨ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਹੋਈ ਮੀਟਿੰਗ



**ਫਿਰੋਜ਼ਪੁਰ/ਮਨੋਹਰ ਲਾਲ**

ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਦੀ ਜਨਰਲ ਮੀਟਿੰਗ ਪ੍ਰਧਾਨ ਭਾਈ ਕੁਲਵੰਤ ਸਿੰਘ ਦੀ ਅਗਵਾਈ ਹੇਠ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਬੁੜ ਸਿੰਘ ਨਗਰ ਵਿਖੇ ਹੋਈ, ਜਿਸ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਇਕ ਸਤੰਬਰ 2025 ਦਿਨ ਸੋਮਵਾਰ ਨੂੰ ਗੁਰਦੁਆਰਾ ਜੱਜਾਂ ਵਾਲਾ ਜੰਜ ਘਰ ਵਿਖੇ ਮਨਾਇਆ ਜਾਵੇਗਾ। ਮੀਟਿੰਗ ਵਿੱਚ ਹੋਰ ਫੁਟਕਲ ਵਿਚਾਰਾਂ ਅਤੇ ਐਡਮਿਨਿਸਟਰੇਸ਼ਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਪ੍ਰਧਾਨ ਭਾਈ ਕੁਲਵੰਤ ਸਿੰਘ ਤੋਂ ਇਲਾਵਾ ਮੀਤ ਪ੍ਰਧਾਨ ਕਸ਼ਮੀਰ ਸਿੰਘ ਸਕੱਤਰ ਅੰਮ੍ਰਿਤ ਪ੍ਰੀਤ ਸਿੰਘ ਖਜਾਨਚੀ ਭਾਈ ਬਸੰਤ ਸਿੰਘ, ਭਾਈ ਮਨਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਅਵਤਾਰ ਸਿੰਘ ਫੌਜੀ, ਭਾਈ ਹਰਮੀਤ ਸਿੰਘ, ਭਾਈ ਸਤਨਾਮ ਸਿੰਘ ਸਾਜਨ, ਭਾਈ ਗੁਰਨਾਮ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਦਰਸ਼ਨ ਸਿੰਘ, ਭਾਈ ਮੇਜਰ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਹਰਭਜਨ ਸਿੰਘ ਰੱਖੜੀ, ਭਾਈ ਅਸ਼ਪਾਲ ਸਿੰਘ, ਭਾਈ ਰਣਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਕੁਲਬੀਰ ਸਿੰਘ ਤੋਂ ਇਲਾਵਾ ਹੋਰ ਮੈਂਬਰ ਹਾਜ਼ਰ ਸਨ।

# ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਗਤੀਵਿਧੀਆਂ ਆਯੋਜਿਤ




**ਫਿਰੋਜ਼ਪੁਰ/ਮਨੋਹਰ ਲਾਲ**

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ 29 ਮਈ 2025 ਤੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਇਫਕੋ ਅਤੇ ਹੋਰ ਖੇਤੀ ਸਬੰਧੀ ਅਦਾਰਿਆਂ ਨਾਲ ਮਿਲ ਕੇ ਲਗਾਤਾਰ ਵੱਖ—ਵੱਖ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਅਧੀਨ ਮਿਤੀ 2 ਜੂਨ 2025 ਨੂੰ ਫਿਰੋਜ਼ਪੁਰ ਜਿਲੇ ਦੇ ਪਿੰਡ ਢੀਂਡਸਾ, ਫਿਰੋਜ਼ਸ਼ਾਹ, ਕਰਮੂਵਾਲਾ ਅਤੇ ਭਾਗੋ ਕੇ ਅਤੇ ਸਹਿਕਾਰੀ ਸਭਾਵਾਂ ਸੈਦਾਂਵਾਲਾ, ਮਾਲਵਾਲ ਕਦੀਮ, ਸ਼ਕੂਰ, ਨੂਰਪੁਰ ਸੇਠਾਂ ਵਿਖੇ ਵੀ ਵਿਭਾਗਾਂ ਦੀਆਂ ਟੀਮਾਂ ਵੱਲੋਂ ਕਿਸਾਨ—ਵਿਗਿਆਨੀ ਮਿਲਣੀਆਂ ਆਯੋਜਿਤ ਕੀਤੀਆਂ ਗਈਆਂ। ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਦੇ ਡਿਪਟੀ ਡਾਇਰੈਕਟਰ (ਸਿਖਲਾਈ), ਡਾ ਗੁਰਮੇਲ ਸਿੰਘ ਦੀ ਅਗਵਾਈ ਹੇਠ ਬਣੀਆਂ ਟੀਮਾਂ ਨੇ ਇਨ੍ਹਾਂ ਕੈਂਪਾਂ ਵਿੱਚ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਦੇ ਉਦੇਸ਼ ਬਾਰੇ ਚਾਨਣਾ ਪਾਇਆ ਅਤੇ ਭਾਰਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣੂ ਕਰਵਾਇਆ ਅਤੇ ਇਸ ਸਬੰਧੀ ਸਾਹਿਤ ਵੀ ਵੰਡਿਆ ਗਿਆ। ਇਨ੍ਹਾਂ ਪਿੰਡਾਂ ਵਿੱਚ ਸਾਉਣੀ ਦੀਆਂ ਫਸਲਾਂ ਵਿੱਚ ਅਗਲੇਰੇ ਤਕਨੀਕੀ ਪ੍ਰਬੰਧ, ਮਿੱਟੀ ਅਤੇ ਪਾਣੀ ਪਰਖ, ਸਬਜ਼ੀਆਂ ਅਤੇ ਫਲਾਂ ਨੂੰ ਵਧੇਰੇ ਤਾਪਮਾਨ ਤੋਂ ਬਚਾਅ ਲਈ ਵਿਗਿਆਨਕ ਸਲਾਹ ਅਤੇ ਫਸਲਾਂ ਵਿੱਚ ਕੀਟ ਅਤੇ ਬੀਮਾਰੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਵੀ ਗਈ। ਕੈਂਪ ਤੋਂ ਬਾਅਦ ਖੇਤਾਂ ਦਾ ਦੌਰਾ ਕਰਕੇ ਵਿਗਿਆਨੀਆਂ ਨੇ ਕਿਸਾਨਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਦਾ ਮੌਕੇ ਤੇ ਹੱਲ ਕੀਤਾ ਅਤੇ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਬਾਰੇ ਜਾਣਕਾਰੀ ਦੇਣ ਦੇ ਨਾਲ—ਨਾਲ ਇਸ ਅਭਿਆਨ ਅਧੀਨ ਟੀਮ ਵਿੱਚ ਮੌਜੂਦ ਮਾਹਿਰਾਂ ਨੇ ਕਿਸਾਨਾਂ ਨੂੰ ਖੇਤੀ ਸਹਾਇਕ ਧੰਦੇ ਅਪਨਾ ਕੇ ਆਮਦਨ ਵਧਾਉਣ ਲਈ ਪ੍ਰੇਰਿਆ। ਕੈਂਪ ਦੇ ਅੰਤ ਵਿੱਚ ਟੀਮ ਵੱਲੋਂ ਕਿਸਾਨਾਂ ਤੋਂ ਫੀਡਬੈਕ ਲਈ ਗਈ ਅਤੇ ਕੈਂਪ ਵਿੱਚ ਸ਼ਾਮਿਲ ਕਿਸਾਨ ਵੀਰਾਂ ਦਾ ਧੰਨਵਾਦ ਕੀਤਾ। ਟੀਮ ਨੇ ਕਿਸਾਨਾਂ ਨੂੰ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਨਾਲ ਜੁੜ ਕੇ ਖੇਤੀ ਪ੍ਰਤੀ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ਲਈ ਪ੍ਰੇਰਿਆ।

# ਸਮਾਜ ਸੇਵੀ ਕਾਰਜ ਕਰਨ ਵਾਲੇ ਸਾਥੀਆਂ ਨੂੰ ਸੀਨੀਅਰ ਸਿਟੀਜਨ ਫੋਰਮ ਨੇ ਕੀਤਾ ਸਨਮਾਨਿਤ




**ਫਿਰੋਜ਼ਪੁਰ/ਮਨੋਹਰ ਲਾਲ**

ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਕਮੇਟੀ ਦੀ ਮੀਟਿੰਗ ਬਾਗਬਾਨ ਦਫਤਰ ਬਾਹਰਵਾਰ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖ਼ੇ ਸ਼ ?ਰੀ ਪਰਦੀਪ ਧਵਨ ਪਰਧਾਨ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸ਼ ?ਰੀ ਅਸ਼ੋਕ ਬਹਿਲ ਸਮਾਜ ਸੇਵੀ, ਸ਼ ?ਰੀ ਵਿਪੁਲ ਨਾਰੰਗ ਸਮਾਜ ਸੇਵੀ ਅਤੇ ਸ਼ ?ਰੀ ਅਸ਼ੋਕ ਬੱਬਰ ਵੱਲੋਂ ਨਿਭਾਈ ਗਈ ਸਮਾਜ ਸੇਵਾ ਅਤੇ ਇਮਾਨਦਾਰੀ ਲਈ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਵਲੋਂ ਸਨਮਾਨਤ ਕਰਨ ਲਈ ਬੁਲਾਇਆ ਗਿਆ। ਮੀਟਿੰਗ ਦੇ ਆਰੰਭ ਵਿੱਚ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੇ ਪੈਟਰਨ ਸ਼ ?ਰੀ ਦੇਸ਼ ਬੰਧੂ ਤੁਲੀ ਦੇ ਰਿਸ਼ਤੇਦਾਰ ਭਰਾ ਸ਼ ?ਰੀ ਭਾਰਤ ਭੂਸ਼ਣ ਸਾਹਨੀ ਫਾਉਂਡਰ ਅਤੇ ਪ੍ਰਧਾਨ ਸੀਨੀਅਰ ਸਿਟੀਜਨ ਫੋਰਮ ਲਾਜਪਤ ਨਗਰ ਨਵੀਂ ਦਿੱਲੀ ਦੀ ਅਚਾਨਕ ਮੌਤ ਹੋਣ ਤੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰਾਂ ਵੱਲੋਂ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਸ਼ ?ਰੀ ਅਸ਼ੋਕ ਬਹਿਲ, ਵਿਪੁਲ ਨਾਰੰਗ, ਅਸ਼ੋਕ ਬੱਬਰ ਨੂੰ ਫੋਰਮ ਵਲੋਂ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਫ਼ਿਰੋਜ਼ਪੁਰ ਸ਼ਹਿਰ ਤੇ ਛਾਉਣੀ ਵਿੱਚ ਆਵਾਜਾਈ ਸਮੇਂ ਆਉਂਦੀਆਂ ਸਮੱਸਿਆਂਵਾਂ ਅਵਾਰਾ ਪਸ਼ੂਆਂ ਅਤੇ ਕੁੱਤਿਆਂ ਦੀ ਸੰਭਾਲ ਕਰਨ, ਹਰਿਦੁਆਰ, ਨਾਂਦੇੜ ਸਾਹਿਬ ਅਤੇ ਨਵੀਂ ਦਿੱਲੀ ਲਈ ਰੇਲ ਗੱਡੀਆਂ ਚਲਾਉਣ ਲਈ ਰੇਲਵੇ ਅਧਿਕਾਰੀਆਂ ਨੂੰ ਭੇਜੇ ਪੱਤਰਾਂ ਦੇ ਸਬੰਧ ਵਿੱਚ ਰੇਲਵੇ ਅਧਿਕਾਰੀਆਂ ਦੇ ਆਏ ਪੱਤਰ ਬਾਰੇ ਜਾਣਕਾਰੀ ਦਿੱਤੀ ਗਈ। ਆਗੂਆਂ ਨੇ ਦੱਸਿਆ ਕਿ ਜਲਦੀ ਹੀ ਫੋਰਮ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ, ਵਾਤਾਵਰਨ ਸੁਧਾਰਨ ਲਈ ਵੱਖ—ਵੱਖ ਅਧਿਕਾਰੀਆਂ ਨੂੰ ਮਿਲ ਕੇ ਹੱਲ ਕਰਨ ਦੇ ਉਪਰਾਲੇ ਕੀਤੇ ਜਾਣਗੇ। ਇਸ ਸਮੇਂ ਸ਼ ?ਰੀ ਤਿਲਕ ਰਾਜ ਏਰੀ, ਸਤੀਸ਼ ਪੁਰੀ, ਰਾਕੇਸ਼ ਸ਼ਰਮਾ, ਅਸ਼ੋਕ ਕੱਕੜ, ਬਲਦੇਵ ਸਚਦੇਵਾ, ਬਲਦੇਵ ਸਚਦੇਵਾ, ਸੁਭਾਸ਼ ਦਰਦ, ਪਰਵੇਸ਼ ਕੁਮਾਰ ਸ਼ਿਵ ਦਰਸ਼ਨ, ਰਾਜ ਕੁਮਾਰ ਚੋਪੜਾ ਪ੍ਰੇਮ ਰਸੀਆ, ਰਾਜ ਕੁਮਾਰ ਚੋਪੜਾ, ਅਸ਼ੋਕ ਬਹਿਲ, ਐਸ.ਪੀ ਖੇੜਾ, ਹਰੀਸ਼ ਮੌਂਗਾ, ਨਰਾਇਣ ਕੁਮਾਰ ਗੁਪਤਾ ਆਦਿ ਨੇ ਸੰਬੋਧਨ ਕੀਤਾ। ਇਸ ਸਮੇਂ ਮਹੀਨਾ ਮਈ 2025 ਦੌਰਾਨ ਜਨਮ ਦਿਵਸ ਵਾਲੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ ਅੰਤ ਵਿੱਚ ਕਮੇਟੀ ਸ਼ ?ਰੀ ਪਰਦੀਪ ਧਵਨ ਨੇ ਸਾਥੀਆਂ ਦੇ ਸਵਾਲਾਂ ਬਾਰੇ ਜਾਣਕਾਰੀ ਦਿੱਤੀ ਅਤੇ ਵਿਸ਼ਵਾਸ਼ ਦਵਾਇਆ ਕਿ ਉਪਰੋਕਤ ਮਸਲ਼ਿਆਂ ਦੇ ਹੱਲ ਲਈ ਉੱਚ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾਵੇਗੀ।

# ਸੰਤ ਭਿੰਡਰਾਂਵਾਲਿਆਂ ਦੇ ਪੁੱਤਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੋਂ ਸਨਮਾਨ ਨਹੀਂ ਲੈਣਗੇ

## ਸ਼੍ਰੋਮਣੀ ਕਮੇਟੀ ਸ਼ਹੀਦੀ ਸਮਾਗਮ ਮੌਕੇ ਭਾਈ ਗੜਗੱਜ ਨੂੰ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਤੋਂ ਰੋਕੇ : ਭਾਈ ਈਸ਼ਰ ਸਿੰਘ



**ਅੰਮ੍ਰਿਤਸਰ /ਅਰਵਿੰਦਰ ਵੜੈਚ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਥਾਪਣ ਦਾ ਮਾਮਲਾ ਦਿਨੋਂ ਦਿਨ ਹੋਰ ਉਲਝਦਾ ਜਾ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 20ਵੀ ਸਦੀ ਦੇ ਮਹਾਨ ਸਿੱਖ ਦੀ ਉਪਾਧੀ ਨਾਲ ਨਿਵਾਜੇ ਗਏ ਦਮਦਮੀ ਟਕਸਾਲ ਦੇ ਚੌਦ ?ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਅਤੇ ਭਾਈ ਇੰਦਰਜੀਤ ਸਿੰਘ ਨੇ ਕਿਹਾ ਕਿ 6 ਜੂਨ 1984 ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋ ਰਹੇ ਸਮਾਗਮ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਦੇ ਹਨ ਤਾਂ ਉਹ ਇਹ ਸਨਮਾਨ ਕਿਸੇ ਵੀ ਹਾਲਤ ਵਿੱਚ ਨਹੀਂ ਲੈਣਗੇ।

ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ.ਹਰਜਿੰਦਰ ਸਿੰਘ ਧਾਮੀ ਨੂੰ ਸ਼ਹੀਦੀ ਸਮਾਗਮ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਤੋਂ ਰੋਕਣ ਦੀ ਅਪੀਲ ਕੀਤੀ ਹੈ। ਜੇਕਰ ਗੜਗੱਜ ਉਹਨਾਂ ਦਾ ਸਨਮਾਨ ਕਰਦੇ ਹਨ ਤਾਂ ਉਹ ਇਹ ਸਨਮਾਨ ਕਿਸੇ ਵੀ ਹਾਲਤ ਵਿੱਚ ਨਹੀਂ ਲੈਣਗੇ। ਦਮਦਮੀ ਟਕਸਾਲ, ਸਿੱਖ ਸਟੂਡੈਂਟਸ ਫੈਡਰੇਸ਼ਨ, ਦਲ ਖ਼ਾਲਸਾ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਘੱਲੂਘਾਰੇ ਮੌਕੇ ਗੈਰ ਸਿਧਾਂਤਕ ਤਰੀਕੇ ਨਾਲ ਥੋਪੇ ਗਏ ਹੋਣ ਕਾਰਨ ਪੰਥ ਵੱਲੋਂ ਅਪ੍ਰਵਾਨ ਕੀਤੇ ਜਾ ਚੁੱਕੇ ਜਥੇਦਾਰ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਕਿਸੇ ਵੀ ਹਾਲਤ ਵਿੱਚ ਸੰਦੇਸ਼ ਪੜ੍ਹਨ ਅਤੇ ਸ਼ਹੀਦ ਪਰਿਵਾਰਾਂ ਨੂੰ ਸਿਰੋਪੇ ਦੇਣ ਤੋਂ ਰੋਕਣ ਦੇ ਐਲਾਨ ਕੀਤੇ ਜਾ ਚੁੱਕੇ ਹਨ।

ਯਾਦ ਰਹੇ ਕਿ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਹਰ ਸਾਲ ਸ਼ਹੀਦੀ ਸਮਾਗਮ ਕੀਤਾ ਜਾਂਦਾ ਹੈ। ਜਿੱਥੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅਰਦਾਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਕੌਮ ਦੇ ਨਾਮ ਸੰਦੇਸ਼ ਦਿੱਤਾ ਜਾਂਦਾ ਹੈ, ਉਪਰੰਤ ਸ਼ਹੀਦ ਪਰਿਵਾਰਾਂ ਨੂੰ ਜਥੇਦਾਰ ਵੱਲੋਂ ਸਨਮਾਨ ਦਿੱਤਾ ਜਾਂਦਾ ਹੈ।

# ਬਾਲ ਭਲਾਈ ਕੌਂਸਲ, ਪੰਜਾਬ ਵੱਲੋਂ ਬਾਲ ਭਵਨ, ਮੋਹਾਲੀ ਵਿਖੇ 10 ਦਿਨਾਂ ਸਮਰ ਕੈਂਪ ਸ਼ੁਰੂ




**ਮੋਹਾਲੀ / ਅਸ਼ੋਕ ਜੋਸ਼ੀ**

ਬਾਲ ਭਲਾਈ ਕੌਂਸਲ, ਪੰਜਾਬ ਵੱਲੋਂ ਅੱਜ ਤੋਂ 6-14 ਸਾਲ ਦੇ ਬੱਚਿਆਂ ਲਈ ਬਾਲ ਭਵਨ, ਮੋਹਾਲੀ ਵਿਖੇ ਇੱਕ ਸਮਰ ਕੈਂਪ ਸ਼ੁਰੂ ਕੀਤਾ ਗਿਆ। ਕੌਂਸਲ ਦੀ ਸਕੱਤਰ ਸ਼੍ਰੀਮਤੀ ਪ੍ਰੀਤਮ ਸੰਧੂ ਨੇ ਦੱਸਿਆ ਕਿ ਇਸ ਕੈਂਪ ਦੇ ਆਯੋਜਨ ਦਾ ਮੁੱਖ ਉਦੇਸ਼ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਰੁੱਝੇ ਰੱਖਣਾ ਅਤੇ ਉਨ੍ਹਾਂ ਦੀ ਸਿਰਜਣਾਤਮਕਤਾ ਨੂੰ ਵਧਾਉਣਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਯੋਗਾ, ਡਾਂਸ, ਸੰਗੀਤ, ਮੂਰਤੀ ਨਿਰਮਾਣ, ਭੰਗੜਾ ਆਦਿ ਵਰਗੀਆਂ ਗਤੀਵਿਧੀਆਂ ਹਰ ਰੋਜ਼ ਆਯੋਜਿਤ ਕੀਤੀਆਂ ਜਾਣਗੀਆਂ। ਅੱਜ 30 ਬੱਚਿਆਂ ਨੇ ਕੈਂਪ ਵਿੱਚ ਸ਼ਿਰਕਤ ਕੀਤੀ ਜਿੱਥੇ ਯੋਗਾ ਇੰਸਟ ?ਰਕਟਰ ਸ਼੍ਰੀ ਅਭਿਜੀਤ, ਸੰਗੀਤ ਅਧਿਆਪਕ ਸ਼੍ਰੀਮਤੀ ਅਮਨਦੀਪ ਕੌਰ ਅਤੇ ਮੂਰਤੀ ਨਿਰਮਾਣ ਮਾਹਿਰ ਸ਼੍ਰੀ ਪਰਵੇਸ਼ ਕੁਮਾਰ ਨੇ ਬੱਚਿਆਂ ਨੂੰ ਵੱਖ-ਵੱਖ ਕਲਾਵਾਂ ਅਤੇ ਰੋਜ਼ਾਨਾ ਜੀਵਨ ਵਿੱਚ ਉਨ੍ਹਾਂ ਦੀ ਉਪਯੋਗਤਾ ਬਾਰੇ ਜਾਗਰੂਕ ਕੀਤਾ। ਕੈਂਪ ਦਾ ਉਦਘਾਟਨ ਡਾ. (ਸ਼੍ਰੀਮਤੀ) ਪ੍ਰੀਤਮ ਸੰਧੂ, ਸਕੱਤਰ ਅਤੇ ਸ਼੍ਰੀਮਤੀ ਰਤਿੰਦਰ ਬਰਾੜ, ਕੌਂਸਲ ਦੇ ਖਜ਼ਾਨਚੀ ਦੁਆਰਾ ਕੀਤਾ ਗਿਆ।

ਕੈਂਪ ਦੌਰਾਨ ਬੱਚਿਆਂ ਨੇ ਗਤੀਵਿਧੀਆਂ ਦਾ ਬਹੁਤ ਆਨੰਦ ਮਾਣਿਆ। ਇਹ ਸਮਰ ਕੈਂਪ 2 ਜੂਨ ਤੋਂ 14 ਜੂਨ, 2025 ਤੱਕ ਜਾਰੀ ਰਹੇਗਾ ਅਤੇ ਸਮਾਪਤੀ ਵਾਲੇ ਦਿਨ, ਇੱਕ ਸਮਾਪਤੀ ਸਮਾਰੋਹ ਦਾ ਆਯੋਜਨ ਕੀਤਾ ਜਾਵੇਗਾ ਜਿੱਥੇ ਬੱਚੇ ਕੈਂਪ ਦੌਰਾਨ ਸਿੱਖੀਆਂ ਗਈਆਂ ਗਤੀਵਿਧੀਆਂ ਦਾ ਪ੍ਰਦਰਸ਼ਨ ਕਰਨਗੇ।

# ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਦਾ ਸਿਹਰਾ ਭਾਰਤ ਦੀਆਂ ਤਿੰਨਾਂ ਸੈਨਾਵਾਂ ਨੂੰ ਜਾਂਦਾ ਹੈ: ਪ੍ਰਕਾਸ਼ਾਨੰਦ ਗਿਰੀ ਜੀ ਮਹਾਰਾਜ



**ਖੰਨਾ**

ਸਨਾਤਨ ਧਰਮ ਰਕਸ਼ਾ ਪ੍ਰੀਸ਼ਦ ਦੇ ਰਾਸ਼ਟਰੀ ਪ੍ਰਧਾਨ ਮਹਾਮੰਡਲੇਸ਼ਵਰ ਸਵਾਮੀ ਪ੍ਰਕਾਸ਼ਾਨੰਦ ਗਿਰੀ ਜੀ ਮਹਾਰਾਜ, ਬਾਬਾ ਬੈਜਨਾਥ ਮੁਖੀ, ਧਰਮਧਿਸ਼ ਸ਼੍ਰੀ ਹਿੰਦੂ ਤਖਤ ਨੇ ਆਪਰੇਸ਼ਨ ਸਿੰਦੂਰ ਦੀ ਸਫਲਤਾ ਦਾ ਸਿਹਰਾ ਭਾਰਤ ਦੀਆਂ ਤਿੰਨਾਂ ਸੈਨਾਵਾਂ ਦੀ ਅਗਵਾਈ, ਖੁਫੀਆ ਅਤੇ ਫੌਜੀ ਸਮਰੱਥਾ ਨੂੰ ਦਿੱਤਾ। ਸਵਾਮੀ ਜੀ ਨੇ ਕਿਹਾ ਕਿ ÷ਆਪ੍ਰੇਸ਼ਨ ਸਿੰਦੂਰ ਪ੍ਰਧਾਨ ਮੰਤਰੀ ਮੋਦੀ ਦੀ ਮਜ਼ਬੂਤ ? ?ਰਾਜਨੀਤਿਕ ਇੱਛਾ ਸ਼ਕਤੀ, ਏਜੰਸੀਆਂ ਤੋਂ ਸਹੀ ਖੁਫੀਆ ਜਾਣਕਾਰੀ ਅਤੇ ਫੌਜ ਦੀ ਜ਼ਬਰਦਸਤ ਫਾਇਰਪਾਵਰ ਦਾ ਨਤੀਜਾ ਹੈ। ਜਦੋਂ ਇਹ ਤਿੰਨੋਂ ਇਕੱਠੇ ਹੁੰਦੇ ਹਨ, ਤਾਂ ਆਪ੍ਰੇਸ਼ਨ ਸਿੰਦੂਰ ਵਰਗੀ ਮੁਹਿੰਮ ਹੁੰਦੀ ਹੈ।÷ ਇਹ ਪ੍ਰਧਾਨ ਮੰਤਰੀ ਮੋਦੀ ਹੀ ਸਨ ਜਿਨ੍ਹਾਂ ਨੇ ਆਪ੍ਰੇਸ਼ਨ ਸਿੰਦੂਰ ਦਾ ਨਾਮ ਦਿੱਤਾ ਸੀ। ਗੁਪਤ ਮੀਟਿੰਗਾਂ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਸਪੱਸ਼ਟ ਸੰਦੇਸ਼ ਦਿੱਤਾ ਸੀ ਕਿ ਪਹਿਲਗਾਮ ਹਮਲੇ ਵਿੱਚ, ਅੱਤਵਾਦੀਆਂ ਨੇ ਸਾਡੀਆਂ ਬਹੁਤ ਸਾਰੀਆਂ ਔਰਤਾਂ ਨੂੰ ਵਿਧਵਾ ਬਣਾ ਦਿੱਤਾ ਸੀ ਅਤੇ ਮਰਦਾਂ ਨੂੰ ਮਾਰ ਕੇ ਸਿੰਦੂਰ ਮਿਟਾ ਦਿੱਤਾ ਸੀ, ਅਸੀਂ ਇਸਦਾ ਜਵਾਬ ਦੇਵਾਂਗੇ ਅਤੇ ਅੱਤਵਾਦੀਆਂ ਵਿਰੁੱਧ ਵੱਡੀ ਕਾਰਵਾਈ ਕਰਾਂਗੇ। ਜਿਸਨੂੰ ਕੇਂਦਰ ਸਰਕਾਰ ਅਤੇ ਭਾਰਤ ਦੀਆਂ ਤਿੰਨੋਂ ਹਥਿਆਰਬੰਦ ਸੈਨਾਵਾਂ ਨੇ ਬਹੁਤ ਵਧੀਆ ਢੰਗ ਨਾਲ ਕੀਤਾ।

# 5 ਜੂਨ ਨੂੰ ਮੀਟਿੰਗ ਕਰੋ ਨਹੀਂ ਤਾਂ ਰੋਸ ਪ੍ਰਦਰਸ਼ਨ ਕਰਾਂਗੇ : ਗਲੋਟੀ, ਸਰਾਂ



**ਜ਼ੀਰਾ / ਅੰਗਰੇਜ਼ ਬਰਾੜ**

ਆਦਰਸ਼ ਸਕੂਲ ਟੀਚਿੰਗ ਅਤੇ ਨਾਨ ਟੀਚਿੰਗ ਮੁਲਾਜਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ ਅਤੇ ਜਨਰਲ ਸਕੱਤਰ ਮੈਡਮ ਸੁਖਦੀਪ ਕੌਰ ਸਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਦਿਨੀ ਉਹਨਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਗਰੂਰ ਵਿਖੇ ਮੁੱਖ ਮੰਤਰੀ ਸਮੇਤ ਚਾਰ ਹੋਰ ਮੰਤਰੀਆਂ ਦੇ ਪੁਤਲੇ ਫੂਕੇ ਗਏ ਸਨ ਅਤੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ! ਉਸ ਸਮੇਂ ਸੰਗਰੂਰ ਪ੍ਰਸ਼ਾਸਨ ਨੇ ਉਹਨਾਂ ਨੂੰ ਵਿਸ਼ਵਾਸ ਦਵਾਇਆ ਸੀ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਲ ਉਹਨਾਂ ਦੀ 2 ਜੂਨ ਨੂੰ ਮੀਟਿੰਗ ਕਰਵਾਈ ਜਾਵੇਗੀ। ਅਫਸੋਸ ਉਹ ਅੱਜ 2 ਜੂਨ ਨੂੰ ਸੰਗਰੂਰ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਮੀਟਿੰਗ ਕਰਨ ਗਏ ਸਨ ਪਰ ਸਿੱਖਿਆ ਮੰਤਰੀ ਉਹਨਾਂ ਨੂੰ ਮਿਲੇ ਵੀ ਨਹੀਂ ਉਹਨਾਂ ਦੇ ਪੱਲੇ ਨਿਰਾਸ਼ਾ ਹੀ ਪਈ! ਜਸਵੀਰ ਗਲੋਟੀ ਅਤੇ ਮੈਡਮ ਸੁਖਦੀਪ ਸਰਾਂ ਨੇ ਦੱਸਿਆ ਕਿ ਉਹਨਾਂ ਵੱਲੋਂ ਸੰਗਰੂਰ ਵਿਖੇ ਰੋਸ ਪ੍ਰਦਰਸ਼ਨ ਅਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕਰਨ ਤੋਂ ਬਾਅਦ ਉਹ ਵਾਪਸ ਆ ਗਏ ਹਨ ਅਤੇ ਉਹ ਐਲਾਨ ਕਰਦੇ ਹਨ ਕਿ ਉਹਨਾਂ ਦੀ ਮੀਟਿੰਗ 5 ਜੂਨ ਨੂੰ ਸਿੱਖਿਆ ਮੰਤਰੀ ਨਾਲ ਕਰਵਾਈ ਜਾਵੇ ਨਹੀਂ ਤਾਂ ਉਹ ਲੁਧਿਆਣਾ ਵਿਖੇ ਵੱਡਾ ਰੋਸ ਪ੍ਰਦਰਸ਼ਨ ਕਰਨਗੇ ਅਤੇ ਧਰਨਾ ਲਗਾਉਣਗੇ! ਉਹਨਾਂ ਆਪਣੀਆਂ ਮੰਗਾਂ ਬਾਰੇ ਦੱਸਦਿਆਂ ਕਿਹਾ ਕਿ ਉਹਨਾਂ ਦੀ ਮੁੱਖ ਮੰਗ ਉਹਨਾਂ ਦੀਆਂ ਤਨਖਾਹਾਂ ਗਰੇਡ ਪੇ ਅਨੁਸਾਰ ਕਰਨ ਦੀ ਹੈ। ਉਹਨਾਂ ਕਿਹਾ ਕਿ ਉਹ ਪਿਛਲੇ 13 ਸਾਲਾਂ ਤੋਂ ਨਾ ਮਾਤਰ ਤਨਖਾਹਾਂ ਤੇ ਕੰਮ ਕਰ ਰਹੇ ਹਨ। ਇਸ ਮੌਕੇ ਜਸਬੀਰ ਸਿੰਘ ਗਲੋਟੀ ਅਤੇ ਮੈਡਮ ਸੁਖਦੀਪ ਸਰਾਂ ਦੇ ਨਾਲ ਮੈਡਮ ਮੀਨੂ ਬਾਲਾ, ਮੈਡਮ ਓਮਾ ਮਾਧਵੀ, ਹਰਪ੍ਰੀਤ ਕੌਰ ਵਾੜਾ ਭਾਈ ਕਾ, ਸਲੀਮ ਮੁਹੰਮਦ, ਅਮਰਜੋਤ ਜੋਸ਼ੀ, ਅਮਨ ਸ਼ਾਸਤਰੀ, ਭੁਪਿੰਦਰ ਕੌਰ ਆਦਿ ਹਾਜ਼ਰ ਸਨ।

# ਮਲਟੀਪਰਪਜ ਹੈਲਥ ਇੰਪਲਾਈਜ (ਫੀਮੇਲ) ਦੀ ਹੋਈ ਚੋਣ: ਉੱਪਲ, ਫਰੀਦਕੋਟ





**ਅੰਮ੍ਰਿਤਸਰ/ਮਲਕੀਅਤ ਸਿੰਘ**

ਮਲਟੀਪਰਪਜ ਹੈਲਥ ਇੰਪਲਾਈਜ ਮੇਲ ਫੀਮੇਲ ਯੂਨੀਅਨ ਦੀ ਸੂਬਾ ਕਨਵੀਨਰ ਮਨਜੀਤ ਕੌਰ ਫਰੀਦਕੋਣਟ, ਸੀਨੀਅਰ ਮੀਤ ਪ੍ਰਧਾਨ ਪ੍ਰਭਜੀਤ ਸਿੰਘ ਉੱਪਲ, ਸੂਬਾ ਆਗੂ ਪਰਮਜੀਤ ਕੌਰ ਬਟਾਲਾ,ਜਿਲਾ ਪ੍ਰਧਾਨ ਨਿਸ਼ਾਨ ਸਿੰਘ ਤੇ ਜਿਲੇ ਦੇ ਆਗੂਆਂ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਜ਼ਿਲ੍ਹਾ ਗੁਰਦਾਸਪੁਰ ਦੀ ਚੋਣ ਕਰਵਾਈ ਗਈ। ਜਿਸ ਵਿਚ ਪਰਮਜੀਤ ਕੌਰ ਬਟਾਲਾ ਨੂੰ ਜ਼ਿਲ੍ਹਾ ਸਰਪ੍ਰਸਤ,ਅਮਨਦੀਪ ਕੌਰ ਬਾਠ ਪੀ ਐਚ ਸੀ ਫਤਿਹਗੜ੍ਹ ਚੂੜੀਆਂ ਨੂੰ ਪ੍ਰਧਾਨ,ਰਮਨਦੀਪ ਕੌਰ ਮਾਨ ਨੌਸ਼ਹਿਰਾ ਮੱਝਾ ਸਿੰਘ ਨੂੰ ਜਰਨਲ ਸਕੱਤਰ, ਸੁਖਵੰਤ ਕੌਰ ਐਲ ਐਚ ਵੀ ਨੂੰ ਸੀਨੀਅਰ ਮੀਤ ਪ੍ਰਧਾਨ, ਲਖਵਿੰਦਰ ਕੌਰ ਨੂੰ ਕੈਸ਼ੀਅਰ, ਸ਼ਰਨਜੀਤ ਕੌਰ ਮੀਤ ਪ੍ਰਧਾਨ, ਰਾਜਬੀਰ ਕੌਰ ਨੂੰ ਮੀਤ ਪ੍ਰਧਾਨ, ਅੰਜਨਾ ਨੂੰ ਸਲਾਹਕਾਰ, ਸੁਨੀਤਾ ਨੂੰ ਪ੍ਰੈਸ ਸਕੱਤਰ ਅਤੇ ਸੋਮੀ,ਰੰਜਨਾ, ਹਰਜੀਤ ਕੌਰ, ਪਰਮਜੀਤ ਕੌਰ,ਸੁਨੀਤਾ, ਬਲਵਿੰਦਰ ਕੌਰ, ਕੌਸ਼ੱਲਿਆ, ਅਮਰਜੀਤ ਕੌਰ, ਕੁਲਦੀਪ ਕੌਰ ਧਿਆਨਪੁਰ ,ਆਸ਼ਾ ਰਾਣੀ ਬਟਾਲਾ ਨੂੰ ਐਗਜ਼ੀਕਿਊਟਿਵ ਮੈਂਬਰ ਚੁਣਿਆ ਗਿਆ।ਇਸ ਮੌਕੇ ਚੁਣੀ ਹੋਈ ਟੀਮ ਨੇ ਕਿਹਾ ਕਿ ਕੈਡਰ ਦੀਆਂ ਮੰਗਾਂ ਨੂੰ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰ ਕੇ ਮੰਗਾਂ ਦੇ ਹੱਲ ਕੀਤੇ ਜਾਣਗੇ।

# ਪੀਰ ਬਾਬਾ ਕਾਹਨੇ ਸ਼ਾਹ ਦੇ ਸਲਾਨਾਂ ਸੱਭਿਆਚਾਰਕ ਮੇਲਾ ਬੜੀ ਸ਼ਰਧਾ ਨਾਲ ਮਨਾਇਆ ਗਿਆ



**ਕਪੂਰਥਲਾ / ਜੀ ਐੱਸ**

ਸਮੂਹ ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪੀਰ ਬਾਬਾ ਕਾਹਨੇ ਸ਼ਾਹ ਜੀ ਦਾ ਸਲਾਨਾ ਸੱਭਿਆਚਾਰਕ ਮੇਲਾ ਪਿੰਡ ਹਮੀਰਾ ਵਿਖੇ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਵਿਜੇ ਕੁਮਾਰ ਹਮੀਰਾ ਦੀ ਅਗਵਾਈ ਵਿੱਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ । ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ ਵਿਜੇ ਕੁਮਾਰ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਬਾਬਾ ਜੀ ਦੀ ਦਰਗਾਹ ਤੇ ਝੰਡਾ ਅਤੇ ਚਾਦਰ ਚੜਾਉਣ ਦੀ ਰਸਮ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਅਤੇ ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਸੁਖਵਿੰਦਰ ਸੋਹੀ, ਅਤੇ ਸਤਿਕਾਰ ਯੋਗ ਵਿਅਕਤੀਆ ਵੱਲੋਂ ਅਦਾ ਕੀਤੀ । ਇਸ ਮੇਲੇ ਵਿੱਚ ਮੁੱਖ ਮਹਿਮਾਨਾ ਵਜੋਂ ਸ, ਸੁਖਪਾਲ ਸਿੰਘ ਖਹਿਰਾ ਐਮ ਐਲ ਏ ਭੁਲੱਥ, ਮਨਜੀਤ ਮਾਨ ਸੂਬਾ ਪ੍ਰਧਾਨ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਅਡਵੋਕੇਟ ਹਰਸਿਮਰਨ ਸਿੰਘ ਘੁੰਮਣ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਭੁਲੱਥ, ਅਮਨਦੀਪ ਨਾਹਰ ਐਸ ਐਚ ਓ ਸੁਭਾਨਪੁਰ, ਲਖਵਿੰਦਰ ਸਿੰਘ ਹਮੀਰਾ,ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ, ਜੋਗਿੰਦਰ ਸਿੰਘ ਜਾਤੀਕੇ ਜ਼ਿਲ੍ਹਾ ਚੇਅਰਮੈਨ ਜਰਨਲਿਸਟ ਪ੍ਰੈਸ ਕਲੱਬ (ਰਜਿ) ਪੰਜਾਬ ਲਖਵਿੰਦਰ ਸਿੰਘ ਆਧੀ, ਰਾਕੇਸ਼ ਪੰਜ, ਗੋਬਿੰਦ ਸੁਖੀਜਾ,, ਚੇਅਰਮੈਨ ਤਜਿੰਦਰ ਭੰਡਾਰੀ , ਚੇਅਰਮੈਨ ਚਰਨਜੀਤ ਹੰਸ ਸੋਮਨਾਥ ਦਿਆਲਪੁਰ ਮਨਜੀਤ ਸਿੰਘ ਡੋਗਰਾਂਵਾਲ, ਆਦਿ ਸ਼ਿਰਕਤ ਕੀਤੀ। ਉਪਰੰਤ ਸੱਭਿਆਚਾਰ ਸਟੇਜ ਤੋਂ ਪ੍ਰਸਿੱਧ ਗਾਇਕ ਗੁਰਬਖਸ਼ ਸ਼ੌਂਕੀ, ਗਾਇਕਾਂ ਮਣੀ ਗਿੱਲ, ਦਲਵਿੰਦਰ ਦਿਆਲਪੁਰੀ, ਨਿਸ਼ਾਨ ਉਚੇਵਾਲਾ, ਗਾਇਕ ਜੋੜੀ ਸ਼ਮੀ ਖਾਨ- ਕਿਰਨ ਰੰਧਾਵਾ, ਲਵਿਸ ਚੌਹਾਨ , ਸਰਬਜੀਤ ਸਹੋਤਾ, ਲਵੀ ਮਾਨ, ਰੋਜੀ ਮਾਨ,ਚੰਨੀ ਗਿੱਲ ਆਦਿ ਕਲਾਕਾਰ ਪਹੁੰਚ ਕੇ ਹਾਜ਼ਰ ਦਰਸ਼ਕਾਂ ਦਾ ਮਨੋਰੰਜਨ ਕੀਤਾ ਅਤੇ ਲੋਕਾਂ ਨੂੰ ਆਪਣੇ ਗੀਤਾਂ ਰਾਹੀਂ ਨੱਚਣ ਲਈ ਮਜਬੂਰ ਕਰ ਦਿੱਤਾ । ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਅਤੇ ਆਈਆਂ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਇਸ ਮੌਕੇ ਹਰ ਵੀ ਨਾਮਵਰ ਹਸਤੀਆਂ ਇਸ ਮੇਲੇ ਵਿੱਚ ਪਹੁੰਚਿਆ ਇਸ ਮੌਕੇ ਤੇ ਦੋਆਬਾ ਬੱਲਡ ਸੈਂਟਰ ਵੱਲੋਂ ਖੂਨ ਦਾਨ ਕੈਂਪ ਵੀ ਲਗਾਇਆ ਗਿਆ

# ਕੇਂਦਰ ਸਰਕਾਰ ਵਲੋਂ ਝੋਨੇ ਦੀ ਐੱਮ ਐਸ ਪੀ ਵਿੱਚ 69 ਰੁਪਏ ਦਾ ਵਾਧਾ ਕਰਕੇ ਕਿਸਾਨਾਂ ਨਾਲ ਕੀਤਾ ਮਜਾਕ - ਬਾਈ ਨਛੱਤਰ ਸਿੰਘ



**ਕਪੂਰਥਲਾ /ਜੀ ਐੱਸ**

ਕੇਂਦਰ ਸਰਕਾਰ ਵੱਲੋਂ ਝੋਨੇ ਦੀ ਐੱਮ ਐਸ ਪੀ 69 ਰੁਪਏ ਦਾ ਵਾਧਾ ਕਰਕੇ ਕਿਸਾਨਾਂ ਨਾਲ ਕੋਝਾ ਮਜਾਕ ਕੀਤਾ ਹੈ।ਇਨਾ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਦੇ ਦੁਆਬਾ ਜੋਨ ਪ੍ਰਧਾਨ ਤੇ ਸੂਬਾ ਆਗੂ ਬਾਈ ਨਛੱਤਰ ਸਿੰਘ ਨੇ ਪੱਤਰਕਾਰਾਂ ਨਾਲ ਕੀਤਾ, ਉਹਨਾਂ ਕਿਹਾ ਕਿ ਪਿਛਲੇ ਸਾਲ ਨਾਲੋਂ ਰੇਟ ਵਧਾਉਣ ਦੀ ਬਜਾਏ ਘਟਾ ਦਿੱਤਾ ਗਿਆ ਹੈ। ਜਦੋਂ ਕਿ ਕੇਂਦਰ ਸਰਕਾਰ ਉਤਪਾਦਨ ਲਾਗਤ ਮੁਤਾਬਕ ਖਾਦਾਂ , ਬੀਜਾਂ, ਮਜ਼ਦੂਰੀ, ਕੀਟਨਾਸ਼ਕ ਦਵਾਈ, ਡੀਜ਼ਲ, ਠੇਕਾ, ਮਸ਼ੀਨਰੀ ਆਦੀ ਦੀਆਂ ਕੀਮਤਾਂ ਵਿਚ ਵੀ ਪਿਛਲੇ ਸਾਲ ਦੇ ਮੁਕਾਬਲੇ ਵਾਧਾ ਹੋਇਆ ਹੈ ,

ਜਦੋਂ ਕਿ ਕਿਸਾਨਾਂ ਨੂੰ ਉਹਨਾਂ ਦੀਆਂ ਫਸਲਾਂ ਦਾ ਭਾਅ ਲਾਗਤ ਖਰਚਿਆਂ ਮੁਤਾਬਿਕ ਅਜੇ ਤੱਕ ਨਹੀਂ ਦਿੱਤਾ ਗਿਆ। ਇਸ ਕਰਕੇ ਕਿਸਾਨ ਕਰਜਾ ਚੁੱਕ ਕੇ ਆਪਣਾ ਪਾਲਣ ਪੋਸ਼ਣ ਕਰਨ ਲਈ ਤਿਆਰ ਹਨ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਕੇਂਦਰ ਸਰਕਾਰ ਵੱਲੋਂ ਫਸਲਾਂ ਤੇ ਐਲਾਨੀ ਐਮ ਐਸ ਪੀ ਤੇ ਫਸਲਾਂ ਵੇਚਣ ਲਈ ਸੰਘਰਸ਼ ਕਰਨੇ ਪੈਂਦੇ ਹਨ।

, ਉਹਨਾਂ ਕਿਹਾ ਕਿ ਜਿੰਨਾ ਚਿਰ ਕਹਿੰਦਾ ਸਰਕਾਰ ਕਿਸਾਨਾਂ ਦੀਆਂ ਫਸਲਾਂ ਦੇ ਭਾਅ ਸਵਾਮੀ ਨਾਥਨ ਦੀ ਰਿਪੋਰਟ ਮੁਤਾਬਿਕ ਫੀਸਦੀ ਮੁਨਾਫੇ ਅਨੁਸਾਰ ਤਹਿ ਨਹੀਂ ਕਰਦੀ, ਉਨਾ ਚਿਰ ਕਿਸਾਨਾਂ ਦਾ ਕੇਂਦਰ ਸਰਕਾਰ ਖਿਲਾਫ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਹਰਜੀਤ ਸਿੰਘ ਪੱਡਾ ਜਿਲਾ ਪ੍ਰਧਾਨ ਕਪੂਰਥਲਾ , ਮਨਪ੍ਰੀਤ ਸਿੰਘ (ਮੰਨਾ ਚਾਹਲ) ਜਰਨਲ ਸਕੱਤਰ ਦੋਆਬਾ ਜੋਨ , ਹਰਵਿੰਦਰ ਸਿੰਘ ਸੋਨੂੰ ਬਾਬਾ, ਲਖਵਿੰਦਰ ਸਿੰਘ ਮੰਡੇਰ ਬੇਟ, ਜਸਕਰਨ ਸਿੰਘ ਬੁੱਟਰ, ਹਰਵਿੰਦਰ ਸਿੰਘ ਸੋਨੂੰ, ਮਹਿੰਦਰ ਸਿੰਘ ਨੂਰਪੁਰ ਜੱਟਾਂ, ਬਾਬਾ ਬੂਟਾ ਸਿੰਘ, ਅਮਰਜੀਤ ਸਿੰਘ, ਬਲਵਿੰਦਰ ਸਿੰਘ, ਅਮਰਜੀਤ ਸਿੰਘ ਨਿਜ਼ਾਮਪੁਰ , ਪੰਮਾ ਭੁੱਲਰ, ਰਾਹੁਲ ਮੌਜੂਦ ਸਨ ।

# ਲਾਇਨਜ਼ ਕਲੱਬ ਵੱਲੋਂ ਨੇਤ੍ਰਦਾਨੀ ਜਿੰਦਲ ਪਰਿਵਾਰ ਨੂੰ ਕੀਤਾ ਸਨਮਾਨਿਤ

## ਲਾਇਨਜ਼ ਕਲੱਬ ਹੁਣ ਤੱਕ 24 ਲੋਕਾਂ ਦੇ ਨੇਤ੍ਰਦਾਨ ਕਰਵਾ ਚੁੱਕਾ ਹੈ




**ਡੇਰਾਬੱਸੀ/ ਅਸ਼ੋਕ ਜੋਸ਼ੀ**

ਲਾਇਨਜ਼ ਕਲੱਬ ਵੱਲੋਂ ਅੱਜ 82 ਸਾਲਾ ਮੁਰਲੀਧਰ ਜਿੰਦਲ ਪੁੱਤਰ ਮਾਤੂਰਾਮ ਨਿਵਾਸੀ ਦਾਦਪੁਰਾ ਮੋਹੱਲਾ ਡੇਰਾਬੱਸੀ, ਜਿਨ੍ਹਾਂ ਨੇ ਮਰਨ ਤੋਂ ਬਾਅਦ ਨੇਤ੍ਰਦਾਨ ਕਰ ਕੇ ਦੋ ਲੋਕਾਂ ਦੇ ਹਨੇਰੇ ਭਰੇ ਜੀਵਨ ਵਿੱਚ ਰੌਸ਼ਨੀ ਪਾਈ, ਦੇ ਪਰਿਵਾਰ ਨੂੰ ਇਸ ਮਹਾਨ ਕੰਮ ਲਈ ਸ਼ਾਲ ਅਤੇ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਮੁਰਲੀਧਰ ਜਿੰਦਲ ਪਿਛਲੇ ਕਾਫੀ ਸਮੇਂ ਤੋਂ ਬੀਮਾਰ ਚੱਲ ਰਹੇ ਸਨ। ਮੁਰਲੀਧਰ ਜਿੰਦਲ ਆਪਣੇ ਪਿੱਛੇ ਦੋ ਪੁੱਤਰ ਮਨੋਜ ਜਿੰਦਲ ਅਤੇ ਵਿਵੇਕ ਜਿੰਦਲ ਸਮੇਤ ਪੋਤੇ-ਪੋਤੀਆਂ ਨਾਲ ਭਰਪੂਰ ਪਰਿਵਾਰ ਛੱਡ ਕੇ ਗਏ ਹਨ।

ਲਾਇਨਜ਼ ਕਲੱਬ ਦੇ ਉਪੇਸ਼ ਬੰਸਲ ਨੇ ਦੱਸਿਆ ਕਿ ਲਾਇਨਜ਼ ਦੀ ਪ੍ਰੇਰਣਾ ਸਦਕਾ ਪਰਿਵਾਰਕ ਮੈਂਬਰਾਂ ਦੀ ਸਹਿਮਤੀ ਨਾਲ ਇਹ ਨੇਤ੍ਰਦਾਨ ਦੀ ਪ੍ਰਕਿਰਿਆ ਪੀਜੀਆਈ ਤੋਂ ਆਏ ਡਾਕਟਰਾਂ ਵੱਲੋਂ ਕੀਤੀ ਗਈ। ਉਪੇਸ਼ ਬੰਸਲ ਨੇ ਦੱਸਿਆ ਕਿ ਲਾਇੰਸ ਕਲੱਬ ਹੁਣ ਤੱਕ 24 ਲੋਕਾਂ ਦੇ ਨੇਤ੍ਰਦਾਨ ਕਰਵਾ ਚੁੱਕਾ ਹੈ, ਜਿਸ ਨਾਲ 48 ਲੋਕਾਂ ਦੇ ਹਨੇਰੇ ਜੀਵਨ ਵਿੱਚ ਰੌਸ਼ਨੀ ਆਈ।

ਉਨ੍ਹਾਂ ਦੱਸਿਆ ਕਿ ਸਿਰਫ ਟ ?ਰਾਈਸਿਟੀ ਵਿੱਚ 1800 ਤੋਂ ਵੱਧ ਲੋਕ ਬਿਨਾਂ ਅੱਖਾਂ ਦੇ ਹਨੇਰੇ ਭਰੇ ਜੀਵਨ ਜੀ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੇਤ੍ਰਦਾਨ ਬਾਰੇ ਹੋਰ ਲੋਕਾਂ ਨੂੰ ਜਾਗਰੂਕ ਕਰਨ, ਤਾਂ ਜੋ ਹੋਰ ਲੋਕਾਂ ਦੇ ਜੀਵਨ ਵਿੱਚ ਰੌਸ਼ਨੀ ਆ ਸਕੇ।

ਮੁਰਲੀਧਰ ਜਿੰਦਲ ਦਾ ਆਖਰੀ ਭੋਗ ਅੱਜ ਰਾਮ ਮੰਦਰ ਪਰਿਸਰ ਵਿੱਚ ਪਾਇਆ ਗਿਆ। ਜਿਸ ਵਿੱਚ ਡੇਰਾਬੱਸੀ ਦੇ ਐਮ ਐਲ ਏ ਸ੍ਰੀ ਕੁਲਜੀਤ ਰੰਧਾਵਾ, ਪੂਰਵ ਐਮ ਐਲ ਏ ਸ੍ਰੀ ਐਨ ਕੇ ਸ਼ਰਮਾ, ਸ੍ਰੀ ਦੀਪਿੰਦਰ ਢਿੱਲੋਂ, ਸ੍ਰੀ ਬੰਨੀ ਸੰਧੂ ਸਮੇਤ ਰਾਜਨੀਤਿਕ, ਧਾਰਮਿਕ, ਸਮਾਜਿਕ ਸੰਸਥਾਵਾਂ ਅਤੇ ਡੇਰਾਬੱਸੀ ਤੋਂ ਕਾਫੀ ਗਿਣਤੀ ਵਿੱਚ ਲੋਕ ਹਾਜ਼ਰ ਹੋਏ।

# ਮੋਹਾਲੀ ਪੁਲਿਸ ਨੇ ਦੋ-ਪਹੀਆ ਵਾਹਨ ਚੋਰੀ ਦੇ ਕਈ ਮਾਮਲਿਆਂ ਵਿੱਚ ਸ਼ਾਮਲ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ



**ਡੇਰਾਬੱਸੀ / ਅਸ਼ੋਕ ਜੋਸ਼ੀ**

ਸਮਾਜ ਵਿਰੋਧੀ ਤੱਤਾਂ ਅਤੇ ਅਪਰਾਧੀਆਂ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ, ਐਸ ਏ ਐਸ ਨਗਰ ਪੁਲਿਸ ਨੇ ਕਈ ਦੋ-ਪਹੀਆ ਵਾਹਨ ਚੋਰੀ ਦੇ ਮਾਮਲਿਆਂ ਵਿੱਚ ਸ਼ਾਮਲ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨ੍ਹਾਂ ਪਾਸੋਂ ਛੇ ਚੋਰੀ ਹੋਏ ਮੋਟਰਸਾਈਕਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਐਸ ਐਸ ਪੀ ਐਸ ਏ ਐਸ ਨਗਰ

## ਚੋਰੀ ਹੋਏ ਛੇ ਮੋਟਰਸਾਈਕਲ ਬਰਾਮਦ

ਹਰਮਨਦੀਪ ਹਾਂਸ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਤਿੰਨਾਂ ਮੁਲਜ਼ਮਾਂ ਦੀ ਪਛਾਣ ਸ਼ੁਭਮ ਸਿੰਘ ਵਾਸੀ ਹਰੀਪੁਰ ਕੂੜਾ, ਡੇਰਾਬੱਸੀ, ਗੁਰਜੀਤ ਸਿੰਘ ਉਰਫ਼ ਲਾਡੀ ਵਾਸੀ ਗੁੱਜੂ ਖੇੜਾ, ਬਨੂੜ ਅਤੇ ਜਤਿੰਦਰ ਕੁਮਾਰ ਵਾਸੀ ਬਾਲਾ ਰਾਮ ਕਲੋਨੀ, ਮੁਬਾਰਿਕਪੁਰ ਵਜੋਂ ਹੋਈ ਹੈ। ਹੋਰ ਜਾਣਕਾਰੀ ਦਿੰਦਿਆਂ, ਐਸ ਐਸ ਪੀ ਹਾਂਸ ਨੇ ਕਿਹਾ ਕਿ ਹਾਲ ਹੀ ਵਿੱਚ ਥਾਣਾ ਡੇਰਾਬੱਸੀ ਵਿੱਚ ਕਈ ਦੋ-ਪਹੀਆ ਵਾਹਨ ਚੋਰੀ ਹੋਣ ਦੀ ਰਿਪੋਰਟ ਆਈ ਸੀ। ÷ਡੇਰਾਬੱਸੀ ਪੁਲਿਸ ਸਟੇਸ਼ਨ ਦੀ ਇੱਕ ਸਮਰਪਿਤ ਟੀਮ ਨੇ ਕਈ ਸੀ ਸੀ ਟੀ ਵੀ ਫੁਟੇਜਾਂ ਦਾ ਵਿਸ਼ਲੇਸ਼ਣ ਕੀਤਾ ਅਤੇ ਸ਼ੁਭਮ ਨੂੰ ਸ਼ੱਕੀ ਵਜੋਂ ਪਛਾਣਿਆ। ਉਪਰੰਤ ਇੱਕ ਸੂਚਨਾ 'ਤੇ ਕਾਰਵਾਈ ਕਰਦੇ ਹੋਏ, ਐਸ ਐਚ ਓ ਡੇਰਾਬੱਸੀ, ਇੰਸਪੈਕਟਰ ਸੁਮਿਤ ਮੋਰ ਦੀ ਅਗਵਾਈ ਵਾਲੀ ਟੀਮ ਨੇ ਡੇਰਾ ਬੱਸੀ ਦੇ ਮੁਬਾਰਿਕਪੁਰ ਤੋਂ ਦੋ ਮੁਲਜ਼ਮਾਂ ਸ਼ੁਭਮ ਅਤੇ ਲਾਡੀ ਨੂੰ ਤਿੰਨ ਚੋਰੀ ਹੋਏ ਮੋਟਰਸਾਈਕਲਾਂ ਦੀ ਬਰਾਮਦਗੀ ਦੇ ਨਾਲ ਗ੍ਰਿਫ਼ਤਾਰ ਕੀਤਾ। ਐਸ ਐਸ ਪੀ ਨੇ ਕਿਹਾ ਕਿ ਮੁੱਢਲੀ ਪੁੱਛਗਿੱਛ ਦੌਰਾਨ, ਦੋਸ਼ੀ ਸ਼ੁਭਮ ਨੇ ਤੀਜੇ ਮੁਲਜ਼ਮ ਜਤਿੰਦਰ ਦੀ ਸ਼ਮੂਲੀਅਤ ਦਾ ਖੁਲਾਸਾ ਕੀਤਾ। ਐਸ ਐਸ ਪੀ ਨੇ ਕਿਹਾ, ÷ਜਾਣਕਾਰੀ ਦੇ ਆਧਾਰ 'ਤੇ, ਪੁਲਿਸ ਟੀਮ ਨੇ ਜਤਿੰਦਰ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸ ਤੋਂ ਤਿੰਨ ਹੋਰ ਚੋਰੀ ਹੋਏ ਮੋਟਰਸਾਈਕਲ ਬਰਾਮਦ ਕੀਤੇ।÷ ਐਸ ਐਸ ਪੀ ਨੇ ਅੱਗੇ ਕਿਹਾ ਕਿ ਤਿੰਨਾਂ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਨ੍ਹਾਂ ਨੂੰ ਥਾਣਾ ਡੇਰਾ ਬੱਸੀ ਵਿਖੇ ਧਾਰਾ 303(2), 317(2) ਬੀ ਐਨ ਐਸ ਅਧੀਨ ਦਰਜ ਐਫ ਆਈ ਆਰ ਨੰਬਰ 151, ਮਿਤੀ 29.05.2025 ਅਧੀਨ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੋਰ ਜਾਂਚ ਜਾਰੀ ਹੈ।

# ਨਸ਼ੇ ਨੂੰ ਠੱਲ੍ਹ ਪਾਉਣ ਲਈ ਡਿਫੈਂਸ ਕਮੇਟੀਆਂ ਲਗਾਤਾਰ ਕਾਰਜਸ਼ੀਲ: ਵਿਧਾਇਕ ਰੰਧਾਵਾ

## ਵਿਧਾਇਕ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਵੱਖ ਵੱਖ ਪਿੰਡਾਂ ਚ ਕੀਤਾ ਲੋਕਾਂ ਨੂੰ ਸੰਬੋਧਨ



**ਡੇਰਾਬੱਸੀ/ਅਸ਼ੋਕ ਜੋਸ਼ੀ**

ਸੂਬਾ ਸਰਕਾਰ ਵੱਲੋਂ ਵਿੱਢੀ ਨਸ਼ਾ ਮੁਕਤੀ ਯਾਤਰਾ ਨਾਲ ਵੱਡੀ ਗਿਣਤੀ ਵਿੱਚ ਲੋਕ ਜੁੜ ਰਹੇ ਹਨ ਅਤੇ ਨਸ਼ਾ ਤਸਕਰ ਕਿਸੇ ਵੀ ਕੀਮਤ ਤੇ ਬਖਸ਼ੇ ਨਹੀਂ ਜਾਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਖੇੜੀ ਗੁੱਜਰਾਂ, ਮੁਕੰਦਪੁਰ, ਰਾਮਪੁਰ ਬਹਾਲ, ਪੁਨਸਰ, ਜੋਲਾ ਖੁਰਦ ਤੇ ਰਾਣੀਮਾਜਰਾ ਵਿਖੇ ਲੋਕਾਂ ਨੂੰ ਨਸ਼ੇ ਦੇ ਅਲਾਮਤ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਮੌਕੇ ਕੀਤਾ। ਉਹਨਾਂ ਕਿਹਾ ਕਿ ਹਲਕੇ ਦੇ ਹਰ ਇੱਕ ਪਿੰਡ ਵਿੱਚ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਸਾਨੂੰ ਪੂਰੀ ਉਮੀਦ ਹੈ ਕਿ ਡਿਫੈਂਸ ਕਮੇਟੀਆਂ ਆਪਣੀ ਜਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨਾ ਸਾਡੇ ਸਭਨਾਂ ਦੀ ਜਿੰਮੇਵਾਰੀ ਹੈ ਅਤੇ ਇਸ ਜਿੰਮੇਵਾਰੀ ਨੂੰ ਪੂਰਾ ਕਰਨ ਲਈ ਲੋਕਾਂ ਨੂੰ ਖੁਦ ਦ੍ਰਿੜਤਾ ਨਾਲ ਪ੍ਰਣ ਲੈਣਾ ਅਤੇ ਹਰ ਲਏ ਗਏ ਉਸ ਪ੍ਰਣ ਨੂੰ ਨਿਭਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਇਸ ਉਪਰੰਤ ਉਹਨਾਂ ਪਿੰਡ ਦੇ ਸਰਪੰਚ ਸਾਹਿਬਾਨਾਂ ਦੀ ਮੌਜੂਦਗੀ ਵਿੱਚ ਪਿੰਡ ਦੇ ਹਾਜਰੀਨ ਵਾਸੀਆਂ ਨੂੰ ਨਸ਼ਾ ਵਿਕਣ ਤੋਂ ਰੋਕਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਪ੍ਰਤੀ ਹੋਰਨਾਂ ਲੋਕਾਂ ਨੂੰ ਵੀ ਜਾਗਰੂਕ ਕਰਨ ਬਾਰੇ ਸਹੁੰ ਚੁਕਵਾਈ। ਇਸ ਦੌਰਾਨ ਕੋਆਰਡੀਨੇਟਰ ਸ਼੍ਰੀ ਸੁਮਿਤ ਰਾਣਾ, ਚੇਅਰਮੈਨ ਮਾਰਕੀਟ ਕਮੇਟੀ ਸ਼੍ਰੀ ਕੁਲਦੀਪ ਚੌਧਰੀ, ਪਾਰਟੀ ਦੇ ਬਲਾਕ ਪ੍ਰਧਾਨ ਤੇ ਟੀਮ ਸਮੇਤ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ।

# ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੇ ਬੱਚਿਆਂ ਦੇ ਕਰਵਾਏ ਧਾਰਮਿਕ ਮੁਕਾਬਲੇ



**ਫਿਰੋਜ਼ਪੁਰ/ਮਨੋਹਰ ਲਾਲ**

ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵੱਲੋਂ ਅੱਜ ਸ਼ ?ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਧਾਰਮਿਕ ਕੀਰਤਨ ਦਰਬਾਰ ਅਤੇ ਬੱਚਿਆ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਖਾਲਸਾ ਮਿਸ਼ਨ ਅਕੈਡਮੀ ਗੁਰੂਹਰਸਹਾਏ, ਦਸਮੇਸ਼ ਪਬਲਿਕ ਸਕੂਲ, ਸੈਂਟ ਫਰੀਦ ਸਕੂਲ, ਮਾਲਵਾ ਖਾਲਸਾ ਸਕੂਲ ਆਦਿ ਸਕੂਲਾਂ ਨੇ ਹਿੱਸਾ ਲਿਆ, ਜਿਨ੍ਹਾਂ ਦੇ ਤਕਰੀਬਨ 45 ਦੇ ਕਰੀਬ ਬੱਚਿਆ ਨੇ ਧਾਰਮਿਕ ਇਮਤਿਹਾਨ ਵਿਚ ਹਿੱਸਾ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਇਹ ਸਾਡਾ ਪਹਿਲਾ ਪ੍ਰੋਗਰਾਮ ਸੀ ਸਾਨੂੰ ਸੰਗਤਾ ਨੇ ਬੜਾ ਵਧਿਆ ਸਹਿਯੋਗ ਦਿੱਤਾ। ਬੀਬੀ ਮਲਕੀਤ ਕੌਰ ਖਾਲਸਾ ਹਨੂੰਮਾਨਗੜ ਵਾਲੇ ਵਿਸੇਸ਼ ਤੌਰ ਤੇ ਆਏ ਹੋਏ ਸਨ, ਜਿਨ੍ਹਾਂ ਨੇ ਬੱਚਿਆ ਨੂੰ ਪਹਿਲੇ ਦੂਜੇ ਅਤੇ ਤੀਜੇ ਅਸਥਾਨ ਉਪਰ ਆਉਣ ਵਾਲਿਆਂ ਨੂੰ ਸਨਮਾਨਿਤ ਕੀਤਾ, ਜਦੋਂ ਕਿ ਬਾਕੀ ਬੱਚਿਆਂ ਨੂੰ ਸਿਰੋਪਾਉ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਅਮਰਜੀਤ ਕੌਰ ਖਾਲਸਾ ਜਿਲਾ ਪ੍ਰਧਾਨ, ਦਵਿੰਦਰ ਸਿੰਘ ਛਾਬੜਾ ਮੀਤ ਪ੍ਰਧਾਨ, ਬਲਵਿੰਦਰ ਪਾਲ ਸ਼ਰਮਾ ਸਰਬਤ ਦਾ ਭਲਾ ਸੋਸਾਇਟੀ ਉਬਰਾਏ ਸਾਹਿਬ ਦੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਲਕਾਰ ਸਿੰਘ ਖਾਲਸਾ ਅਤੇ ਜਰਨੈਲ ਸਿੰਘ ਗਾਬੜੀਆ ਨੇ ਧਾਰਮਿਕ ਮੁਕਬਲਿਆਂ ਦਾ ਸੰਚਾਲਨ ਕੀਤਾ, ਜਦੋਂ ਕਿ ਸ੍ਰੀ ਗੁਰਦਿਆਲ ਸਿੰਘ ਵਿਰਕ ਨੇ ਕਿਹਾ ਕਿ ਅਸੀ ਅਗਲਾ ਪ੍ਰੋਗਰਾਮ ਇਸ ਤੋਂ ਵੀ ਵਧੀਆ ਤਰੀਕੇ ਨਾਲ ਕਰਾਂਗੇ। ਇਨ੍ਹਾਂ ਸਮਾਗਮਾਂ ਵਿਚ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਸਿ ?ਰਕਤ ਕੀਤੀ, ਜੋ ਦੇਖਦਿਆਂ ਹੀ ਬਣਦੀ ਸੀ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ, ਰਣਬੀਰ ਸਿੰਘ, ਪਰਮਜੀਤ ਸਿੰਘ ਪੰਮਾ, ਰਾਜੇਸ਼ ਕੁਮਾਰ, ਇੰਦਰਪਾਲ ਸਿੰਘ ਪ੍ਰਿੰਸ, ਜੇ.ਬੀ ਪਨੇਸਰ, ਬਾਬਾ ਨਿਰਮਲ ਸਿੰਘ ਆਦਿ ਹਾਜਰ ਸਨ। ਸੰਗਤਾਂ ਦਾ ਭਾਰੀ ਇਕੱਠ ਸੀ ਸਾਰੇ ਇਲਾਕੇ ਵਿਚ ਇਸ ਦੀ ਚਰਚਾ ਚਲ ਰਹੀ ਹੈ। ਸਮਾਗਮ ਦੌਰਾਨ ਬਾਬਾ ਸੰਦੀਪ ਸਿੰਘ, ਬਾਬਾ ਸਰੂਪ ਸਿੰਘ ਅਤੇ ਬਾਬਾ ਕੰਵਲਜੀਤ ਸਿੰਘ ਨੇ ਜੱਜ ਸਾਹਿਬਾਨ ਦੀ ਡਿਉਟੀ ਨਿਭਾਈ।

# ਮੁਫ਼ਤ ਹੋਮਿਓਪੈਥਿਕ ਮੈਡੀਕਲ ਕੈਂਪ ਲਗਾਇਆ, 365 ਵਿਅਕਤੀਆਂ ਦੀ ਜਾਂਚ



**ਜਲੰਧਰ**

ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਹੋਮਿਓਪੈਥਿਕ ਵਿਭਾਗ ਪੰਜਾਬ ਦੇ ਮੁਖੀ ਡਾ. ਹਰਿੰਦਰਪਾਲ ਸਿੰਘ ਅਤੇ ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾ. ਰੁਪਿੰਦਰ ਕੌਰ ਦੇ ਨਿਰਦੇਸ਼ਾਂ 'ਤੇ 'ਵਿਸ਼ਵ ਨੋ ਤੰਬਾਕੂ ਦਿਵਸ' ਦੇ ਸਬੰਧ ਵਿੱਚ ਮੁਫ਼ਤ ਹੋਮਿਓਪੈਥਿਕ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ 365 ਵਿਅਕਤੀਆਂ ਦੀ ਜਾਂਚ ਕੀਤੀ ਗਈ।

ਸ੍ਰੀ ਗੁਰੂ ਰਵਿਦਾਸ ਜੀ ਗੁਰਦੁਆਰਾ ਗਗੜ ਪੱਤੀ ਜੰਡਿਆਲਾ ਮੰਝਕੀ ਵਿਖੇ ਲਗਾਏ ਗਏ ਇਸ ਕੈਂਪ ਵਿੱਚ ਐਚ.ਐਮ.ਓ. ਡਾ. ਇੰਦੂ ਮਲਹੋਤਰਾ ਤੇ ਡਾ. ਅਰਵਿੰਦ ਕੁਮਾਰ, ਐਚ.ਡੀ. ਵਿਸ਼ਾਲ ਮਹਿਤਾ ਤੇ ਸੀਮਾ ਅਤੇ ਵਰਿੰਦਰ ਕੁਮਾਰ ਨੇ ਆਪਣੀਆਂ ਸੇਵਾਵਾਂ ਦਿੱਤੀਆਂ। ਕੈਂਪ ਵਿੱਚ ਸਰਬਜੀਤ ਸਿੰਘ ਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਐਚ.ਏ.ਪੀ.ਡੀ.ਸੀ.ਓ. (HAPDCO) ਤੋਂ ਮੈਨੇਜਰ ਪੱਪੂ ਪਾਂਡੇ, ਪਰਵੇਸ਼ ਕੁਮਾਰ ਯਾਦਵ, ਬਹਾਦਰ ਸਿੰਘ ਸਾਦੀਪੁਰ, ਨਰਿੰਦਰ ਕਾਕਾ, ਦੀਪਕ ਬੱਧਣ, ਲਵਪ੍ਰੀਤ ਚੁੰਬਰ, ਵਰਿੰਦਰ ਕੁਮਾਰ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਇੱਕ ਮਹੀਨੇ 'ਚ 14 ਭਗੌੜੇ ਅਪਰਾਧੀ ਗ੍ਰਿਫ਼ਤਾਰ

**ਜਲੰਧਰ:** ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡੀ ਕਾਮਯਾਬੀ ਹਾਸਲ ਕਰਦਿਆਂ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਪੁਲਿਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਮਈ ਮਹੀਨੇ ਦੌਰਾਨ 14 ਭਗੌੜੇ ਅਪਰਾਧੀਆਂ ਨੂੰ ਸਫ਼ਲਤਾਪੂਰਵਕ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਪ੍ਰਾਪਤੀ ਜਲੰਧਰ ਪੁਲਿਸ ਵੱਲੋਂ ਫ਼ਰਾਰ ਅਪਰਾਧੀਆਂ ਖਿਲਾਫ਼ ਕੀਤੀ ਜਾ ਰਹੀ ਕਾਰਵਾਈ ਵਿੱਚ ਇੱਕ ਮਹੱਤਵਪੂਰਣ ਮੀਲ ਪੱਥਰ ਹੈ।



ਪੁਲਿਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਪੀ.ਓ. ਸਟਾਫ਼ ਅਤੇ ਪੁਲਿਸ ਸਟੇਸ਼ਨ ਦੀਆਂ ਟੀਮਾਂ ਵੱਲੋਂ ਉੱਨਤ ਨਿਗਰਾਨੀ ਤਕਨੀਕ, ਤਕਨੀਕੀ ਸਹਾਇਤਾ ਅਤੇ ਰਣਨੀਤਕ ਯੋਜਨਾਬੰਦੀ ਦੀ ਸਹਾਇਤਾ ਅਤੇ ਤਾਲਮੇਲ ਨਾਲ ਛਾਪੇਮਾਰੀ ਕੀਤੀ ਗਈ, ਜਿਸ ਦੇ ਸਿੱਟੇ ਵਜੋਂ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ 14 ਪੀ.ਓਜ਼ ਨੂੰ ਕਾਬੂ ਕੀਤਾ ਗਿਆ। ਅਪ੍ਰੈਲ ਵਿੱਚ 10 ਭਗੌੜੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਭਗੌੜੇ ਅਪਰਾਧੀਆਂ 'ਤੇ ਲਗਾਤਾਰ ਕਾਰਵਾਈ ਕੀਤੀ ਗਈ। ਜਲੰਧਰ ਪੁਲਿਸ ਨੇ ਆਉਣ ਵਾਲੇ ਮਹੀਨਿਆਂ ਵਿੱਚ ਇਨ੍ਹਾਂ ਯਤਨਾਂ ਨੂੰ ਜਾਰੀ ਰੱਖਣ ਦੀ ਆਪਣੀ ਵਚਨਬੱਧਤਾ ਦੁਹਰਾਈ।

ਉਨ੍ਹਾਂ ਕਿਹਾ ਕਿ ਸਿਰਫ਼ 30 ਦਿਨਾਂ ਵਿੱਚ 14 ਭਗੌੜੇ ਅਪਰਾਧੀਆਂ ਦੀ ਗ੍ਰਿਫ਼ਤਾਰੀ ਕਮਿਸ਼ਨਰੇਟ ਪੁਲਿਸ ਜਲੰਧਰ ਦੇ ਸਮਰਪਿਤ ਯਤਨਾਂ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਕਿ ਕਾਨੂੰਨ ਤੋਂ ਬਚਣਾ ਕੋਈ ਵਿਕਲਪ ਨਹੀਂ ਹੈ, ਕਾਨੂੰਨੀ ਕਾਰਵਾਈ ਤੋਂ ਬਚਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ।

# ਬਾਬਾ ਸਾਹਿਬ ਅੰਬੇਦਕਰ ਦੇ ਬੁੱਤਾਂ ਦੀ ਸੁਰੱਖਿਆ ਵਧਾਏ ਪੰਜਾਬ ਸਰਕਾਰ : ਡਿੰਪੀ ਚੌਹਾਨ

**ਅੰਮ੍ਰਿਤਸਰ**

ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਨੇ ਜਲੰਧਰ ਦੇ ਫਿਲੌਰ ਵਿਖੇ ਰਾਧਾ ਸੁਆਮੀ ਕਲੋਣੀ ਵਿੱਚ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਦਕਰ ਦੇ ਬੁੱਤ ਉੱਪਰ ਕਾਲਖ ਲਾਏ ਜਾਣ ਦੀ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਆਖਿਆ ਕੀ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ। ਉਹਨਾਂ ਨੇ ਆਖਿਆ ਕਿ ਕੁਝ ਤਥਾਕਤਿਕ ਦੇਸ਼ ਵਿਰੋਧੀ ਲੋਕ ਪੰਜਾਬ ਦਾ ਸ਼ਾਂਤੀ ਭਰਿਆ ਮਾਹੌਲ ਖਰਾਬ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਡਿੰਪੀ ਚੌਹਾਨ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਲੱਗੇ ਸੰਵਿਧਾਨ ਨਿਰਮਾਤਾ ਭੀਮ ਰਾਓ ਅੰਬੇਦਕਰ ਦੇ ਬੁੱਤਾਂ ਦੀ ਸੁਰੱਖਿਆ ਨੂੰ ਵਧਾਇਆ ਜਾਵੇ। ਪੰਜਾਬ ਵਿੱਚ 6 ਜੂਨ ਨੂੰ ਘੱਲੂਘਾਰਾ ਮਨਾਇਆ ਜਾ ਰਿਹਾ ਹੈ। ਜਿਸ ਦੇ ਤਹਿਤ ਕੁਝ ਤਥਾ ਤਥਿਕ ਮਾੜੇ ਅਤੇ ਸ਼ਰਾਰਤੀ ਅਨਸਰ ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦੇ ਹਨ। ਜਿਸ ਨੂੰ ਪੰਜਾਬ ਪੁਲਿਸ ਕਦੀ ਵੀ ਕਾਮਯਾਬ



ਨਹੀਂ ਹੋਣ ਦੇਵੇਗੀ। ਡਿੰਪੀ ਚੌਹਾਨ ਨੇ ਆਖਿਆ ਕਿ ਪੰਜਾਬ ਵਿੱਚ ਹਿੰਦੂ ਸਿੱਖ ਏਕਤਾ ਨੂੰ ਤੋੜਨ ਦੀਆਂ ਕੀਤੀਆਂ ਜਾ ਰਹੀਆਂ ਸਾਜਿਸ਼ਾਂ ਕਦੇ ਵੀ ਕਾਮਯਾਬ ਨਹੀਂ ਹੋਣਗੀਆਂ। ਭੀਮ ਰਾਓ ਅੰਬੇਦਕਰ ਨੇ ਹਮੇਸ਼ਾ ਆਪਸੀ ਏਕਤਾ ਦਾ ਸੰਦੇਸ਼ ਦਿੱਤਾ ਤੇ ਭਾਰਤ ਦਾ ਸੰਵਿਧਾਨ ਲਿਖਿਆ ਜੋ ਹਰ ਭਾਰਤੀ ਨਾਗਰਿਕ ਵਾਸਤੇ ਇੱਕ ਹੈ।

# ਪ੍ਰਮੋਦ ਮਹਾਜਨ ਬਣੇ ਸੇਂਟਰਲ ਮਹਾਜਨ ਸਭਾ ਅਮ੍ਰਿਤਸਰ ਦੇ ਸੰਗਠਨ ਮੰਤਰੀ

**ਅਮ੍ਰਿਤਸਰ/ਅਰਵਿੰਦਰ ਵੜੈਚ**

ਸੇਂਟਰਲ ਮਹਾਜਨ ਸਭਾ ਅਮ੍ਰਿਤਸਰ ਦੀ ਮੀਟਿੰਗ ਪ੍ਰਧਾਨ ਸੁਨੀਲ ਮਹਾਜਨ ਪ੍ਰਧਾਨਗੀ ਹੇਠ ਮਹਾਜਨ ਹਾਲ ਕਟਰਾ ਬੱਘੀਆਂ ਵਿੱਚ ਹੋਈ। ਜਿਸ ਵਿੱਚ ਪ੍ਰਮੋਦ ਮਹਾਜਨ ਨੂੰ ਸੇਂਟਰਲ ਮਹਾਜਨ ਸਭਾ ਅਮ੍ਰਿਤਸਰ ਦਾ ਸੰਗਠਨ ਮੰਤਰੀ ਨਿਯੁਕਤ ਕੀਤਾ ਗਿਆ। ਦੱਸਦੇ ਚੱਲੀਏ ਕਿ ਪ੍ਰਮੋਦ ਮਹਾਜਨ ਵਾਰਡ ਨੰਬਰ 10 ਵਲੋਂ ਸ਼ਕਤੀ ਕੇਂਦਰ ਪ੍ਰਮੁੱਖ ਦੇ ਨਾਲ-ਨਾਲ ਨਾਰਥ ਬਾਈਪਾਸ ਮੰਡਲ ਦੇ ਉਪ-ਪ੍ਰਧਾਨ ਵੀ ਹੈ। ਵਾਰਡ ਨੰਬਰ 10 ਤੋਂ ਭਾਜਪਾ ਉਮੀਦਵਾਰ ਸ਼ਰੁਤੀ ਵਿਜ ਦੀ ਜਿੱਤ ਵਿੱਚ ਪ੍ਰਮੋਦ ਮਹਾਜਨ ਵਲੋਂ ਅਹਿਮ ਭੂਮਿਕਾ ਨਿਭਾਈ ਸੀ ਅਤੇ ਮੰਡਲ ਵਿਚ ਭਾਜਪਾ ਦੀ ਮਜ਼ਬੂਤੀ ਲਈ ਕੰਮ ਕੀਤਾ। ਇੱਥੇ ਗੱਲਬਾਤ ਦੇ ਦੌਰਾਨ ਪ੍ਰਮੋਦ ਮਹਾਜਨ ਨੇ



ਕਿਹਾ ਕਿ ਸੇਂਟਰਲ ਮਹਾਜਨ ਸਭਾ ਵਲੋਂ ਜੋ ਉਨ੍ਹਾਂ ਨੂੰ ਅਸੀ ਜਿੰਮੇਵਾਰੀ ਦਿੱਤੀ ਗਈ ਹੈ ਉਸਨੂੰ ਉਹ ਲਗਨ ਅਤੇ ਮਿਹਨਤ ਨਾਲ ਨਿਭਾਉਣਗੇ। ਮਹਾਜਨ ਸਭਾ ਦੇ ਵਿਕਾਸ ਲਈ ਉਹ ਲਗਾਤਾਰ ਕਾਰਜ ਕਰਦੇ ਰਹਿਣਗੇ। ਇਸਤੋਂ ਪਹਿਲਾਂ ਗਾਇਤਰੀ ਮੰਤਰ ਦਾ ਪਾਠ ਹੋਇਆ। ਇਸ ਦੌਰਾਨ ਅਮ੍ਰਿਤਸਰ ਦੀ ਮਹਾਜਨ ਸਭੇ ਦੇ ਪ੍ਰਧਾਨ ਅਤੇ ਮਹਾ ਮੰਤਰੀ ਵੀ ਪੁੱਜੇ। ਸੇਂਟਰਲ ਮਹਿਲਾ ਵਿੰਗ ਅਤੇ ਮਹਾਜਨ ਯੂਥ ਵਿੰਗ ਸੇਂਟਰਲ ਮਹਾਜਨ ਸਭਾ ਦੀ ਵੇਖ ਰੇਖ ਵਿੱਚ ਬਣਾਇਆ ਗਿਆ। ਨਵੇਂ ਬਣੇ ਸਾਰੇ ਮਹਾਜਨ ਭਰਾ ਭੈਣਾਂ ਨੂੰ ਸਮਾਨਿਤ ਕੀਤਾ ਗਿਆ ਅਤੇ ਜ਼ਿਆਦਾ ਤੋਂ ਜ਼ਿਆਦਾ ਮਹਾਜਨ ਪਰਵਾਰਾਂ ਨੂੰ ਨਾਲ ਲਿਆਉਣ ਦੀ ਜ਼ਿੰਮੇਦਾਰੀ ਦਿੱਤੀ ਗਈ। ਇਸ ਮੌਕੇ ਮਹਾਸਚਿਵ ਰਮਨ ਮਹਾਜਨ, ਮੀਡਿਆ ਪ੍ਰਭਾਰੀ ਸਮੀਰ ਮਹਾਜਨ ਅਤੇ ਹੋਰ ਮੌਜੂਦ ਸਨ।

# ਸਿੱਖਿਆ ਦੇ ਖੇਤਰ ਵਿੱਚ ਕੁੜੀਆਂ ਨੇ ਮੁੰਡਿਆਂ ਨੂੰ ਪਛਾੜਿਆ : ਸੁਰਿੰਦਰ ਕੌਰ ਜ਼ੀਰਾ

**ਜ਼ੀਰਾ / ਅੰਗਰੇਜ਼ ਬਰਾੜ**

ਹਰ ਸਾਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਉਂਦੇ ਦਸਵੀਂ ਅਤੇ ਬਾਰਵੀਂ ਦੇ ਨਤੀਜਿਆਂ ਵਿੱਚ ਹਮੇਸ਼ਾ ਕੁੜੀਆਂ ਮੋਹਰੀ ਹੁੰਦੀਆਂ ਹਨ। ਸਿੱਖਿਆ ਦੇ ਖੇਤਰ ਵਿੱਚ ਕੁੜੀਆਂ ਨੇ ਮੁੰਡਿਆਂ ਨੂੰ ਪਛਾੜ ਦਿੱਤਾ ਹੈ! ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮੈਡਮ ਸੁਰਿੰਦਰ ਕੌਰ ਜ਼ੀਰਾ ਨੇ ਜੀਰਾ ਵਿਖੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਜਿਲਾ ਫਿਰੋਜ਼ਪੁਰ ਦੀ ਇੱਕ ਪਲਸ ਟੂ ਦੀ ਵਿਦਿਆਰਥਣ ਸਤਵੀਰ ਕੌਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਤੀਜਿਆਂ ਵਿੱਚੋਂ ਦੂਸਰਾ ਸਥਾਨ ਪ੍ਰਾਪਤ



ਕਰਕੇ ਜਿਲਾ ਫਿਰੋਜਪੁਰ ਦਾ ਨਾਮ ਰੌਸ਼ਨ ਕੀਤਾ ਹੈ। ਉਹਨਾ ਇਹ ਵੀ ਕਿਹਾ ਕਿ ਅੱਜ ਕੁੜੀਆਂ ਸਿੱਖਿਆ ਦੇ ਨਾਲ – ਨਾਲ ਹਰ ਖੇਤਰ ਵਿੱਚ ਮੁੰਡਿਆਂ ਦੇ ਬਰਾਬਰ ਹਨ। ਉਹਨਾਂ ਕਿਹਾ ਕਿ ਅਜੋਕੇ ਯੁੱਗ ਵਿੱਚ ਕੁੜੀਆਂ ਹੋਰ ਖੇਤਰਾਂ ਦੇ ਵਿੱਚ ਆਪਣਾ ਤੇ ਆਪਣੇ ਮਾਂ ਬਾਪ ਦਾ ਨਾਮ ਰੌਸ਼ਨ ਕਰਨ ਦੇ ਨਾਲ ਪੜ੍ਹ ਲਿਖ ਕੇ ਦੇਸ਼ ਦੀ ਰੱਖਿਆ ਲਈ ਆਰਮੀ ਅਤੇ ਪੰਜਾਬ ਪੁਲਿਸ ਵਿੱਚ ਵੀ ਭਰਤੀ ਹੋ ਰਹੀਆਂ ਹਨ। ਉਹਨਾ ਅੱਗੇ ਕਿਹਾ ਕਿ ਕੁੜੀਆਂ ਪੜ੍ਹਨ ਵਿੱਚ ਮੁੰਡਿਆਂ ਨਾਲੋਂ ਹੁਸ਼ਿਆਰ ਹੁੰਦੀਆਂ ਹਨ, ਸਾਨੂੰ ਕੁੜੀਆਂ ਨੂੰ ਸਿੱਖਤ ਕਰਨ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਸੁਰਿੰਦਰ ਕੌਰ ਜੀਰਾ ਨੇ ਅੱਗੇ ਕਿਹਾ ਕਿ ਜੇਕਰ ਸਾਡੀਆਂ ਬੱਚੀਆਂ ਪੜ੍ਹ ਲਿਖ ਜਾਣਗੀਆਂ ਤਾਂ ਸਮਾਜ ਵਿੱਚ ਵੱਡਾ ਸੁਧਾਰ ਹੋਵੇਗਾ। ਉਹਨਾਂ ਕਿਹਾ ਕਿ ਅੱਜ ਦੀ ਔਰਤ ਡਾਕਟਰ, ਜੱਜ, ਅਧਿਆਪਕ, ਪੱਤਰਕਾਰ, ਐਡਵੋਕੇਟ, ਪਾਈਲਟ ਇੱਥੋਂ ਤੱਕ ਕੇ ਪ੍ਰਧਾਨ ਮੰਤਰੀ ਦੇ ਅਹੁਦੇ ਤੱਕ ਵੀ ਪਹੁੰਚ ਚੁੱਕੀ ਹੈ।

# ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਵੱਲੋਂ ਕਰਵਾਏ ਓਲੰਪੀਅਨ ਪ੍ਰਿਥੀਪਾਲ ਸਿੰਘ ਹਾਕੀ ਫੈਸਟੀਵਲ ਦਾ ਤੀਜਾ ਗੇੜ

## ਸੀਨੀਅਰ ਵਰਗ ਵਿੱਚ ਮੋਗਾ ਸੈਮੀਫਾਈਨਲ ਚ, ਗਿੱਲ ਕਲੱਬ ਘਵੱਦੀ ਅਤੇ ਅਮਰਗੜ੍ਹ ਕੁਆਰਟਰ ਫਾਈਨਲ ਵਿੱਚ ਪੁੱਜੇ

**ਲੁਧਿਆਣਾ/ਖੰਨਾ, ਲਾਲ ਸਿੰਘ ਮਾਂਗਟ**

ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਪਿੰਡ ਜਰਖੜ ਵੱਲੋਂ ਕਰਵਾਏ ਜਾ ਰਹੇ ਅੰਦਰ 15ਵੇਂ ਓਲੰਪੀਅਨ ਪ੍ਰਿੰਥੀਪਲ ਸਿੰਘ ਹਾਕੀ ਫੈਸਟੀਵਲ ਤੇ ਲੀਗ ਦੌਰ ਦੇ ਤੀਜੇ ਗੇੜ ਦੇ ਮੈਚਾਂ ਵਿੱਚ ਜਿੱਥੇ ਵਰਤਮਾਨ ਚੈਂਪੀਅਨ ਡਾਕਟਰ ਕੁਲਦੀਪ ਸਿੰਘ ਕਲੱਬ ਮੋਗਾ ਨੇ ਸੈਮੀ ਫਾਈਨਲ ਵਿੱਚ ਆਪਣੀ ਜਗ ?ਹਾ ਪੱਕੀ ਕੀਤੀ ਉਥੇ ਗਿੱਲ ਕਲੱਬ ਘਵੱਦੀ ਅਤੇ ਅਮਰਗੜ੍ਹ ਸੈਂਟਰ ਨੇ ਕੁਆਟਰ ਫਾਈਨਲ ਵਿੱਚ ਦਾਖਲਾ ਪਾਇਆ ਜਦਕਿ ਜੂਨੀਅਰ ਵਰਗ ਵਿੱਚ ਨਨਕਾਣਾ ਸਾਹਿਬ ਸਕੂਲ ਰਾਮਪੁਰ ਛੰਨਾ ਨੇ ਸੈਮੀਫਾਈਨਲ ਵਿੱਚ ਅਤੇ ਏਕ ਨੂਰ ਅਕੈਡਮੀ ਤੇਹਿੰਗ ਅਤੇ ਹੁਸ਼ਿਆਰਪੁਰ ਹਾਕੀ ਸੈਂਟਰ ਕੁਆਟਰ ਫਾਈਨਲ ਵਿੱਚ ਪੁੱਜੇ।

ਜਰਖੜ ਖੇਡ ਸਟੇਡੀਅਮ ਵਿਖੇ ਨੀਲੇ ਰੰਗ ਦੀ ਐਸਟਰੋਟਰਫ ਉੱਪਰ ਫਲੱਡ ਲਾਈਟਾਂ ਦੀ ਰੋਸ਼ਨੀ ਵਿੱਚ ਖੇਡੇ ਜਾ ਰਹੇ ਓਲੰਪੀਅਨ ਪ੍ਰਿਥੀਪਾਲ ਹਾਕੀ ਫੈਸਟੀਵਲ ਦੇ ਪਹਿਲੇ ਮੈਚ ਵਿੱਚ ਵਰਤਮਾਨ ਚੈਂਪੀਅਨ ਡਾਕਟਰ ਕੁਲਦੀਪ ਸਿੰਘ ਕਲੱਬ ਮੋਗਾ ਨੇ ਯੰਗ





ਕਲੱਬ ਉਟਾਲਾ ਨੂੰ 10 -5 ਨਾਲ ਹਰਾਇਆ । ਜੇਤੂ ਟੀਮ ਦਾ ਅੰਤਰਰਾਸ਼ਟਰੀ ਪੱਧਰ ਦਾ ਹਾਕੀ ਸਟਾਰ ਗੁਰਮੁਖ ਸਿੰਘ ÷ਡਾਬਰ ਹੀਰੋ ਆਫ ਦਾ ਮੈਚ÷ ਬਣਿਆ ਜਦ ਕਿ ਦੂਸਰੇ ਮੈਚ ਵਿੱਚ ਗਿੱਲ ਕਲੱਬ ਘਵੱਦੀ ਨੇ ਅਮਰਗੜ੍ਹ ਸੈਂਟਰ ਨੂੰ ਕਾਫੀ ਪਸੀਨਾ ਵਹਾਉਣ ਤੋਂ ਬਾਅਦ 7-6 ਗੋਲਾਂ ਨਾਲ ਹਰਾ ਕੇ ਆਪਣੀਆਂ ਜੇਤੂ ਆਸਾ ਬਰਕਰਾਰ ਰੱਖੀਆ। ਗਿੱਲ ਕਲੱਬ ਘਵੱਦੀ ਦਾ ਅਰਜਨ ਪੰਡਿਤ ਡਾਬਰ ਹੀਰੋ ਆਫ ਦਾ ਮੈਚ ਬਣਿਆ ।ਜਦਕਿ ਜੂਨੀਅਰ ਵਰਗ ਵਿੱਚ ਇਕ ਨੂਰ ਅਕੈਡਮੀ ਤੇ ਹੁਸ਼ਿਆਰਪੁਰ ਨੂੰ 1-0 ਨਾਲ ਹਰਾਇਆ । ਜੇਤੂ ਟੀਮ ਦਾ ਨਵਪ੍ਰੀਤ ਸਿੰਘ ÷ ਹੀਰੋ ਆਫ ਦਾ ਮੈਚ÷ ਬਣਿਆ । ਜੂਨੀਅਰ ਵਰਗ ਦੇ ਦੂਜੇ ਮੈਚ ਵਿੱਚ ਅਮਰਗੜ੍ਹ ਨੇ ਨਨਕਾਣਾ ਸਾਹਿਬ ਰਾਮਪੁਰ ਛੰਨਾ ਨੇ ਘਵੱਦੀ ਸਕੂਲ ਨੂੰ 3-0 ਨਾਲ ਹਰਾਇਆ ਰਾਮਪੁਰ ਦਾ ਕਰਨਪ੍ਰੀਤ ਸਿੰਘ ਡਾਬਰ ਹੀਰੋ ਆਫ ਦਾ ਮੈਚ ਬਣਿਆ। ਅੱਜ ਦੇ ਮੈਚਾਂ ਦੌਰਾਨ ਹਾਕੀ ਦੇ ਸਾਬਕਾ ਕੌਮੀ ਹਾਕੀ ਖਿਡਾਰੀ ਅਤੇ ਉੱਘੇ ਬਿਜਨਸਮੈਨ ਜਗਜੀਤ ਸਿੰਘ ਦਾਖਾ ਕਲਕੱਤੇ ਵਾਲੇ , ਅੰਤਰਰਾਸ਼ਟਰੀ ਵੇਟ ਲਿਫਟਰ ਹਰਦੀਪ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਵੱਖ ਵੱਖ ਟੀਮਾਂ ਦੇ ਨਾਲ ਜਾਣ ਪਹਿਚਾਣ ਕੀਤੀ। ਇਸ ਮੌਕੇ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ। ਇਸ ਮੌਕੇ ਕੁਲਦੀਪ ਸਿੰਘ ਘਵੱਦੀ, ਗੁਰਸਤਿੰਦਰ ਸਿੰਘ ਪਰਗਟ, ਪਰਮਜੀਤ ਸਿੰਘ ਪੰਮਾ ਗਰੇਵਾਲ, ਸ਼ਿੰਗਾਰਾ ਸਿੰਘ ਜਰਖੜ , ਅਜੀਤਪਾਲ ਸਿੰਘ ਨਾਰੰਗਵਾਲ, ਗੁਰਵਿੰਦਰ ਸਿੰਘ ਕਿਲਾ ਰਾਏਪੁਰ , ਤਜਿੰਦਰ ਸਿੰਘ ਲਾਡੀ ਸੁਧਾਰ, ਅਸ਼ਵਨੀ ਕੁਮਾਰ, ਕਰਨ ਸਿੱਧੂ, ਬਾਬਾ ਰੁਲਦਾ ਸਿੰਘ ਸਾਇਆ ਕਲਾ ਆਦਿ ਹੋਰ ਪ੍ਰਬੰਧਕ ਵਿਸ਼ੇਸ਼ ਤੌਰ ਤੇ ਹਾਜ਼ਰ ਸਮਝ। ਓਲੰਪੀਅਨ ਪ੍ਰਿਥੀਪਾਲ ਸਿੰਘ ਫੈਸਟੀਵਲ ਦੇ ਸੈਮੀ ਫਾਈਨਲ ਮੁਕਾਬਲੇ 7 ਜੂਨ ਨੂੰ ਅਤੇ ਫਾਈਨਲ 8 ਜੂਨ ਨੂੰ ਹੋਵੇਗਾ। 15ਵੇਂ ਓਲੰਪੀਅਨ ਪ੍ਰਿੰਥੀਪਲ ਸਿੰਘ ਹਾਕੀ ਫੈਸਟੀਵਲ ਤੇ ਲੀਗ ਦੌਰ ਦੇ ਤੀਜੇ ਗੇੜ ਦੇ ਮੈਚਾਂ ਵਿੱਚ ਜਿੱਥੇ ਵਰਤਮਾਨ ਚੈਂਪੀਅਨ ਡਾਕਟਰ ਕੁਲਦੀਪ ਸਿੰਘ ਕਲੱਬ ਮੋਗਾ ਨੇ ਸੈਮੀ ਫਾਈਨਲ ਵਿੱਚ ਆਪਣੀ ਜਗ ?ਹਾ ਪੱਕੀ ਕੀਤੀ ਉਥੇ ਗਿੱਲ ਕਲੱਬ ਘਵੱਦੀ ਅਤੇ ਅਮਰਗੜ੍ਹ ਸੈਂਟਰ ਨੇ ਕੁਆਟਰ ਫਾਈਨਲ ਵਿੱਚ ਦਾਖਲਾ ਪਾਇਆ ਜਦਕਿ ਜੂਨੀਅਰ ਵਰਗ ਵਿੱਚ ਨਨਕਾਣਾ ਸਾਹਿਬ ਸਕੂਲ ਰਾਮਪੁਰ ਛੰਨਾ ਨੇ ਸੈਮੀਫਾਈਨਲ ਵਿੱਚ ਅਤੇ ਏਕ ਨੂਰ ਅਕੈਡਮੀ ਤੇਹਿੰਗ ਅਤੇ ਹੁਸ਼ਿਆਰਪੁਰ ਹਾਕੀ ਸੈਂਟਰ ਕੁਆਟਰ ਫਾਈਨਲ ਵਿੱਚ ਪੁੱਜੇ।

ਅੱਜ ਦੇ ਮੈਚਾਂ ਦੌਰਾਨ ਹਾਕੀ ਦੇ ਸਾਬਕਾ ਕੌਮੀ ਹਾਕੀ ਖਿਡਾਰੀ ਅਤੇ ਉੱਘੇ ਬਿਜਨਸਮੈਨ ਜਗਜੀਤ ਸਿੰਘ ਦਾਖਾ ਕਲਕੱਤੇ ਵਾਲੇ , ਅੰਤਰਰਾਸ਼ਟਰੀ ਵੇਟ ਲਿਫਟਰ ਹਰਦੀਪ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਵੱਖ ਵੱਖ ਟੀਮਾਂ ਦੇ ਨਾਲ ਜਾਣ ਪਹਿਚਾਣ ਕੀਤੀ।

ਇਸ ਮੌਕੇ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ। ਇਸ ਮੌਕੇ ਕੁਲਦੀਪ ਸਿੰਘ ਘਵੱਦੀ, ਗੁਰਸਤਿੰਦਰ ਸਿੰਘ ਪਰਗਟ, ਪਰਮਜੀਤ ਸਿੰਘ ਪੰਮਾ ਗਰੇਵਾਲ, ਸ਼ਿੰਗਾਰਾ ਸਿੰਘ ਜਰਖੜ , ਅਜੀਤਪਾਲ ਸਿੰਘ ਨਾਰੰਗਵਾਲ, ਗੁਰਵਿੰਦਰ ਸਿੰਘ ਕਿਲਾ ਰਾਏਪੁਰ , ਤਜਿੰਦਰ ਸਿੰਘ ਲਾਡੀ ਸੁਧਾਰ, ਅਸ਼ਵਨੀ ਕੁਮਾਰ, ਕਰਨ ਸਿੱਧੂ, ਬਾਬਾ ਰੁਲਦਾ ਸਿੰਘ ਸਾਇਆ ਕਲਾ ਆਦਿ ਹੋਰ ਪ੍ਰਬੰਧਕ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।ਓਲੰਪੀਅਨ ਪ੍ਰਿਥੀਪਾਲ ਸਿੰਘ ਫੈਸਟੀਵਲ ਦੇ ਸੈਮੀ ਫਾਈਨਲ ਮੁਕਾਬਲੇ 7 ਜੂਨ ਨੂੰ ਅਤੇ ਫਾਈਨਲ 8 ਜੂਨ ਨੂੰ ਹੋਵੇਗਾ।

# ਪੰਜਾਬ ਵਿੱਚ ਨਸ਼ੇ ਅਤੇ ਭ੍ਰਿਸ਼ਟਾਚਾਰ ਖਤਮ ਕਰਨ ’ਚ ਆਪ ਸਰਕਾਰ ਬੁਰੀ ਤਰ੍ਹਾ ਫੇਲ੍ਹ ਹੋਈ -ਇੰਜੀ: ਸੇਰਗਿੱਲ

**ਸ੍ਰੀ ਅੰਮ੍ਰਿਤਸਰ ਸਾਹਿਬ/ਬਿਊਰੋ**

ਅਧਿਕਾਰ ਸ਼ੰਘਰਸ਼ ਪਾਰਟੀ ਦੀ ਮੀਟਿੰਗ ਕਸਬਾ ਰਾਜਾਸਾਂਸੀ ਵਿੱਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਇੰਜੀ: ਗੁਰਬਖਸ਼ ਸਿੰਘ ਸ਼ੇਰਗਿੱਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੁਖਦੇਵ ਸਿੰਘ ਰਾਜਾਸਾਸੀ ਨੂੰ ਅਧਿਕਾਰ ਸੰਘਰਸ਼ ਪਾਰਟੀ ਵੱਲੋਂ ਅੰਮ੍ਰਿਤਸਰ ਦਿਹਾਤੀ ਜਿਲੇ ਦਾ ਪ੍ਰਧਾਨ ਅਤੇ ਸਬ ਇੰਸਪੈਕਟਰ ਸੁਲੱਖਣ ਸਿੰਘ ਨਾਗ ਨੂੰ ਜਿਲੇ ਦਾ ਜਰਨਲ ਸਕੱਤਰ ਨਿਯੁਕਤ ਕੀਤਾ ਗਿਆ ਮੀਟਿੰਗ ਵਿੱਚ ਪਾਰਟੀ ਦੇ ਕੌਮੀ ਸਕੱਤਰ ਜਗਜੀਤ ਸਿੰਘ ਬਿਲਾ,ਪਾਰਟੀ ਦੇ ਕੌਮੀ ਯੂਥ ਪ੍ਰਧਾਨ ਸਮਸ਼ੇਰ ਸਿੰਘ ਸ਼ੇਰਾ,ਇੰਜੀ: ਡੀ ਪੀ ਸਹੋਤਾ ਉਚੇਚੇ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜੀ: ਸ਼ੇਰਗਿੱਲ ਨੇ ਕਿਹਾ ਕਿ ਨਸ਼ਿਆ ਵਿਰੁੱਧ ਮੁਹਿੰਮ ਅਤੇ ਭ੍ਰਿਸ਼ਟਾਚਾਰ ਖਤਮ ਕਰਨ ਵਿੱਚ ਭਗਵੰਤ ਮਾਨ ਸਰਕਾਰ ਬੁਰੀ ਤਰ੍ਹਾ ਨਕਾਮ ਰਹੀ ਹੈ। ਕੇਂਦਰ ਸਰਕਾਰ ਦੀ ਗੱਲ ਕਰਦਿਆ ਸ਼ੇਰਗਿੱਲ ਨੇ ਕਿਹਾ ਕਿ ਮੋਦੀ ਸਰਕਾਰ



ਪੰਜਾਬ ਨੂੰ ਕੰਮਜੋਰ ਕਰਨ ਲਈ ਹਰ ਹੀਲਾ ਵਰਤ ਰਹੀ ਹੈ। ਇਕ ਸਾਜਿਸ਼ ਤਹਿਤ ਵਾਹਗਾ ਬਾਰਡਰ ਤੋਂ ਵਪਾਰ ਬੰਦ ਕਰਕੇ ਰਾਜਸਥਾਨ ਅਤੇ ਗੁਜਰਾਤ ਬਾਰਡਰਜ ਤੇ ਵਪਾਰ ਆਮ ਵਾਂਗ ਹੋ ਰਿਹਾ ਹੈ। ਪਾਰਟੀ ਦੇ ਕੌਮੀ ਸਕੱਤਰ ਬਿੱਲਾ ਨੇ ਕਿਹਾ ਕਿ ਪਾਰਟੀ ਨੂੰ ਹੋਂਦ ਵਿੱਚ ਆਇਆਂ ਅੱਜ 83 ਦਿਨ ਹੋਏ ਹਨ,ਪਾਰਟੀ ਪੰਜਾਬ ’ਚ ਵਿਧਾਨ ਸਭਾ ਦੀਆਂ 12 ਸੀਟਾਂ ਮਾਲਵਾ,5 ਸੀਟਾਂ ਮਾਝਾ ਅਤੇ 2 ਸੀਟਾਂ ਦੁਆਬਾ ਦੀਆਂ ਤੇ ਆਪਣੇ ਮਜਬੂਰ ਦਾਅਵੇਦਾਰਾਂ ਨੂੰ ਉਤਾਰਨ ਦਾ ਪ੍ਰੋਗਰਾਮ ਦੇ ਚੁੱਕੀ ਹੈ। ਕੌਮੀ ਯੂਥ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਦੇ ਵੱਡੇ ਸੁਦਾਗਰਾਂ ਨੂੰ ਫੜਨ ਵਿੱਚ ਨਾਕਾਮ ਰਹੀ ਹੈ। ਇਸ ਮੌਕੇ ਨਵ-ਨਿਯੁਕਤ ਹੋਏ ਜਿਲਾ ਪ੍ਰਧਾਨ ਸੁਖਦੇਵ ਸਿੰਘ ਨੇ ਪਾਰਟੀ ਦਾ ਧੰਨਵਾਦ ਕਰਦਿਆ ਕਿਹਾ ਕਿ ਪਾਰਟੀ ਵੱਲੋ ਸੌਂਪੀ ਗਈ ਜਿੰਮੇਵਾਰ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਯਤਨ ਕਰਨਗੇ ਤਾਂ ਜੋ ਪਿੰਡ ਪੱਧਰ ਤੱਕ ਪਾਰਟੀ ਨੂੰ ਮਜਬੂਤ ਕੀਤਾ ਜਾ ਸਕੇ ।

# ਰੀਅਲਮੀ ਜੀਟੀ 7 ਸੀਰੀਜ ਭਾਰਤ ’ਚ ਹੋਇਆ ਲਾਂਚ

**ਅੰਮ੍ਰਿਤਸਰ**

ਭਾਰਤੀ ਨੌਜਵਾਨਾਂ ਦੇ ਸਭ ਤੋਂ ਪਸੰਦੀਦਾ ਸਮਾਰਟਫੋਨ ਬ੍ਰਾਂਡ, ਰੀਅਲਮੀ ਨੇ ਅੱਜ ਭਾਰਤ ’ਚ ਆਪਣੀ ਰੀਅਲਮੀ ਜੀਟੀ 7 ਸੀਰੀਜ ਪੇਸ਼ ਕੀਤੀ ‚ ਇਹ ਲਾਂਚ ਪੈਰਿਸ ’ਚ ਇਸਦੇ ਗਲੋਬਲ ਲਾਂਚ ਦੇ ਨਾਲ ਕੀਤਾ ਗਿਆ ਹੈ‚ ਇਸ ਸੀਰੀਜ ਦਾ ਮੁੱਖ ਆਕਰਸ਼ਣ ਰੀਅਲਮੀ ਜੀਟੀ 7 ਡ ?ਰੀਮ ਐਡਿਸ਼ਨ ਹੈ, ਜਿਹੜਾ ਐਸਟਨ ਮਾਰਟਿਨ ਫਾਰਮੂਲਾ ਵਨ ਟੀਮ ਦੇ ਨਾਲ ਮਿਲ ਕੇ ਬਣਾਇਆ ਗਿਆ ਹੈ‚ ਇਹ ਏਐਮਐਫ1 ਦੇ ਨਾਲ ਕੋ ਬ੍ਰਾਂਡਿੰਗ ਵਾਲਾ ਪਹਿਲਾ ਅਧਿਕਾਰਕ ਸਮਾਰਟਫੋਨ ਹੈ‚ ਰੀਅਲਮੀ ਜੀਟੀ 7 ਸੀਰੀਜ ’ਚ ਅਨੇਕ ਅਤਿਅਧੁਨਿਕ ਫੀਚਰਸ ਅਤੇ ਪਰਫਾਰਮੈਂਸ ਅਪਗ੍ਰੇਡ ਦਿੱਤੇ ਗਏ ਹਨ‚ ਇਹ ਭਾਰਤੀ ਯੂਜਰਸ ਦੇ ਲਈ ਫਲੈਗਸ਼ਿਪ ਸਮਾਰਟਫੋਨ ਦੇ ਅਨੁਭਵ ਨੂੰ ਪਰਿਭਾਸ਼ਿਤ ਕਰਨ ਦੇ ਵੱਲ ਰੀਅਲਮੀ ਦਾ ਹੁਣ ਤੱਕ ਦਾ ਸਭ ਤੋਂ ਸਾਹਸੀ ਕਦਮ ਹੈ‚ ਇਸ ਲਾਂਚ ਦੇ ਬਾਰੇ ’ਚ ਰੀਅਲਮੀ ਦੇ ਬੁਲਾਰੇ ਨੇ ਕਿਹਾ, ’ਰੀਅਲਮੀ ਜੀਟੀ 7 ਸੀਰੀਜ ਦੇ ਨਾਲ ਅਸੀਂ 2025 ’ਚ ਫਲੈਗਸ਼ਿਪ ਕਿੱਲਰ



ਦੀ ਪਰਿਭਾਸ਼ਾ ਨੂੰ ਫਿਰ ਤੋਂ ਪਰਿਭਾਸ਼ਿਤ ਕਰ ਰਹੇ ਹਾਂ‚ ਇਹ ਸਿਰਫ ਟਾਪ ਖਾਸੀਅਤਾਂ ਦੇ ਬਾਰੇ ’ਚ ਨਹੀਂ ਹੈ, ਸਗੋਂ ਇਹ ਇੱਕ ਸੰਪੂਰਣ ਅਨੁਭਵ ਪ੍ਰਦਾਨ ਕਰਨ ਦੇ ਬਾਰੇ ’ਚ ਹੈ, ਜਿਸ ’ਚ ਅੱਜ ਦੇ ਨੌਜਵਾਨਾਂ ਦੀ ਪਸੰਦ ਦੇ ਅਨੁਰੂਪ ਜਬਰਦਸਤ ਪਾਵਰ, ਇੰਟੈਲੀਜੈਂਸ ਅਤੇ ਕ੍ਰਾਫਟਸਮੈਨਸ਼ਿਪ ਹੋਵੇ‚ ਐਸਟਨ ਮਾਰਟਿਨ ਫਾਰਮੂਲਾ ਵਨ ਟੀਮ ਦੇ ਨਾਲ ਮਿਲ ਕੇ ਬਣਾਏ ਗਏ ਸਾਡੇ ਡ ?ਰੀਮ ਐਡਿਸ਼ਨ ਤੋਂ ਲੈ ਕੇ ਏਆਈ ਪਲਾਨਰ ਅਤੇ ਆਈਸ ਸੈਂਸ ਗ੍ਰੇਫੀਨ ਕੂ ?ਲਿੰਗ ਜਿਹੇ ਇਨੋਵੇਸ਼ੰਜ ਤੱਕ ਅਸੀਂ ਹਰ ਪਹਿਲੂ ’ਚ ਆਪਣੀਆਂ ਹੱਦਾਂ ਨੂੰ ਵਧਾਇਆ ਹੈ‚ ਜੀਟੀ 7 ਸੀਰੀਜ ਅਤਿਅਧੁਨਿਕ ਟੈਕਨੋਲਾਜੀ ਅਤੇ ਪ੍ਰੀਮੀਅਮ ਅਨੁਭਵ ਪੂਰੇ ਜਨਸਮੂਹ ਤੱਕ ਪਹੁੰਚਾਉਣ ਦੇ ਸਾਡੇ ਸਫਰ ’ਚ ਇੱਕ ਸਾਹਸੀ ਕਦਮ ਹੈ, ਤਾਂ ਕਿ ਹਰ ਵਿਅਕਤੀ ਅਸਾਨੀ ਨਾਲ ਸ਼ਾਨਦਾਰ ਪਰਫਾਰਮੈਂਸ ਪ੍ਰਾਪਤ ਕਰ ਸਕੇ‚’ ਅਨੁਜ ਸਿਧਾਰਥ, ਡਾਇਰੈਕਟਰ, ਮਾਰਕੀਟਿੰਗ ਅਤੇ ਕਾਰਪੋਰੇਟ ਕਮਿਊਨੀਕੇਸ਼ੰਜ, ਮੀਡੀਆਟੇਕ ਨੇ ਕਿਹਾ, ’ਜੀਟੀ 7 ਦੇ ਲਈ ਰੀਅਲਮੀ ਦੇ ਨਾਲ ਸਾਡਾ ਸਹਿਯੋਗ ਫਲੈਗਸ਼ਿਪ ਇਨੋਵੇਸ਼ਨ ਨੂੰ ਭਾਰਤੀ ਗ੍ਰਾਹਕਾਂ ਤੱਕ ਪਹੁੰਚਾਉਣ ਦੀ ਸਾਡੀ ਵਚਨਬੱਧਤਾ ਪ੍ਰਦਰਸ਼ਿਤ ਕਰਦਾ ਹੈ‚ ਭਾਰਤ ’ਚ ਮੀਡੀਆਟੇਕ ਡਾਯਮੈਂਸਿਟੀ 9400ਈ ਦੇ ਨਾਲ ਪਹਿਲੇ ਸਮਾਰਟਫੋਨ ਦੇ ਰੂਪ ’ਚ ਇਹ ਲਾਂਚ ਭਾਰਤ ਤੇ ਕੇਂਦਰਿਤ ਸਾਡੇ ਦਿ ?ਸ਼ਟੀਕੋਣ ਦੀ ਇੱਕ ਵੱਡੀ ਕਾਮਯਾਬੀ ਹੈ‚ 4ਐਨਐਮ ਆਲ ਬਿੱਗ ਕੋਰ ਮੀਡੀਆਟੇਕ ਡਾਯਮੈਂਸਿਟੀ 9400ਈ ’ਚ ਕਾਰਟੇਕਸ ਐਕਸ4 ਕੋਰ ਅਤੇ ਸ਼ਕਤੀਸ਼ਾਲੀ ਇਮੋਰਟਲਿਸ ਜੀ720 ਐਮਸੀ12 ਜੀਪੀਯੂ ਦੀ ਵਰਤੋਂ ਕੀਤੀ ਗਈ ਹੈ, ਜਿਸ ਨਾਲ ਬਹੁਤ ਸਮਾਰਟ, ਰਿਸਪਾਂਸਿਵ ਅਤੇ ਪਾਵਰ ਐਫੀਸ਼ਿਐਂਟ ਅਨੁਭਵ ਪ੍ਰਾਪਤ ਹੁੰਦਾ ਹੈ, ਜਿਹੜਾ ਅੱਜ ਦੇ ਯੂਜਰਸ ਦੀਆਂ ਅਸਲੀ ਜਰੂਰਤਾਂ ਦੇ ਅਨੁਰੂਪ ਹੈ‚’

# ਪਿੰਡ ਹਰੀਪੁਰ ਹਿੰਦੂਆ ਵਿਖੇ ਵਿਸ਼ਵ ਤੰਬਾਕੂ ਦਿਵਸ ਮੌਕੇ ਕਰਵਾਈ ਐਥਲੈਟਿਕਸ ਮੀਟ

**ਡੇਰਾਬੱਸੀ/ਅਸ਼ੋਕ ਜੋਸ਼ੀ**

ਵਿਸ਼ਵ ਤੰਬਾਕੂ ਦਿਵਸ ਮੌਕੇ ਨੌਜਵਾਨਾਂ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦਾ ਉਪਰਾਲਾ ÷ਵਣ ਮਿੱਤਰ ਟੀਮ ਸੋਸਾਇਟੀ÷ ਪਿੰਡ ਹਰੀਪੁਰ ਹਿੰਦੂਆਂ ਦੇ ਪ੍ਰਬੰਧਨ ਹੇਠ ਐਥਲੈਟਿਕਸ ਮੀਟ ਕਰਵਾਈ ਗਈ। ਅਲੱਗ ਅਲੱਗ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਇਲਾਕੇ ਦੇ 100 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਖਿਡਾਰੀਆਂ ਨੇ ਆਪਣੀ ਕਲਾ ਦੇ ਜੌਹਰ ਦਿਖਾਏ। ਜਿਸ ਵਿੱਚ ਆਲ ਓਪਨ 1600 ਮੀਟਰ ਦੌੜ ਵਿੱਚ ਆਰੀਅਨ ਨੇ ਪਹਿਲੇ ਸਥਾਨ, ਦਲਜੀਤ ਸਿੰਘ ਨੇ ਦੂਜਾ ਅਤੇ ਲਛਮਣ ਨੇ ਤੀਜਾ ਸਥਾਨ ਹਾਸਲ ਕੀਤਾ। ਲੰਮੀ ਛਾਲ ਵਿੱਚ ਸ਼ੁਭਮ ਹਰੀਪੁਰ ਹਿੰਦੂਆਂ ਦਾ ਪਹਿਲਾ ਸਥਾਨ, ਲਛਮਣ ਨੇ ਦੂਜਾ ਅਤੇ ਇਰਫਾਨ ਖਾਨ ਹਰੀਪੁਰ ਹਿੰਦੂਆਂ



ਨੇ ਤੀਜਾ ਸਥਾਨ ਹਾਸਲ ਕੀਤਾ। 1600 ਮੀਟਰ ਅੰਡਰ 17 ਵਿੱਚ ਇੰਦਰਜੀਤ ਈਸਾਪੁਰ ਨੇ ਪਹਿਲਾ ਸਥਾਨ, ਲਕਸ਼ੇ ਨੇ ਦੂਜਾ ਅਤੇ ਨਿਤੀਸ਼ ਨੇ ਤੀਜਾ ਸਥਾਨ ਹਾਸਲ ਕੀਤਾ। 800 ਮੀਟਰ ਦੌੜ ਅੰਡਰ 15 ਵਿੱਚ ਭਾਸਕਰ ਹਰੀਪੁਰ ਹਿੰਦੂਆਂ ਨੇ ਪਹਿਲਾ ਸਥਾਨ, ਪੁਨੀਤ ਨੇ ਦੂਜਾ ਅਤੇ ਕਰਨਬੀਰ ਹੈਬਤਪੁਰ ਨੇ ਤੀਜਾ ਸਥਾਨ ਹਾਸਲ ਕੀਤਾ ਹੈ।

ਲੰਮੀ ਛਾਲ ਅੰਡਰ 15 ਵਿੱਚ ਪੁਨੀਤ ਨੇ ਪਹਿਲਾ ਸਥਾਨ, ਭਾਸਕਰ ਨੇ ਦੂਜਾ ਅਤੇ ਕਰਨਬੀਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਤੇ ਮੁੱਖ ਮਹਿਮਾਨ ਵਜੋਂ ਰਾਮ ਕੁਮਾਰ, ਰਾਮਗੜ੍ਹ ਅਤੇ ਰਾਮ ਕੁਮਾਰ ਫੌਜੀ ਐੱਸ ਆਈ ਸੀਆਰਪੀਐੱਫ ਨੇ ਪਹੁੰਚ ਕੇ ਪ੍ਰੋਗਰਾਮ ਸ਼ੁਰੂ ਕਰਵਾਇਆ। ਇਸ ਮੌਕੇ ਤੇ ਵਣ ਮਿੱਤਰ ਟੀਮ ਸੋਸਾਇਟੀ ਦੇ ਪ੍ਰਧਾਨ ਬਲਕਾਰ ਸਿੰਘ ਦੇ ਨਾਲ ਹੋਰ ਟੀਮ ਮੈਂਬਰ ਵੀ ਪ੍ਰੋਗਰਾਮ ਦੌਰਾਨ ਮੌਜੂਦ ਸਨ

# ਸਕੂਲ ਆਫ ਐਮੀਨੈਂਸ ਬਨੂੜ ਦੇ ਵਿਦਿਅਕ ਅਤੇ ਸਹਿ ਅਕਾਦਮਿਕ ਕਿਰਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ

**ਜ਼ੀਰਕਪੁਰ/ਅਸ਼ੋਕ ਜੋਸ਼ੀ**

ਸਕੂਲ ਆਫ ਐਮੀਨੈਂਸ, ਬਨੂੜ ਵਿਖੇ ਅੱਜ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਕਾਦਮਿਕ ਅਤੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਪ੍ਰਿੰਸੀਪਲ ਅਨੀਤਾ ਭਾਰਦਵਾਜ ਨੇ ਸਮਾਰੋਹ ਦੌਰਾਨ ਆਪਣੇ ਵਿਚਾਰ ਪ੍ਰਗਟ ਕਰਦਿਆਂ ਸਾਰੇ ਮਹਿਮਾਨਾਂ, ਮਾਪਿਆਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਅਹਿਮ ਭੂਮਿਕਾ ਨਾਲ ਹੀ ਸਕੂਲ ਦਾ ਵਿਦਿਅਕ ਮਾਹੌਲ ਨਿਖਰ ਰਿਹਾ ਹੈ ਅਤੇ ਅਜਿਹੇ ਸਮਾਰੋਹ ਵਿਦਿਆਰਥੀਆਂ ਨੂੰ ਹੋਰ ਉਤਸ਼ਾਹਤ ਕਰਦੇ ਹਨ।

ਸਾਲ 2024-25 ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਅੱਠਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਸਾਰੇ ਸ਼ੈਕਸ਼ਨਾਂ ਵਿਚੋਂ ਸ਼ੈਕਸ਼ਨ ਵਾਇਜ਼ ਪਹਿਲੇ, ਦੂਜੇ



ਅਤੇ ਤੀਸਰੇ ਸਥਾਨ ਤੇ ਰਹਿਣ ਵਾਲੇ 100 ਦੇ ਕਰੀਬ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਲ 2024-25 ਦੌਰਾਨ ਖੇਡਾਂ ਵਿੱਚ ਜ਼ਿਲ੍ਹਾ ਪੱਧਰ ਤੇ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ-ਚਿੰਨ੍ਹ ਦਿੱਤੇ ਗਏ।

ਇਸ ਮੌਕੇ ਮੌਜੂਦ ਮਾਪਿਆਂ ਨੇ ਵੀ ਸਕੂਲ ਦੇ ਅਧਿਆਪਕਾਂ ਅਤੇ ਪ੍ਰਬੰਧਨ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੇ ਕਾਰਜਕ੍ਰਮਾਂ ਰਾਹੀਂ ਬੱਚਿਆਂ ਵਿੱਚ ਆਤਮ ਵਿਸ਼ਵਾਸ ਪੈਦਾ ਹੁੰਦਾ ਹੈ। ਸਮਾਪਨ ’ਤੇ ਸਕੂਲ ਵੱਲੋਂ ਸਾਰੇ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਵਿਜੇ ਮੈਨਰੋ, ਸਿੱਖਿਆ ਕੋਆਰਡੀਨੇਟਰ ਕਮ ਮਾਸਟਰ ਟਰੇਨਰ ਮਾਲਵਾ ਜ਼ੋਨ ਤੇ ਰਾਜਿੰਦਰ ਸਿੰਘ ਚਾਨੀ ਸਮਾਜ ਸੇਵੀ ਨੇ ਵਿਦਿਆਰਥੀਆਂ ਨੂੰ ਲਗਨ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸਮਾਰੋਹ ਦੌਰਾਨ ਪ੍ਰਿੰਸੀਪਲ ਅਨੀਤਾ ਭਾਰਦਵਾਜ, ਅੰਗ੍ਰੇਜ਼ੀ ਲੈਕਚਰਾਰ ਬਿੰਦੂ ਸਿੰਗਲਾ, ਬਾਇਓ ਲੈਕਚਰਾਰ ਮੰਜੂ ਤਿਵਾੜੀ, ਕਾਮਰਸ ਲੈਕਚਰਾਰ ਨਵਦੀਪ ਕੁਮਾਰ, ਹਿਸਟਰੀ ਲੈਕਚਰਾਰ ਅਸ਼ਵਿੰਦਰ ਕੌਰ, ਪੋਲੀਟੀਕਲ ਸਾਇੰਸ ਲੈਕਚਰਾਰ ਮੀਨਾਕਸ਼ੀ ਬਜਾਜ, ਮੈਥ ਮਾਸਟਰ ਗੁਰਸ਼ਰਨ ਸਿੰਘ, ਮੈਥ ਮਿਸਟ ?ਰੈਸ ਹਰਸਿਮਰਨ ਕੌਰ, ਸਾਇੰਸ ਮਿਸਟ ?ਰੈਸ ਸੁਖਵਿੰਦਰ ਕੌਰ, ਸਾਇੰਸ ਮਿਸਟ ?ਰੈਸ ਰਚਨਾ ਛਾਬੜਾ, ਕੁਲਵਿੰਦਰ ਲੱਕੀ ਆਪ ਆਗੂ ਅਤੇ ਹੋਰ ਮੈਂਬਰ ਵੀ ਮੌਜੂਦ ਸਨ।